**ਜਰੂਰੀ ਸੂਚਨਾ**

ਮਾਲਵਾ ਬਾਣੀ ਵਿੱਚ ਆਪਣੇ ਸ਼ਹਿਰ ਦੀ ਖਬਰ ਭੇਜਣ ਜਾਂ ਇਸ਼ਤਿਹਾਰ ਦੇਣ ਸੰਬੰਧੀ ਹੇਠ ਲਿਖੇ ਨੰਬਰਾਂ ਤੇ ਸੰਪਰਕ ਕੀਤਾ ਜਾਵੇ।

ਮੋ: 78890-72071, 96539-55551

Rni.PUNPUN/2022/85964

# ਮਾਲਵਾ ਬਾਣੀ

E.mail. malwabani2021@gmail.com

ਸਾਲ 5 ▪ ਅੰਕ 73 ▪ 11 ਜੂਨ 2026 ▪ ਵੀਰਵਾਰ ▪ ਸਫ਼ੇ 6 ▪ ਮੁੱਲ 2 ਰੁਪਏ ▪ ਸ੍ਰੀ ਮੁਕਤਸਰ ਸਾਹਿਬ

**ਪੱਤਰਕਾਰਾਂ ਦੀ ਲੋੜ ਹੈ**

ਸ੍ਰੀ ਮੁਕਤਸਰ ਸਾਹਿਬ ਤੋਂ ਰੋਜਾਨਾ ਪ੍ਰਕਾਸ਼ਿਤ ਹੁੰਦੇ ਮਾਲਵਾ ਬਾਣੀ ਅਖਬਾਰ ਨੂੰ ਵੱਖ ਵੱਖ ਜਿਲ੍ਹਿਆਂ ਵਿੱਚੋਂ ਪੱਤਰਕਾਰਾਂ ਦੀ ਲੋੜ ਹੈ। ਚਾਹਵਾਨ ਪੱਤਰਕਾਰ ਬਣਨ ਲਈ ਸੰਪਰਕ ਕਰਨ।

ਮੋ. 78890-72071

## ਮੋਟਰਸਾਇਕਲ ਸਵਾਰਾਂ ਨੂੰ ਅਣਪਛਾਤੇ ਵਾਹਨ ਨੇ ਮਾਰੀ ਟੱਕਰ, 2 ਨੌਜਵਾਨਾਂ ਦੀ ਮੌਤ





**ਭੀਖੀ, 10 ਜੂਨ (ਸੰਦੀਪ ਤਾਇਲ)** ਬੀਤੀ ਸ਼ਾਮ ਸੁਨਾਮ ਰੋਡ 'ਤੇ ਬਹਾਦਰ ਸਿੰਘ ਵਾਲਾ ਡਰੇਨ ਦੇ ਨਜਦੀਕ ਇੱਕ ਅਣਪਛਾਤੇ ਵਾਹਨ ਵਲੋਂ ਮੋਟਰਸਾਇਕਲ ਰੇਹੜੀ ਨੂੰ ਟੱਕਰ ਮਾਰੇ ਜਾਣ ਨਾਲ 2 ਨੌਜਵਾਨਾਂ ਦੀ ਦਰਦਨਾਕ ਮੌਤ ਹੋ ਗਈ। ਇਕੱਤਰ ਜਾਣਕਾਰੀ ਅਨੁਸਾਰ ਨੇੜਲੇ ਪਿੰਡ ਹਮੀਰਗੜ੍ਹ ਢੈਪਈ ਦੇ ਨਿਵਾਸੀ ਰਣਇੰਦਰ ਸਿੰਘ (18) ਪੁੱਤਰ ਝੰਡਾ ਸਿੰਘ ਅਤੇ ਸੁਖਵੀਰ ਸਿੰਘ (18) ਪੁੱਤਰ ਮੱਖਣ ਸਿੰਘ ਆਪਣੇ ਮੋਟਰਸਾਇਕਲ 'ਤੇ ਪਿਛੇ ਲਗਾਈ ਰੇਹੜੀ ਵਿੱਚ ਭੀਖੀ ਤੋਂ ਕੂਲਰ ਲੈਕੇ ਪਿੰਡ ਹਮੀਰਗੜ੍ਹ ਢੈਪਈ ਵੱਲ ਜਾ ਰਹੇ ਸਨ ਤਾਂ ਅਚਾਨਕ ਡਰੇਨ ਪੁਲ ਕੋਲ ਸੁਨਾਮ ਵੱਲ ਜਾ ਰਹੇ ਇੱਕ ਅਣਪਛਾਤੇ ਵਾਹਨ ਨੇ ਉਨਾਂ ਨੂੰ ਪਿਛੋਂ ਟੱਕਰ ਮਾਰ ਦਿੱਤੀ ਅਤੇ ਵਾਹਨ ਚਾਲਕ ਮੌਕੇ ਤੋਂ ਵਾਹਨ ਸਮੇਤ ਫਰਾਰ ਹੋ ਗਿਆ। ਮੋਟਰਸਾਇਕਲ ਸਵਾਰਾਂ ਨੂੰ ਸਥਾਨਕ ਲੋਕਾਂ ਵਲੋਂ ਇਲਾਜ ਲਈ ਸਿਵਲ ਹਸਪਤਾਲ ਮਾਨਸਾ ਵਿਖੇ ਭੇਜਿਆ ਗਿਆ ਜਿਥੇ ਉਨਾਂ ਨੂੰ ਮ੍ਰਿਤਕ ਕਰਾਰ ਦੇ ਦਿੱਤਾ। ਮਰਹੂਮ ਸੁਖਬੀਰ ਸਿੰਘ ਤਿੰਨ ਭੈਣਾਂ ਦਾ ਇੱਕਲੌਤਾ ਭਰਾ ਸੀ ਜਦੋਂ ਕਿ ਰਣਇੰਦਰ ਸਿੰਘ ਹੋਰੀਂ 2 ਭਰਾ ਸਨ। ਭੀਖੀ ਪੁਲਿਸ ਦੇ ਏ.ਐਸ.ਆਈ. ਗੁਰਚਰਨ ਸਿੰਘ ਨੇ ਦੱਸਿਆ ਕਿ ਅਣਪਛਾਤੇ ਵਾਹਨ ਚਾਲਕ ਵਿਰੁੱਧ ਮੁਕੱਦਮਾ ਦਰਜ ਕਰ ਲਿਆ ਗਿਆ ਹੈ ਅਤੇ ਪੋਸਟ ਮਾਰਟਮ ਕਰਵਾਉਣ ਤੋਂ ਬਾਅਦ ਲਾਸ਼ਾਂ ਨੂੰ ਵਾਰਿਸਾਂ ਨੂੰ ਸੌਂਪ ਦਿੱਤਾ ਗਿਆ।

## ਤਾਜ ਹੋਟਲ 'ਤੇ ਪੁਲਿਸ ਦੀ ਰੇਡ, 8 ਜੋੜੇ ਅਤੇ ਮੈਨੇਜਰ ਗ੍ਰਿਫ਼ਤਾਰ





**ਸ੍ਰੀ ਮੁਕਤਸਰ ਸਾਹਿਬ, 10 ਜੂਨ (ਰਵੀਨਾ ਅਰੋੜਾ):** ਸ੍ਰੀ ਮੁਕਤਸਰ ਸਾਹਿਬ ਪੁਲਿਸ ਨੇ ਇੱਕ ਗੁਪਤ ਸੂਚਨਾ ਦੇ ਆਧਾਰ 'ਤੇ ਅਬੋਹਰ ਰੋਡ ਸਥਿਤ ਤਾਜ ਰੈਸਟੋਰੈਂਟ/ਹੋਟਲ 'ਤੇ ਰੇਡ ਕਰਕੇ 8 ਜੋੜਿਆਂ ਨੂੰ ਕਾਬੂ ਕੀਤਾ ਹੈ। ਇਸ ਕਾਰਵਾਈ ਦੌਰਾਨ ਹੋਟਲ ਦੇ ਮੈਨੇਜਰ ਗੁਲ ਮੁਹੰਮਦ ਨੂੰ ਵੀ ਗ੍ਰਿਫ਼ਤਾਰ ਕਰ ਲਿਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡੀਐਸਪੀ ਬਚਨ ਸਿੰਘ ਨੇ ਦੱਸਿਆ ਕਿ ਸਿਟੀ ਐਸਐਚ ਸ੍ਰੀ ਮੁਕਤਸਰ ਸਾਹਿਬ ਨੂੰ ਖੁਫੀਆ ਸੂਚਨਾ ਮਿਲੀ ਸੀ ਕਿ ਤਾਜ ਹੋਟਲ ਵਿੱਚ ਦੇਹ ਵਪਾਰ ਦਾ ਧੰਦਾ ਚੱਲ ਰਿਹਾ ਹੈ। ਇਸ ਸੂਚਨਾ ਦੇ ਆਧਾਰ 'ਤੇ ਪੁਲਿਸ ਦੀਆਂ ਵੱਖ-ਵੱਖ ਟੀਮਾਂ ਬਣਾਕੇ ਹੋਟਲ 'ਤੇ ਛਾਪੇਮਾਰੀ ਕੀਤੀ ਗਈ। ਰੇਡ ਦੌਰਾਨ ਹੋਟਲ ਵਿੱਚੋਂ 8 ਮਰਦ ਅਤੇ 8 ਔਰਤਾਂ, ਕੁੱਲ 8 ਜੋੜੇ, ਪਾਏ ਗਏ ਜਿਨ੍ਹਾਂ ਨੂੰ ਰਾਊਂਡਅੱਪ ਕੀਤਾ ਗਿਆ। ਇਸ ਤੋਂ ਇਲਾਵਾ ਪੁਲਿਸ ਨੇ ਉਕਤ ਹੋਟਲ ਦੇ ਮੈਨੇਜਰ ਗੁਲ ਮੁਹੰਮਦ ਨੂੰ ਵੀ ਗ੍ਰਿਫਤਾਰ ਕੀਤਾ ਹੈ। ਪੁਲਿਸ ਨੇ ਹੋਟਲ ਦੇ ਮਾਲਕ ਅਹਿਮਦ ਖਾਨ ਉਰਫ਼ ਸਮੀਰ ਵਾਸੀ ਸ੍ਰੀ ਮੁਕਤਸਰ ਸਾਹਿਬ ਅਤੇ ਮੈਨੇਜਰ ਗੁਲ ਮੁਹੰਮਦ ਵਾਸੀ ਉਤਰ ਪ੍ਰਦੇਸ਼ ਖਿਲਾਫ ਮਾਮਲਾ ਦਰਜ ਕਰ ਲਿਆ ਹੈ ਅਤੇ ਪੁੱਛਗਿੱਛ ਕੀਤੀ ਜਾ ਰਹੀ ਹੈ। ਡੀਐਸਪੀ ਨੇ ਦੱਸਿਆ ਕਿ ਇਸ ਹੋਟਲ ਬਾਰੇ ਪਹਿਲਾਂ ਵੀ ਗੁਪਤ ਸੂਚਨਾਵਾਂ ਮਿਲੀਆਂ ਸਨ ਅਤੇ ਇੱਕ-ਦੋ ਵਾਰ ਰੇਡ ਵੀ ਕੀਤੀ ਗਈ ਸੀ, ਪਰ ਉਸ ਸਮੇਂ ਕੋਈ ਸਫਲਤਾ ਨਹੀਂ ਮਿਲੀ ਸੀ। ਇਸ ਵਾਰ ਮਿਲੀ ਖੁਫੀਆ ਸੂਚਨਾ ਦੇ ਆਧਾਰ 'ਤੇ ਕੀਤੀ ਗਈ ਕਾਰਵਾਈ ਦੌਰਾਨ ਪੁਲਿਸ ਨੂੰ ਕਾਮਯਾਬੀ ਹਾਸਲ ਹੋਈ। ਉਹਨਾਂ ਦੱਸਿਆ ਕਿ ਹੋਟਲ ਦੇ ਮਾਲਕ ਨੂੰ ਵੀ ਗ੍ਰਿਫ਼ਤਾਰ ਕੀਤਾ ਜਾਵੇਗਾ ਅਤੇ ਉਸ ਤੋਂ ਪੁੱਛਗਿੱਛ ਕੀਤੀ ਜਾਵੇਗੀ। ਪੁਲਿਸ ਅਧਿਕਾਰੀ ਮੁਤਾਬਕ ਕਾਬੂ ਕੀਤੇ ਗਏ ਵਿਅਕਤੀਆਂ ਦੀ ਉਮਰ ਲਗਭਗ 35 ਤੋਂ 40 ਸਾਲ ਦੇ ਵਿਚਕਾਰ ਹੈ। ਮਾਮਲੇ ਦੀ ਜਾਂਚ ਜਾਰੀ ਹੈ ਅਤੇ ਹੋਟਲ ਦੇ ਮਾਲਕ ਦੀ ਭੂਮਿਕਾ ਦੀ ਵੀ ਪੜਤਾਲ ਕੀਤੀ ਜਾ ਰਹੀ ਹੈ। ਜਾਂਚ ਦੌਰਾਨ ਇਹ ਵੀ ਪਤਾ ਲਗਾਇਆ ਜਾਵੇਗਾ ਕਿ ਪਹਿਲਾਂ ਵੀ ਕਿਸੇ ਤਰ੍ਹਾਂ ਦੇ ਮਾਮਲੇ ਦਰਜ ਹਨ ਜਾਂ ਨਹੀਂ। ਪੁਲਿਸ ਨੇ ਕਿਹਾ ਕਿ ਸ਼ਹਿਰ ਦੇ ਹੋਰ ਹੋਟਲਾਂ ਅਤੇ ਥਾਵਾਂ 'ਤੇ ਵੀ ਖੁਫੀਆ ਨਿਗਰਾਨੀ ਰੱਖੀ ਜਾ ਰਹੀ ਹੈ ਅਤੇ ਲੋੜ ਪੈਣ 'ਤੇ ਅਜਿਹੀਆਂ ਕਾਰਵਾਈਆਂ ਅੱਗੇ ਵੀ ਜਾਰੀ ਰਹਿਣਗੀਆਂ।

## ਚੱਲਦੀ ਥਾਰ ਨੂੰ ਅਚਾਨਕ ਲੱਗੀ ਭਿਆਨਕ ਅੱਗ, ਪਰਿਵਾਰ ਵਾਲ-ਵਾਲ ਬਚਿਆ









**ਭਵਾਨੀਗੜ੍ਹ, 10 ਜੂਨ (ਰਾਜ ਖੁਰਮੀ)** ਸਥਾਨਕ ਇੱਥੋਂ ਦੇ ਨੇੜਲੇ ਪਿੰਡ ਚੰਨੋ ਕੋਲ ਬਠਿੰਡਾ-ਚੰਡੀਗੜ੍ਹ ਨੈਸ਼ਨਲ ਹਾਈਵੇ 'ਤੇ ਬੁੱਧਵਾਰ ਤੜਕੇ ਉਸ ਸਮੇਂ ਹੜਕੰਪ ਮਚ ਗਿਆ ਜਦੋਂ ਇੱਕ ਚੱਲਦੀ ਥਾਰ ਗੱਡੀ ਨੂੰ ਅਚਾਨਕ ਅੱਗ ਲੱਗ ਗਈ। ਗੱਡੀ ਸਵਾਰ ਪਰਿਵਾਰ ਸਮੇਂ ਸਿਰ ਬਾਹਰ ਨਿਕਲ ਆਇਆ ਅਤੇ ਕੋਈ ਜਾਨੀ ਨੁਕਸਾਨ ਨਹੀਂ ਹੋਇਆ। ਜਾਣਕਾਰੀ ਦਿੰਦਿਆਂ ਐਸ.ਐਸ.ਐਫ. ਦੇ ਏ.ਐਸ.ਆਈ. ਸ਼ਮਸ਼ੇਰ ਸਿੰਘ ਨੇ ਦੱਸਿਆ ਕਿ ਥਾਰ ਗੱਡੀ ਨੰਬਰ ਪੀਬੀ-13-ਬੀਪੀ-8036, ਜਿਸ ਨੂੰ ਧਰਮ ਮਿੱਤਲ ਪੁੱਤਰ ਜਤਿੰਦਰ ਸਿੰਘ ਵਾਸੀ ਸੰਗਰੂਰ ਚਲਾ ਰਿਹਾ ਸੀ, ਚੰਡੀਗੜ੍ਹ ਤੋਂ ਸੰਗਰੂਰ ਵੱਲ ਆ ਰਹੀ ਸੀ। ਜਦੋਂ ਗੱਡੀ ਸਟੀਲਮੈਨ ਪਬਲਿਕ ਸਕੂਲ, ਚੰਨੋ ਨੇੜੇ ਪੁੱਜੀ ਤਾਂ ਕਰੀਬ ਰਾਤ 12:30 ਵਜੇ ਗੱਡੀ ਦਾ ਏ.ਸੀ. ਅਚਾਨਕ ਬੰਦ ਹੋ ਗਿਆ ਅਤੇ ਗੱਡੀ ਵਿੱਚੋਂ ਧੂੰਆਂ ਨਿਕਲਣਾ ਸ਼ੁਰੂ ਹੋ ਗਿਆ।

ਹਾਲਾਤ ਨੂੰ ਭਾਂਪਦਿਆਂ ਚਾਲਕ ਨੇ ਤੁਰੰਤ ਗੱਡੀ ਸੜਕ ਕਿਨਾਰੇ ਰੋਕੀ ਅਤੇ ਆਪਣੇ ਬੱਚਿਆਂ ਸਮੇਤ ਪਰਿਵਾਰਕ ਮੈਂਬਰਾਂ ਨੂੰ ਬਾਹਰ ਕੱਢ ਲਿਆ। ਕੁਝ ਹੀ ਪਲਾਂ ਵਿੱਚ ਗੱਡੀ ਨੂੰ ਭਿਆਨਕ ਅੱਗ ਨੇ ਆਪਣੀ ਲਪੇਟ ਵਿੱਚ ਲੈ ਲਿਆ ਅਤੇ ਦੇਖਦੇ ਹੀ ਦੇਖਦੇ ਵਾਹਨ ਅੱਗ ਦੇ ਗੋਲੇ ਵਿੱਚ ਤਬਦੀਲ ਹੋ ਗਿਆ। ਘਟਨਾ ਦੀ ਸੂਚਨਾ ਰਾਹਗੀਰਾਂ ਵੱਲੋਂ ਐਮਰਜੈਂਸੀ ਨੰਬਰ 112 'ਤੇ ਦਿੱਤੀ ਗਈ। ਸੂਚਨਾ ਮਿਲਦਿਆਂ ਹੀ ਪੁਲਿਸ ਅਤੇ ਐਸ.ਐਸ.ਐਫ. ਦੀ ਟੀਮ ਮੌਕੇ 'ਤੇ ਪੁੱਜ ਗਈ। ਪੁਲਿਸ ਨੇ ਸਭ ਤੋਂ ਪਹਿਲਾਂ ਨੈਸ਼ਨਲ ਹਾਈਵੇ 'ਤੇ ਆਵਾਜਾਈ ਨੂੰ ਰੋਕ ਕੇ ਸੁਰੱਖਿਆ ਪ੍ਰਬੰਧ ਯਕੀਨੀ ਬਣਾਏ ਅਤੇ ਫਾਇਰ ਬ੍ਰਿਗੇਡ ਦੀ ਮਦਦ ਨਾਲ ਅੱਗ 'ਤੇ ਕਾਬੂ ਪਾਇਆ। ਗੱਡੀ ਸੜ ਕੇ ਸਵਾਹ ਹੋ ਚੁੱਕੀ ਸੀ। ਇਸ ਸਬੰਧੀ ਕਾਲਾਝਾੜ ਚੌਂਕੀ ਨੂੰ ਵੀ ਇਤਲਾਹ ਦਿੱਤੀ ਗਈ। ਬਾਅਦ ਵਿੱਚ ਹਾਈਡਰਾ ਮਸ਼ੀਨ ਦੀ ਮਦਦ ਨਾਲ ਸੜੀ ਹੋਈ ਗੱਡੀ ਨੂੰ ਸੜਕ ਤੋਂ ਇਕ ਪਾਸੇ ਕਰਵਾਇਆ ਗਿਆ ਅਤੇ ਟ੍ਰੈਫਿਕ ਨੂੰ ਮੁੜ ਸੁਚਾਰੂ ਬਣਾਇਆ ਗਿਆ। ਇਸ ਮੌਕੇ 'ਤੇ ਸਿਪਾਹੀ ਬਲਵਿੰਦਰ ਸਿੰਘ ਅਤੇ ਜਸਪ੍ਰੀਤ ਸਿੰਘ ਵੀ ਹਾਜ਼ਰ ਸਨ। ਮੁੱਢਲੀ ਜਾਂਚ ਅਨੁਸਾਰ ਅੱਗ ਲੱਗਣ ਦਾ ਕਾਰਨ ਤਕਨੀਕੀ ਖਰਾਬੀ ਮੰਨਿਆ ਜਾ ਰਿਹਾ ਹੈ।

## ਖੜ੍ਹੀ ਕਾਰ ਦਾ ਸ਼ੀਸ਼ਾ ਤੋੜ ਕੇ 315 ਬੋਰ ਦੀ ਗੰਨ ਤੇ 7 ਜ਼ਿੰਦਾ ਕਾਰਤੂਸ ਚੋਰੀ

### ਕੁਸ਼ਤੀ ਮੁਕਾਬਲੇ ਵੇਖਣ ਆਏ ਵਿਅਕਤੀ ਦੀ ਕਾਰ ਨੂੰ ਬਣਾਇਆ ਨਿਸ਼ਾਨਾ, ਪੁਲਿਸ ਨੇ ਅਣਪਛਾਤਿਆਂ ਖ਼ਿਲਾਫ਼ ਮਾਮਲਾ ਦਰਜ ਕਰਕੇ ਜਾਂਚ ਕੀਤੀ ਸ਼ੁਰੂ

**ਪਾਤੜਾਂ, 10 ਜੂਨ (ਜਸਵਿੰਦਰ ਸਿੰਘ ਪਾਰਸ)** - ਥਾਣਾ ਘੱਗਾ ਪੁਲਿਸ ਨੇ ਖੜ੍ਹੀ ਕਾਰ ਦਾ ਸ਼ੀਸ਼ਾ ਤੋੜ ਕੇ 315 ਬੋਰ ਦੀ ਗੰਨ ਅਤੇ 7 ਜ਼ਿੰਦਾ ਕਾਰਤੂਸ ਚੋਰੀ ਕਰਨ ਦੇ ਦੋਸ਼ ਹੇਠ ਅਣਪਛਾਤੇ ਵਿਅਕਤੀ ਜਾਂ ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ।

ਪੁਲਿਸ ਨੂੰ ਦਿੱਤੀ ਸ਼ਿਕਾਇਤ ਵਿੱਚ ਗੁਰਜਿੰਦਰ ਸਿੰਘ ਪੁੱਤਰ ਕਸ਼ਮੀਰ ਸਿੰਘ ਵਾਸੀ ਪਿੰਡ ਡਰੌਲੀ, ਥਾਣਾ ਘੱਗਾ ਨੇ ਦੱਸਿਆ ਕਿ 9 ਜੂਨ 2026 ਨੂੰ ਰਾਤ ਕਰੀਬ 8 ਵਜੇ ਉਹ ਆਪਣੀ ਕਾਰ ਨੰਬਰ ਡੀਐਲ-9ਸੀਏਆਰ-4141 ਰਾਹੀਂ ਖੇਡ ਸਟੇਡੀਅਮ ਘੱਗਾ ਵਿਖੇ ਕੁਸ਼ਤੀ ਮੁਕਾਬਲੇ ਵੇਖਣ ਲਈ ਆਇਆ ਸੀ। ਉਸ ਨੇ ਦੱਸਿਆ ਕਿ ਜਦੋਂ ਕਰੀਬ 8:25 ਵਜੇ ਉਹ ਵਾਪਸ ਘਰ ਜਾਣ ਲਈ ਆਪਣੀ ਕਾਰ ਕੋਲ ਪਹੁੰਚਿਆ ਤਾਂ ਦੇਖਿਆ ਕਿ ਕਾਰ ਦਾ ਪਿਛਲਾ ਛੋਟਾ ਸ਼ੀਸ਼ਾ ਟੁੱਟਿਆ ਹੋਇਆ ਸੀ। ਜਾਂਚ ਕਰਨ 'ਤੇ ਪਤਾ ਲੱਗਾ ਕਿ ਕਾਰ ਵਿੱਚ ਰੱਖੀ 315 ਬੋਰ ਦੀ ਗੰਨ ਅਤੇ 7 ਜ਼ਿੰਦਾ ਕਾਰਤੂਸ ਗਾਇਬ ਸਨ, ਜਿਨ੍ਹਾਂ ਨੂੰ ਕਿਸੇ ਅਣਪਛਾਤੇ ਵਿਅਕਤੀ ਜਾਂ ਵਿਅਕਤੀਆਂ ਵੱਲੋਂ ਚੋਰੀ ਕਰ ਲਿਆ ਗਿਆ ਸੀ। ਪੁਲਿਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ ਦੇ ਆਧਾਰ 'ਤੇ ਮੁਕੱਦਮਾ ਨੰਬਰ 56, ਮਿਤੀ 09-06-2026 ਦਰਜ ਕਰਕੇ ਅਣਪਛਾਤੇ ਦੋਸ਼ੀਆਂ ਦੀ ਭਾਲ ਸ਼ੁਰੂ ਕਰ ਦਿੱਤੀ ਹੈ। ਮਾਮਲੇ ਦੀ ਜਾਂਚ ਜਾਰੀ ਹੈ।

### ਹਰਿਆਣਾ ਦੇ ਇਤਿਹਾਸ ਵਿੱਚ ਸਿਰਸਾ ਅਤੇ ਰਾਜਸਥਾਨ ਪੁਲਿਸ ਦੀਆਂ ਸਾਂਝੀਆਂ ਪੁਲਿਸ ਟੀਮਾਂ ਵੱਲੋਂ ਅਫੀਮ ਤਸਕਰਾਂ ਤੇ ਵੱਡੀ ਕਾਰਵਾਈ

## ਲਗਭਗ ਸਾਢੇ ਚਾਰ ਕਰੋੜ ਰੁਪਏ ਦੀ 88 ਕਿਲੋ 970 ਗ੍ਰਾਮ ਅਫੀਮ ਦੀ ਖੇਪ ਬਰਾਮਦ, ਟਰੱਕ ਡਰਾਈਵਰ ਗ੍ਰਿਫ਼ਤਾਰ



**ਸਿਰਸਾ, 10 ਜੂਨ (ਜਗਤਾਰ ਸਮਾਲਸਰ)** ਪੁਲਿਸ ਸੁਪਰਡੈਂਟ ਦੀਪਕ ਸਹਾਰਨ ਦੀ ਅਗਵਾਈ ਹੇਠ ਸਿਰਸਾ ਪੁਲਿਸ ਨੇ ਸਿਰਸਾ ਜ਼ਿਲ੍ਹੇ ਵਿੱਚ ਨਸ਼ਾ ਤਸਕਰਾਂ ਵਿਰੁੱਧ ਇੱਕ ਵਿਸ਼ੇਸ਼ ਮੁਹਿੰਮ ਦੇ ਹਿੱਸੇ ਵਜੋਂ ਹਰਿਆਣਾ ਦੇ ਇਤਿਹਾਸ ਵਿੱਚ ਇੱਕ ਵੱਡੀ ਸਫਲਤਾ ਹਾਸਲ ਕੀਤੀ ਹੈ। ਡਿੰਗ ਪੁਲਿਸ ਸਟੇਸ਼ਨ ਅਤੇ ਰਾਜਸਥਾਨ ਪੁਲਿਸ ਦੀ ਇੱਕ ਸਾਂਝੀ ਟੀਮ ਨੇ 88 ਕਿਲੋ 970 ਗ੍ਰਾਮ ਅਫੀਮ ਜ਼ਬਤ ਕੀਤੀ, ਜਿਸਦੀ ਕੀਮਤ ਲਗਭਗ ਸਾਢੇ ਚਾਰ ਕਰੋੜ ਹੈ। ਇਸ ਕਾਰਵਾਈ ਨੂੰ ਸਿਰਸਾ ਜ਼ਿਲ੍ਹੇ ਵਿੱਚ ਅਫੀਮ ਤਸਕਰੀ ਵਿਰੁੱਧ ਸਭ ਤੋਂ ਵੱਡੀ ਕਾਰਵਾਈ ਮੰਨਿਆ ਜਾ ਰਿਹਾ ਹੈ। ਡੀਐਸਪੀ ਰਾਜ ਸਿੰਘ ਨੇ ਦੱਸਿਆ ਕਿ ਡਿੰਗ ਪੁਲਿਸ ਸਟੇਸ਼ਨ ਅਤੇ ਰਾਜਸਥਾਨ ਪੁਲਿਸ ਦੀ ਇੱਕ ਟੀਮ ਐਨ ਐਚ -9 'ਤੇ ਟੋਲ ਪਲਾਜ਼ਾ ਦੇ ਨੇੜੇ ਨਾਕਾਬੰਦੀ ਕਰਕੇ ਵਾਹਨਾਂ ਦੀ ਜਾਂਚ ਕਰ ਰਹੀ ਸੀ। ਇਸ ਦੌਰਾਨ ਫਤਿਹਾਬਾਦ ਤੋਂ ਆ ਰਹੇ ਇੱਕ ਟਰੱਕ ਨੂੰ ਰੁਕਣ ਦਾ ਇਸ਼ਾਰਾ ਕੀਤਾ ਗਿਆ। ਪੁਲਿਸ ਨੂੰ ਦੇਖਕੇ ਡਰਾਈਵਰ ਨੇ ਤੇਜ਼ ਰਫ਼ਤਾਰ ਨਾਲ ਟਰੱਕ ਭਜਾਉਣ ਦੀ ਕੋਸ਼ਿਸ਼ ਕੀਤੀ, ਪਰ ਪੁਲਿਸ ਟੀਮ ਨੇ ਤੇਜ਼ੀ ਨਾਲ ਕਾਰਵਾਈ ਕੀਤੀ ਅਤੇ ਉਸਨੂੰ ਕਾਬੂ ਕਰ ਲਿਆ। ਇੱਕ ਗਜ਼ਟਿਡ ਅਧਿਕਾਰੀ ਦੀ ਮੌਜੂਦਗੀ ਵਿੱਚ ਨਿਯਮਾਂ ਅਨੁਸਾਰ ਟਰੱਕ ਦੀ ਤਲਾਸ਼ੀ ਲਈ ਗਈ। ਪੂਰੀ ਤਲਾਸ਼ੀ ਦੌਰਾਨ ਟਰੱਕ ਦੇ ਹੇਠਾਂ ਲੋਹੇ ਦੇ ਵਿਸ਼ੇਸ਼ ਤੌਰ 'ਤੇ ਤਿਆਰ ਕੀਤੇ ਗੁਪਤ ਡੱਬੇ ਮਿਲੇ। ਇਨ੍ਹਾਂ ਡੱਬਿਆਂ ਵਿੱਚ 95 ਪੈਕੇਟਾਂ ਵਿੱਚ ਛੁਪਾਈ ਗਈ 88 ਕਿਲੋ 970 ਗ੍ਰਾਮ ਅਫੀਮ ਬਰਾਮਦ ਹੋਈ। ਮੁਲਜ਼ਮ ਤੋਂ 40, 000 ਰੁਪਏ ਨਕਦ ਵੀ ਬਰਾਮਦ ਕੀਤੇ ਗਏ। ਗ੍ਰਿਫਤਾਰ ਮੁਲਜ਼ਮ ਦੀ ਪਛਾਣ ਕਿਸ਼ਨਾ ਰਾਮ ਪੁੱਤਰ ਛਾਗਾ ਰਾਮ, ਵਾਸੀ ਬਿਸ਼ਨੋਈਆਂ ਕੀ ਢਾਣੀ ਭਾਨੀਆ, ਤਹਿਸੀਲ ਰਾਣਵਾਸ, ਥਾਣਾ ਸ਼ਿਵਪੁਰਾ, ਜ਼ਿਲ੍ਹਾ ਪਾਲੀ (ਰਾਜਸਥਾਨ) ਵਜੋਂ ਹੋਈ ਹੈ। ਅੰਤਰਰਾਸ਼ਟਰੀ ਬਾਜ਼ਾਰ ਵਿੱਚ ਜ਼ਬਤ ਕੀਤੀ ਗਈ ਅਫੀਮ ਦੀ ਕੀਮਤ ਲਗਭਗ 4.5 ਕਰੋੜ ਰੁਪਏ ਹੋਣ ਦਾ ਅਨੁਮਾਨ ਹੈ। ਡੀਐਸਪੀ ਰਾਜ ਸਿੰਘ ਨੇ ਦੱਸਿਆ ਕਿ ਮੁਲਜ਼ਮ ਖ਼ਿਲਾਫ਼ ਡਿੰਗ ਪੁਲੀਸ ਸਟੇਸ਼ਨ ਵਿੱਚ ਐਨਡੀਪੀਐਸ ਐਕਟ ਤਹਿਤ ਕੇਸ ਦਰਜ ਕਰ ਲਿਆ ਗਿਆ ਹੈ ਅਤੇ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ। ਮੁੱਢਲੀ ਪੁੱਛਗਿੱਛ ਦੌਰਾਨ ਮੁਲਜ਼ਮ ਨੇ ਖੁਲਾਸਾ ਕੀਤਾ ਕਿ ਉਹ ਇਹ ਖੇਪ ਪੱਛਮੀ ਬੰਗਾਲ ਦੇ ਸਿਲੀਗੁੜੀ ਤੋਂ ਲਿਆਇਆ ਸੀ ਅਤੇ ਰਾਜਸਥਾਨ ਦੇ ਜੋਧਪੁਰ ਵਿੱਚ ਸਪਲਾਈ ਕਰਨੀ ਸੀ। ਪੁਲੀਸ ਮੁਲਜ਼ਮ ਨੂੰ ਅਦਾਲਤ ਵਿੱਚ ਪੇਸ਼ ਕਰਕੇ ਰਿਮਾਂਡ 'ਤੇ ਲਵੇਗੀ ਤਾਂ ਜੋ ਇਸ ਤਸਕਰੀ ਨੈੱਟਵਰਕ ਵਿੱਚ ਸ਼ਾਮਲ ਹੋਰ ਵਿਅਕਤੀਆਂ ਦੀ ਪਛਾਣ ਕੀਤੀ ਜਾ ਸਕੇ ਅਤੇ ਉਨ੍ਹਾਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾ ਸਕੇ। ਪੁਲੀਸ ਸੁਪਰਡੈਂਟ ਦੀਪਕ ਸਹਾਰਨ ਨੇ ਕਿਹਾ ਕਿ ਨਸ਼ਾ ਤਸਕਰਾਂ ਨੂੰ ਕਿਸੇ ਵੀ ਕੀਮਤ 'ਤੇ ਜ਼ਿਲ੍ਹੇ ਵਿੱਚ ਆਪਣਾ ਪ੍ਰਭਾਵ ਫੈਲਾਉਣ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ। ਨਸ਼ਿਆਂ ਦੇ ਕਾਰੋਬਾਰ ਵਿੱਚ ਸ਼ਾਮਲ ਲੋਕਾਂ ਖ਼ਿਲਾਫ਼ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਦੀ ਸਖ਼ਤ ਕਾਰਵਾਈ ਜਾਰੀ ਰਹੇਗੀ।

## ਸੜਕ ਹਾਦਸਿਆਂ ਕਾਰਨ ਨਗਰ ਕੌਸਲ ਨਾਭਾ ਨੇ ਨਜਾਇਜ਼ ਕਬਜ਼ੇ ਹਟਾਏ



**ਨਾਭਾ 10 ਜੂਨ (ਬਲਜਿੰਦਰ ਮਾਨ)** ਗੁਰਚਰਨ ਸਿੰਘ ਕਾਰਜਸਾਧਕ ਅਫਸਰ ਨਗਰ ਕੌਂਸਲ ਨਾਭਾ ਦੀ ਰਹਿਨੁਮਾਈ ਵਿੱਚ ਸੁਪਰਡੈਂਟ ਜਸਪਾਲ ਦੀ ਅਗਵਾਈ ਵਿੱਚ ਨਗਰ ਕੌਂਸਲ ਦੇ ਕਰਮਚਾਰੀਆਂ ਅਤੇ ਪੁਲੀਸ ਪ੍ਰਸ਼ਾਸਨ ਦੇ ਨਾਲ ਨਾਭਾ ਦੀ ਸਰਕੂਲਰ ਰੋਡ ਤੋਂ ਪਾਰਵਤੀ ਖੋਖਾ ਅਤੇ ਮੈਹਸ ਗੇਟ ਤੱਕ ਨਾਜਾਇਜ਼ ਕਬਜ਼ੇ ਹਟਾਏ ਗਏ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸੁਪਰਡੈਂਟ ਜਸਪਾਲ ਕੌਰ ਨੇ ਕਿਹਾ ਕਿ ਜਿਨ੍ਹਾਂ ਲੋਕਾਂ ਨੇ ਸਰਕਾਰੀ ਜਗ੍ਹਾ 'ਤੇ ਨਾਜਾਇਜ਼ ਕਬਜ਼ੇ ਕੀਤੇ ਹਨ, ਉਨ੍ਹਾਂ ਨੂੰ ਨਗਰ ਕੌਂਸਲ ਵੱਲੋਂ ਹਟਾਇਆ ਜਾ ਰਿਹਾ ਹੈ ਅਤੇ ਦੂਜਾ ਇਸ ਸਬੰਧੀ ਬਹੁਤ ਸਾਰੀਆਂ ਆਨ ਲਾਈਨ ਸ਼ਿਕਾਇਤਾਂ ਆਈਆਂ ਸਨ ਅਤੇ ਲੋਕਾਂ ਨੂੰ ਇਸ ਦਾ ਹੱਲ ਕਰਵਾਉਣ 'ਚ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਸੀ, ਇਸ ਲਈ ਇਹ ਮੁਹਿੰਮ ਚਲਾਈ ਗਈ ਹੈ। ਉਨ੍ਹਾਂ ਨੇ ਨਾਭਾ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਰੇਹੜੀ-ਫੜ੍ਹੀ ਵਾਲਿਆਂ ਨੂੰ ਗੈਰ-ਕਾਨੂੰਨੀ ਤੌਰ 'ਤੇ ਨਾ ਰੱਖਣ ਕਿਉਂਕਿ ਇਹ ਸੜਕ ਹਾਦਸਿਆਂ ਦਾ ਕਾਰਨ ਬਣਦੇ ਹਨ ਅਤੇ ਲੋਕਾਂ ਦੀ ਜਾਨ ਨੂੰ ਖਤਰੇ ਵਿੱਚ ਪਾਉਂਦੇ ਹਨ। ਉਨ੍ਹਾਂ ਕਿਹਾ ਕਿ ਸੜਕ ਦੁਰਘਟਨਾ ਨਾ ਹੋਵੇ ਅਤੇ ਆਮ ਜਨਤਾ ਨੂੰ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ, ਇਸ ਲਈ ਸਾਡੀ ਮੁਹਿੰਮ ਲਗਾਤਾਰ ਜਾਰੀ ਰਹੇਗੀ। ਇਸ ਮੌਕੇ ਉਨ੍ਹਾਂ ਕਿਹਾ ਕਿ ਇਹ ਮਾਮਲਾ ਸਾਡੇ ਵੱਲੋਂ ਪਹਿਲਾਂ ਵੀ ਜਨਤਕ ਕੀਤਾ ਗਿਆ ਹੈ ਅਤੇ ਸਾਨੂੰ ਸਾਰਿਆਂ ਨੂੰ ਬੇਨਤੀ ਹੈ ਕਿ ਜਾਂ ਤਾਂ ਆਪਣੇ ਗਲੀ-ਮੁਹੱਲਿਆਂ ਅਤੇ ਕੋਠੀਆਂ ਨੂੰ ਹਟਾ ਦਿੱਤਾ ਜਾਵੇ ਤਾਂ ਜੋ ਕਿਸੇ ਵੀ ਤਰ੍ਹਾਂ ਦੇ ਜਾਨੀ ਮਾਲੀ ਨੁਕਸਾਨ ਤੋਂ ਬਚਿਆ ਜਾ ਸਕੇ। ਇਸ ਮੌਕੇ ਸੁਪਰਡੈਂਟ ਜਸਪਾਲ ਕੌਰ, ਹਰਪਾਲ ਕਲਰਕ ਅਨੂ ਸ਼ਰਮਾ ਇੰਸਪੈਕਟਰ, ਪ੍ਰਗਿਆਨ ਡੀ.ਐਮ., ਸੁਨੀਲ ਕੁਮਾਰ ਗਾਗਟ ਪ੍ਰਧਾਨ ਸਫ਼ਾਈ ਸੇਵਕ ਯੂਨੀਅਨ, ਦੀਪਕ ਕੁਮਾਰ, ਸੁਰੇਸ਼, ਕਰਨ ਧਾਲੀਵਾਲ, ਚਮਨ ਲਾਲ ਮੈਟ, ਸ਼ੰਕਰ ਦ੍ਰਾਵਿੜ ਮੇਡ ਆਦਿ ਤੋਂ ਇਲਾਵਾ ਫਰਾਈਡਰ ਬ੍ਰਿਜ ਦੇ ਕਰਮਚਾਰੀ, ਪੁਲਿਸ ਪ੍ਰਸ਼ਾਸਨ ਹਾਜ਼ਰ ਸਨ।

## ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਭਵਾਨੀਗੜ੍ਹ ਪੁਲਿਸ ਦੀ ਵੱਡੀ ਕਾਰਵਾਈ, 12 ਦੋਸ਼ੀ ਕਾਬੂ, 27 ਗ੍ਰਾਮ ਹੈਰੋਇਨ ਤੇ 5 ਕਿਲੋ ਭੁੱਕੀ ਚੂਰਾ ਪੋਸਤ ਬਰਾਮਦ, 79 ਵਾਹਨਾਂ ਦੇ ਚਲਾਨ

**ਭਵਾਨੀਗੜ੍ਹ, 10 ਜੂਨ (ਰਾਜ ਖੁਰਮੀ):** ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਭਵਾਨੀਗੜ੍ਹ ਪੁਲਿਸ ਨੇ ਨਸ਼ਾ ਤਸਕਰਾਂ ਅਤੇ ਸਮਾਜ ਵਿਰੋਧੀ ਅਨਸਰਾਂ ਖ਼ਿਲਾਫ਼ ਸਖ਼ਤ ਕਾਰਵਾਈ ਕਰਦਿਆਂ ਇੱਕ ਹਫ਼ਤੇ ਦੌਰਾਨ 12 ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰਨ ਵਿੱਚ ਸਫ਼ਲਤਾ ਹਾਸਲ ਕੀਤੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਾ. ਰਵਜੋਤ ਕੌਰ ਗਰੇਵਾਲ ਨੇ ਦੱਸਿਆ ਕਿ ਸਬ-ਡਵੀਜ਼ਨ ਭਵਾਨੀਗੜ੍ਹ ਪੁਲਿਸ ਵੱਲੋਂ 3 ਜੂਨ ਤੋਂ 9 ਜੂਨ 2026 ਤੱਕ ਵਿਸ਼ੇਸ਼ ਮੁਹਿੰਮ ਚਲਾਈ ਗਈ, ਜਿਸ ਦੌਰਾਨ ਵੱਖ-ਵੱਖ ਮਾਮਲਿਆਂ ਵਿੱਚ ਕੁੱਲ 12 ਵਿਅਕਤੀਆਂ ਨੂੰ ਕਾਬੂ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਇਸ ਅਰਸੇ ਦੌਰਾਨ ਐਨ.ਡੀ.ਪੀ.ਐਸ. ਐਕਟ ਤਹਿਤ 4 ਮੁਕੱਦਮੇ ਦਰਜ ਕੀਤੇ ਗਏ, ਜਿਨ੍ਹਾਂ ਵਿੱਚ 4 ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ 27 ਗ੍ਰਾਮ ਹੈਰੋਇਨ (ਚਿੱਟਾ) ਅਤੇ 5 ਕਿਲੋ ਭੁੱਕੀ ਚੂਰਾ ਪੋਸਤ ਬਰਾਮਦ ਕੀਤੀ ਗਈ। ਪੁਲਿਸ ਵੱਲੋਂ ਨਸ਼ਾ ਤਸਕਰਾਂ ਖ਼ਿਲਾਫ਼ ਲਗਾਤਾਰ ਕਾਰਵਾਈ ਜਾਰੀ ਰੱਖੀ ਜਾ ਰਹੀ ਹੈ। ਐਸ.ਐਸ.ਪੀ. ਨੇ ਦੱਸਿਆ ਕਿ ਭਵਾਨੀਗੜ੍ਹ ਖੇਤਰ ਵਿੱਚ ਨਸ਼ਾ ਕਰਨ ਦੇ ਆਦੀ 4 ਵਿਅਕਤੀਆਂ ਦੀ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨਾਲ ਕਾਊਂਸਲਿੰਗ ਕੀਤੀ ਗਈ। ਉਨ੍ਹਾਂ ਦੀ ਸਹਿਮਤੀ ਨਾਲ ਇਨ੍ਹਾਂ ਵਿਅਕਤੀਆਂ ਨੂੰ ਨਸ਼ਾ ਛੁਡਾਊ ਕੇਂਦਰ ਵਿੱਚ ਦਾਖ਼ਲ ਕਰਵਾ ਕੇ ਇਲਾਜ ਸ਼ੁਰੂ ਕਰਵਾਇਆ ਗਿਆ, ਤਾਂ ਜੋ ਉਹ ਨਸ਼ੇ ਦੀ ਲਤ ਤੋਂ ਛੁਟਕਾਰਾ ਪਾ ਕੇ ਸਮਾਜ ਦੀ





ਮੁੱਖ ਧਾਰਾ ਨਾਲ ਜੁੜ ਸਕਣ। ਪੁਲਿਸ ਵੱਲੋਂ ਸ਼ੱਕੀ ਵਿਅਕਤੀਆਂ ਦੀ ਚੈਕਿੰਗ ਮੁਹਿੰਮ ਦੌਰਾਨ 59 ਵਿਅਕਤੀਆਂ ਦੀ ਜਾਂਚ ਕੀਤੀ ਗਈ ਅਤੇ ਲੋੜ ਅਨੁਸਾਰ ਧਾਰਾ 172 ਬੀ.ਐਨ.ਐਸ.ਐਸ. ਤਹਿਤ ਕਾਰਵਾਈ ਅਮਲ ਵਿੱਚ ਲਿਆਂਦੀ ਗਈ। ਇਸ ਦੇ ਨਾਲ ਹੀ ਟਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲੇ 79 ਵਾਹਨਾਂ ਦੇ ਚਲਾਨ ਵੀ ਕੀਤੇ ਗਏ। ਲੋਕਾਂ ਦੀਆਂ ਸਮੱਸਿਆਵਾਂ ਨੂੰ ਤਰਜੀਹ ਦਿੰਦਿਆਂ ਪੁਲਿਸ ਵੱਲੋਂ 24 ਦਰਖ਼ਾਸਤਾਂ ਦਾ ਨਿਪਟਾਰਾ ਵੀ ਕੀਤਾ ਗਿਆ। ਇਸ ਤੋਂ ਇਲਾਵਾ ਉਪ ਕਪਤਾਨ ਪੁਲਿਸ ਭਵਾਨੀਗੜ੍ਹ ਸਤਨਾਮ ਸਿੰਘ ਅਤੇ ਥਾਣਾ ਮੁਖੀ ਰਮਨਦੀਪ ਸਿੰਘ ਵੱਲੋਂ ਵੱਖ-ਵੱਖ ਥਾਵਾਂ 'ਤੇ ਜਾਗਰੂਕਤਾ ਮੀਟਿੰਗਾਂ ਕਰਕੇ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਅਤੇ ਟਰੈਫਿਕ ਨਿਯਮਾਂ ਬਾਰੇ ਜਾਣੂ ਕਰਵਾਇਆ ਗਿਆ। ਪੁਲਿਸ ਅਧਿਕਾਰੀਆਂ ਨੇ ਦੱਸਿਆ ਕਿ ਵੀ.ਡੀ.ਸੀ. ਕਮੇਟੀਆਂ, ਪੰਚਾਇਤਾਂ, ਸਪੋਰਟਸ ਕਲੱਬਾਂ ਅਤੇ ਪਿੰਡਾਂ ਦੇ ਮੋਹਤਬਰ ਵਿਅਕਤੀਆਂ ਦੇ ਸਹਿਯੋਗ ਨਾਲ ਲੋਕ ਮਿਲਣੀਆਂ ਕੀਤੀਆਂ ਜਾ ਰਹੀਆਂ ਹਨ। ਲੋਕਾਂ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਨਸ਼ਾ ਤਸਕਰਾਂ ਅਤੇ ਸਮਾਜ ਵਿਰੋਧੀ ਅਨਸਰਾਂ ਬਾਰੇ ਪੁਲਿਸ ਨੂੰ ਸੂਚਨਾ ਦੇਣ, ਤਾਂ ਜੋ ਨਸ਼ਿਆਂ ਦੇ ਇਸ ਕੋਹੜ ਨੂੰ ਜੜ੍ਹ ਤੋਂ ਖ਼ਤਮ ਕੀਤਾ ਜਾ ਸਕੇ। ਐਸ.ਐਸ.ਪੀ. ਨੇ ਸਪੱਸ਼ਟ ਕੀਤਾ ਕਿ ਨਸ਼ਿਆਂ ਦਾ ਧੰਦਾ ਕਰਨ ਵਾਲਿਆਂ ਅਤੇ ਅਮਨ-ਕਾਨੂੰਨ ਲਈ ਖ਼ਤਰਾ ਬਣਨ ਵਾਲੇ ਅਨਸਰਾਂ ਖ਼ਿਲਾਫ਼ ਭਵਿੱਖ ਵਿੱਚ ਵੀ ਸਖ਼ਤ ਤੋਂ ਸਖ਼ਤ ਕਾਰਵਾਈ ਜਾਰੀ ਰਹੇਗੀ।

## ਚੰਡੀਗੜ੍ਹ ਯੂਨੀਵਰਸਿਟੀ ਮੋਹਾਲੀ ਵਿਖੇ ਪੰਜਾਬ ਦੇ ਪੰਜ ਸੌ ਸਕੂਲਾਂ/ ਕਾਲਜਾਂ ਦੇ ਕੈਡਿਟਾਂ ਨੇ ਕੀਤੀ ਸ਼ਮੂਲੀਅਤ





**ਰਾਮਪੁਰਾ ਫੂਲ, 10 ਜੂਨ (ਮਨਪ੍ਰੀਤ ਮਿੰਟੂ)** ਚੰਡੀਗੜ੍ਹ ਯੂਨੀਵਰਸਿਟੀ ਮੋਹਾਲੀ ਵਿਖੇ ਏਅਰ ਵਿੰਗ ਦੇ 10 ਰੋਜ਼ਾ ਕੈਂਪ ਦੌਰਾਨ ਕੈਡਿਟਾਂ ਨੇ ਵੱਖ-ਵੱਖ ਗਤੀਵਿਧੀਆਂ ਵਿੱਚ ਭਾਗ ਲਿਆ। ਡੀ. ਜੀ. ਐਨ.ਸੀ.ਸੀ ਅਤੇ ਏ.ਡੀ.ਸੀ ਐਨ.ਸੀ.ਸੀ ਦੀਆਂ ਹਦਾਇਤਾਂ ਅਨੁਸਾਰ ਮਿਤੀ 03 ਤੋਂ 12 ਜੂਨ ਤੱਕ, ਐਨ.ਸੀ.ਸੀ ਏਅਰ ਵਿੰਗ ਦਾ 10 ਰੋਜ਼ਾ ਕੈਂਪ ਆਯੋਜਿਤ ਕੀਤਾ ਗਿਆ,ਜਿਸ ਵਿੱਚ ਪੰਜਾਬ ਦੇ ਵੱਖ-ਵੱਖ ਸਕੂਲਾਂ/ ਕਾਲਜਾਂ ਤੋਂ ਲਗਭਗ 500 ਕੈਡਿਟਾਂ ਨੇ ਭਾਗ ਲਿਆ। ਕੈਡਿਟਾਂ ਦੀ ਬਾਇਓਮੀਟਰਿਕ ਕਰਨ ਉਪਰੰਤ ਕੈਂਪ ਵਿੱਚ ਭਾਗ ਲੈਣ ਵਾਲੇ ਕੈਡਿਟਾਂ ਦੀਆਂ ਵਿਸ਼ੇਸ਼ ਸਿਖਲਾਈ ਲਈ ਕਲਾਸਾਂ ਲਗਾਈਆ ਗਈਆਂ, ਜਿਸ ਵਿੱਚ ਸਰੀਰਕ ਸਿਹਤ, ਸਾਫ ਸਫਾਈ ਅਤੇ ਮੌਸਮ ਨਾਲ ਸਬੰਧਤ ਜਾਣਕਾਰੀ ਦਿੱਤੀ ਗਈ। ਕੈਡਿਟਾਂ ਦੁਆਰਾ ਕਲਪਨਾ ਚਾਵਲਾ ਸੈਂਟਰ ਵਿਖੇ ਵਿਜ਼ਿਟ, ਆਫਤ ਪ੍ਰਬੰਧਨ ਅਤੇ ਡਰੋਨ ਉਡਾਣ ਬਾਰੇ ਭਰਪੂਰ ਜਾਣਕਾਰੀ ਦੇਣ ਦੇ ਨਾਲ ਨਾਲ ਫਲਾਇੰਗ ਵੀ ਕਰਵਾਈ ਗਈ । ਪੀ.ਆਈ ਸਟਾਫ ਅਤੇ ਏ.ਐਨ.ਓ ਦੁਆਰਾ ਲਗਾਈਆ ਗਈਆਂ ਕਲਾਸਾਂ ਵਿੱਚ ਕੈਡਿਟਾਂ ਨੂੰ ਅਨੁਸ਼ਾਸਨ, ਤਾਲਮੇਲ ਅਤੇ ਟੀਮ ਵਰਕ ਨੂੰ ਹੱਲਾਸ਼ੇਰੀ ਦੇਣ ਦੀ ਟਰੇਨਿੰਗ ਦਿੱਤੀ ਗਈ ਅਤੇ ਡਰਿੱਲ ਅਭਿਆਸ ਕਰਵਾਇਆ ਗਿਆ । ਕੈਂਪ ਦੀ ਅਗਵਾਈ ਗਰੁੱਪ ਕੈਪਟਨ ਸੋਮਨਾਥ ਮਿੱਤਰਾ ਵੱਲੋਂ ਕੀਤੀ ਗਈ। ਇਸ ਕੈਂਪ ਵਿੱਚ ਚੰਡੀਗੜ੍ਹ ਯੂਨੀਵਰਸਿਟੀ ਦੇ ਏ.ਐਨ.ਓ ਸ੍ਰੀ ਸਾਹਿਲ ਅਤੇ ਏ.ਐਨ.ਓ ਸ੍ਰੀ ਗੁਰਪ੍ਰੀਤ ਸਿੰਘ ਵੱਲੋਂ ਕੈਡਿਟਾਂ ਨੂੰ ਰਿਫਰੈਸ਼ਮੈਂਟ ਸਮੇਤ ਲੋੜੀਂਦੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਗਈਆਂ। ਕੈਂਪ ਵਿੱਚ ਜੂਨੀਅਰ ਵਾਰੰਟ ਅਫਸਰ ਸ੍ਰੀ ਖੇਤਾ ਰਾਮ ਅਤੇ ਰਾਜੀਵ ਰੰਜਨ ਸਿੰਘ ਵੀ ਸ਼ਾਮਲ ਹੋਏ।

## ਚੱਕਲੀ ਮੰਗਾ ਵਿਖੇ ਪੰਜ ਪੀਰ ਦਰਬਾਰ ਦੇ ਸਲਾਨਾ ਮੇਲੇ ਤੇ ਵਕੀਲ ਖ਼ਾਨ ਨੇ ਸਰੋਤੇ ਕੀਲੇ, ਮੇਲੇ ਦੀ ਸਫ਼ਲਤਾ ਲਈ ਸੰਗਤਾਂ ਦਾ ਧੰਨਵਾਦ- ਵਾਹਿਦ ਸ਼ਾਹ ਕਾਦਰੀ



**ਮਾਛੀਵਾੜਾ ਸਾਹਿਬ 10 ਜੂਨ (ਮਾਸਟਰ ਸਤੀਸ਼ ਕੁਮਾਰ)** ਮਾਛੀਵਾੜਾ ਸਾਹਿਬ ਨਜ਼ਦੀਕੀ ਪਿੰਡ ਚੱਕਲੀ ਮੰਗਾ ਵਿਖੇ ਪੰਜ ਪੀਰ ਦਰਬਾਰ ਤੇ ਦਾਤਾ ਹਜ਼ਰਤ ਅਲੀ ਕਲੰਦਰ ਦਾ ਸਲਾਨਾ ਉਰਸ ਮੇਲਾ ਅਤੇ ਵਿਸ਼ਾਲ ਭੰਡਾਰਾ ਕਰਵਾਇਆ ਗਿਆ। ਗੱਦੀ ਨਸ਼ੀਨ ਸਾਈਂ ਵਾਹਿਦ ਸ਼ਾਹ ਕਾਦਰੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਾਂਈਂ ਕਾਲੇ ਸ਼ਾਹ ਕਾਦਰੀ ਜੀ ਦੀ ਯਾਦ ਨੂੰ ਸਮਰਪਿਤ,ਦਾਤਾ ਹਜ਼ਰਤ ਅਲੀ ਕਲੰਦਰ ਦਾ ਸਲਾਨਾ ਉਰਸ ,ਸਲਾਨਾ ਮੇਲਾ ਅਤੇ ਵਿਸ਼ਾਲ ਭੰਡਾਰਾ ਸਮੂਹ ਹੀ ਦੇਸ਼ ਵਿਦੇਸ਼ ਵਸਦੀਆਂ ਸੰਗਤਾਂ ਦੇ ਸਹਿਯੋਗ ਨਾਲ ਕਰਵਾਇਆ ਗਿਆ, ਜਿਸ ਵਿੱਚ ਮਹਿੰਦੀ ਦੀ ਰਸਮ 8 ਜੂਨ ਨੂੰ ਕੀਤੀ ਗਈ ਜਦਕਿ ਬੀਤੇ ਕੱਲ 9 ਜੂਨ ਨੂੰ ਸਵੇਰ ਸਮੇਂ ਤੋਂ ਹੀ ਦੂਰ ਦੁਰਾਡੇ ਦੀਆਂ ਸੰਗਤਾਂ ਅਤੇ ਇਲਾਕੇ ਭਰ ਦੀਆਂ ਸੰਗਤਾਂ ਦਰਬਾਰ ਵਿਖੇ ਨਤਮਸਤਕ ਹੋਣ ਲਈ ਆਉਣੀਆਂ ਸ਼ੁਰੂ ਹੋਈਆਂ। ਬਾਅਦ ਦੁਪਹਿਰ ਕਰੀਬ 12:15 ਤੇ ਖ਼ਤਮ ਸ਼ਰੀਫ਼ ਦੀ ਰਸਮ ਹੋਈ ਜਦਕਿ ਚਾਦਰ ਦੀ ਰਸਮ ਦੁਪਿਹਰ 1 ਵਜੇ ਹੋਈ। ਸਵੇਰ ਸਮੇਂ ਤੋਂ ਹੀ ਸੰਗਤਾਂ ਲਈ ਚਾਹ ਪਕੌੜੇ ਦਾ ਲੰਗਰ ਚਲਾਇਆ ਗਿਆ ਜੋ ਦੇਰ ਸ਼ਾਮ ਮਹਿਫਲ ਏ ਕਵਾਲੀ ਤੱਕ ਚੱਲਦਾ ਰਿਹਾ। ਚਾਦਰ ਦੀ ਰਸਮ ਉਪਰੰਤ ਸੰਗਤਾਂ ਲਈ ਵਿਸ਼ੇਸ਼ ਤੌਰ ਤੇ ਤਿਆਰ ਕੀਤਾ ਗਿਆ ਪਾਸਤੇ ਦਾ ਲੰਗਰ ਚਲਾਇਆ ਗਿਆ। ਉਪਰੰਤ ਸੰਗਤਾਂ ਲਈ ਮਟਰ ਪਨੀਰ ਪ੍ਰਸ਼ਾਦਾ ਨਾਲ ਜਲੇਬੀਆਂ ਵੀ ਵਰਤਾਈਆਂ ਗਈਆਂ। ਨੌਜਵਾਨਾਂ ਵੱਲੋਂ ਠੰਡੇ ਮਿੱਠੇ ਜਲ ਦੀ ਛਬੀਲ ਸਾਰਾ ਦਿਨ ਲਗਾਈ ਗਈ। ਰਾਤ 9 ਵਜੇ ਤੋਂ ਸਵੇਰੇ ਕਰੀਬ 3 ਵਜੇ ਤੱਕ ਮਲੇਰਕੋਟਲਾ ਦੇ ਪ੍ਰਸਿੱਧ ਕਵਾਲ ਵਕੀਲ ਖਾਨ ਨੇ ਆਪਣੀ ਸ਼ਾਇਰਾਨਾ ਅੰਦਾਜ਼ ਨਾਲ ਕਵਾਲੀਆਂ ਰਾਹੀਂ ਸਰੋਤੇ ਝੂਮਣ ਲਾ ਦਿੱਤੇ। ਕਵਾਲੀਆਂ ਸਮੇਂ ਵੀ ਸੰਗਤਾਂ ਲਈ ਚਾਹ ਪਕੌੜਿਆਂ ਦਾ ਪ੍ਰਸ਼ਾਦ ਦਿੱਤਾ ਗਿਆ ਤੇ ਨੌਜਵਾਨਾਂ ਵੱਲੋਂ ਕੋਲਡ ਡਰਿੰਕ ਦੀ ਵੀ ਸੇਵਾ ਕੀਤੀ ਗਈ । ਮਹਿਫਲ ਏ ਕਵਾਲੀ ਦਾ ਆਨੰਦ ਮਾਨਣ ਲਈ ਇਲਾਕੇ ਭਰ ਦੇ ਸਰੋਤੇ ਸਵੇਰੇ 3 ਵਜੇ ਤੱਕ ਕਵਾਲੀਆਂ ਦਾ ਅਨੰਦ ਮਾਣਦੇ ਰਹੇ। ਗੱਦੀ ਨਸ਼ੀਨ ਸਾਈ ਵਹਿਦ ਸ਼ਾਹ ਕਾਦਰੀ ਨੇ ਮੇਲੇ ਦੀ ਸਫਲਤਾ ਲਈ ਪਿੰਡ ਦੇ ਨੌਜਵਾਨਾਂ, ਇਲਾਕਾ ਅਤੇ ਦੇਸ਼ ਵਿਦੇਸ਼ ਦੀਆਂ ਸੰਗਤਾਂ ਦਾ ਸਹਿਯੋਗ ਲਈ ਧੰਨਵਾਦ ਪ੍ਰਗਟ ਕੀਤਾ। ਮੇਲੇ ਵਿੱਚ ਪੁੱਜੀਆਂ ਧਾਰਮਿਕ ਸ਼ਖਸ਼ੀਅਤਾਂ ਦਾ ਸਾਈ ਵਾਹਿਦ ਸ਼ਾਹ ਕਾਦਰੀ ਵੱਲੋਂ ਸਨਮਾਨ ਵੀ ਕੀਤਾ ਗਿਆ।

# ਗੜੇਮਾਰੀ ਪ੍ਰਭਾਵਿਤ ਕਿਸਾਨਾਂ ਦੀ ਮਦਦ ਲਈ ਭਵਾਨੀਗੜ੍ਹ ਤੋਂ ਰਾਸ਼ਨ ਸਮੱਗਰੀ ਦਾ ਟਰੱਕ ਮਲੋਟ ਲਈ ਰਵਾਨਾ



**ਭਵਾਨੀਗੜ੍ਹ, 10 ਜੂਨ (ਰਾਜ ਖੁਰਮੀ)** ਗੜੇਮਾਰੀ ਕਾਰਨ ਪ੍ਰਭਾਵਿਤ ਹੋਏ ਕਿਸਾਨ ਪਰਿਵਾਰਾਂ ਦੀ ਸਹਾਇਤਾ ਲਈ ਸ਼੍ਰੋਮਣੀ ਅਕਾਲੀ ਦਲ ਵੱਲੋਂ ਚਲਾਈ ਜਾ ਰਹੀ ਰਾਹਤ ਮੁਹਿੰਮ ਤਹਿਤ ਅੱਜ ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ, ਭਵਾਨੀਗੜ੍ਹ ਤੋਂ ਕਣਕ ਅਤੇ ਹੋਰ ਰਾਸ਼ਨ ਸਮੱਗਰੀ ਨਾਲ ਭਰਿਆ ਟਰੱਕ ਮਲੋਟ ਲਈ ਰਵਾਨਾ ਕੀਤਾ ਗਿਆ। ਇਸ ਮੌਕੇ ਉੱਘੇ ਸਮਾਜ ਸੇਵੀ ਅਤੇ ਸ਼੍ਰੋਮਣੀ ਅਕਾਲੀ ਦਲ ਸੰਗਰੂਰ ਦੇ ਹਲਕਾ ਇੰਚਾਰਜ ਅਰਵਿੰਦ ਖੰਨਾ ਨੇ ਪਾਰਟੀ ਆਗੂਆਂ ਅਤੇ ਵਰਕਰਾਂ ਦੀ ਮੌਜੂਦਗੀ ਵਿੱਚ ਰਾਹਤ ਸਮੱਗਰੀ ਵਾਲੇ ਟਰੱਕ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਗੜੇਮਾਰੀ ਤੋਂ ਪ੍ਰਭਾਵਿਤ ਕਿਸਾਨ ਪਰਿਵਾਰਾਂ ਦੀ ਮਦਦ ਲਈ ਇਹ ਵਿਸ਼ੇਸ਼ ਉਪਰਾਲਾ ਕੀਤਾ ਜਾ ਰਿਹਾ ਹੈ।

ਅਰਵਿੰਦ ਖੰਨਾ ਨੇ ਦੱਸਿਆ ਕਿ ਹਲਕਾ ਸੰਗਰੂਰ ਦੇ ਸਮੂਹ ਅਕਾਲੀ ਆਗੂਆਂ, ਵਰਕਰਾਂ, ਸੰਗਤਾਂ ਅਤੇ ਇਲਾਕਾ ਨਿਵਾਸੀਆਂ ਵੱਲੋਂ ਇਸ ਸੇਵਾ ਕਾਰਜ ਲਈ ਭਰਵਾਂ ਸਹਿਯੋਗ ਦਿੱਤਾ ਗਿਆ ਹੈ, ਜਿਸ ਸਦਕਾ ਵੱਡੀ ਮਾਤਰਾ ਵਿੱਚ ਰਾਸ਼ਨ ਸਮੱਗਰੀ ਇਕੱਠੀ ਕੀਤੀ ਜਾ ਸਕੀ ਹੈ। ਉਨ੍ਹਾਂ ਕਿਹਾ ਕਿ ਇਹ ਰਾਹਤ ਸਮੱਗਰੀ ਸਿਰਫ਼ ਲੋੜਵੰਦਾਂ ਦੀ ਮਦਦ ਹੀ ਨਹੀਂ, ਸਗੋਂ ਪੰਜਾਬ ਦੀ ਸਾਂਝੀਵਾਲਤਾ, ਸੇਵਾ ਭਾਵਨਾ ਅਤੇ ਕਿਸਾਨਾਂ ਪ੍ਰਤੀ ਹਮਦਰਦੀ ਦਾ ਪ੍ਰਤੀਕ ਵੀ ਹੈ। ਉਨ੍ਹਾਂ ਇਸ ਮੁਹਿੰਮ ਵਿੱਚ ਯੋਗਦਾਨ ਪਾਉਣ ਵਾਲੇ ਦਾਨੀ ਸੱਜਣਾਂ, ਪਾਰਟੀ ਆਗੂਆਂ, ਵਰਕਰਾਂ ਅਤੇ ਇਲਾਕਾ ਵਾਸੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਹਮੇਸ਼ਾ ਲੋਕਾਂ ਦੇ ਦੁੱਖ-ਸੁੱਖ ਵਿੱਚ ਨਾਲ ਖੜ੍ਹਨ ਲਈ ਵਚਨਬੱਧ ਹੈ। ਉਨ੍ਹਾਂ ਭਰੋਸਾ ਦਿਵਾਇਆ ਕਿ ਪ੍ਰਭਾਵਿਤ ਕਿਸਾਨ ਪਰਿਵਾਰਾਂ ਤੱਕ ਰਾਹਤ ਪਹੁੰਚਾਉਣ ਲਈ ਸੇਵਾ ਅਤੇ ਸਹਿਯੋਗ ਦੀ ਇਹ ਲੜੀ ਅੱਗੇ ਵੀ ਜਾਰੀ ਰਹੇਗੀ। ਇਸ ਮੌਕੇ ਤਜਿੰਦਰ ਪਾਲ ਸਿੰਘ ਸੰਘਰੇੜੀ (ਜ਼ਿਲ੍ਹਾ ਪ੍ਰਧਾਨ, ਸ਼੍ਰੋਮਣੀ ਅਕਾਲੀ ਦਲ), ਰੁਪਿੰਦਰ ਸਿੰਘ ਰੰਧਾਵਾ (ਸਾਬਕਾ ਚੇਅਰਮੈਨ), ਧਰਮਿੰਦਰ ਸਿੰਘ ਦੁੱਲਟ (ਸਾਬਕਾ ਸਰਪੰਚ, ਸੰਤੋਖਪੁਰਾ), ਭਰਪੂਰ ਸਿੰਘ ਫੱਗੂਵਾਲਾ, ਜਸਵੀਰ ਸਿੰਘ ਬਾਲਦ ਖੁਰਦ (ਸਰਕਲ ਪ੍ਰਧਾਨ), ਗੁਰਨੈਬ ਸਿੰਘ ਰੋਹੀ ਘਰਾਚੋਂ, ਪਰਵਿੰਦਰ ਸਿੰਘ ਘਰਾਚੋਂ, ਕ੍ਰਿਸ਼ਨ ਸਿੰਘ ਭਵਾਨੀਗੜ੍ਹ, ਪ੍ਰਭਜੀਤ ਸਿੰਘ ਲੱਕੀ, ਮਨਦੀਪ ਸਿੰਘ, ਲਾਲ ਸਿੰਘ ਭੜੋ ਅਤੇ ਬਲਜੀਤ ਸਿੰਘ ਜੀਤੀ ਸਮੇਤ ਵੱਡੀ ਗਿਣਤੀ ਵਿੱਚ ਪਾਰਟੀ ਆਗੂ ਅਤੇ ਵਰਕਰ ਹਾਜ਼ਰ ਸਨ।

# ਪਿੰਡ ਭੀਲੋਵਾਲ ਕੱਚਾ ਵਿਖੇ ਮੈਡਮ ਸੋਨੀਆ ਮਾਨ ਨੇ ਵੱਖ-ਵੱਖ ਮਹਿਕਮਿਆਂ ਨਾਲ ਪਹੁੰਚ ਕੇ ਲੋਕਾਂ ਦੇ ਮਸਲੇ ਕੀਤੇ ਹੱਲ



**ਅੰਮ੍ਰਿਤਸਰ, 10 ਜੂਨ (ਸੋਨੂ ਨਰੂਲਾ)**- ਵਿਧਾਨ ਸਭਾ ਹਲਕਾ ਰਾਜਾਸਾਂਸੀ ਅਧੀਨ ਆਉਂਦੇ ਪਿੰਡ ਭੀਲੋਵਾਲ ਕੱਚਾ ਵਿਖੇ ਸਰਪੰਚ ਜਸਪਾਲ ਸਿੰਘ ਮਿੰਟੂ ਦੀ ਅਗਵਾਈ ਹੇਠ ਪਿੰਡ ਦੇ ਲੋਕਾਂ ਦੀ ਅਹਿਮ ਇਕੱਤਰਤਾ ਹੋਈ। ਜਿਸ ਵਿੱਚ ਹਲਕਾ ਰਾਜਾਸਾਂਸੀ ਦੀ ਇੰਚਾਰਜ ਮੈਡਮ ਸੋਨੀਆ ਮਾਨ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਰੇਸ਼ਮ ਵੜੈਚ, ਮੈਡਮ ਰਵਲੀਨ ਕੌਰ, ਜ਼ਿਲ੍ਹਾ ਪ੍ਰੀਸ਼ਦ ਦੇ ਵਾਈਸ ਚੇਅਰਮੈਨ ਲਖਬੀਰ ਸਿੰਘ, ਬਲਾਕ ਪ੍ਰਧਾਨ ਦਵਿੰਦਰ ਸਿੰਘ ਭੁੱਲਰ, ਸਰਪੰਚ ਪ੍ਰਿਥੀਪਾਲ ਸਿੰਘ ਨਵਾਂ ਜੀਵਨ, ਬਲਾਕ ਪ੍ਰਧਾਨ ਤਰਸੇਮ ਸਿੰਘ ਕੰਦੋਲੀ, ਬਲਾਕ ਪ੍ਰਧਾਨ ਜਰਮਨਜੀਤ ਸਿੰਘ ਕਾਵੇਂ ਸਮੇਤ ਵੱਖ-ਵੱਖ ਮਹਿਕਮਿਆਂ ਦੇ ਅਧਿਕਾਰੀ ਮੌਜੂਦ ਸਨ। ਇਸ ਮੌਕੇ ਮੈਡਮ ਸੋਨੀਆ ਮਾਨ ਨੇ ਪਿੰਡ ਵਾਸੀਆਂ ਦੀਆਂ ਮੁਸ਼ਕਿਲਾਂ ਨੂੰ ਬੜੇ ਵਿਸਥਾਰ ਨਾਲ ਸੁਣਿਆ ਤੇ ਸਬੰਧਿਤ ਅਧਿਕਾਰੀਆਂ ਨੂੰ ਮੌਕੇ ਤੇ ਹੱਲ ਕਰਨ ਲਈ ਕਿਹਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਪ ਸਰਕਾਰ ਨੇ ਜੋ ਗਰੰਟੀਆਂ ਪੰਜਾਬ ਵਾਸੀਆਂ ਨੂੰ ਦਿੱਤੀਆਂ ਸਨ। ਉਸ ਨੂੰ ਇਨ ਬਿਨ ਲਾਗੂ ਕਰਕੇ ਇੱਕ ਮਿਸਾਲ ਕਾਇਮ ਕੀਤੀ ਹੈ। 2027 ਦੀਆਂ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੂਸਰੀ ਵਾਰ ਸਰਕਾਰ ਬਣਾ ਕੇ ਇਤਿਹਾਸ ਰਚੇਗੀ। ਇਸ ਮੌਕੇ ਸੁਖਦੇਵ ਸਿੰਘ ਬਾਦਸ਼ਾਹ ਬਲਾਕ ਸਮਤੀ ਮੈਂਬਰ, ਬਿਕਰਮ ਸਿੰਘ ਪ੍ਰਧਾਨ, ਪਰਮਿੰਦਰ ਸਿੰਘ, ਨਿਸ਼ਾਨ ਸਿੰਘ ਨੰਬਰਦਾਰ, ਸਾਬਕਾ ਸਰਪੰਚ ਅਨੂਪ ਸਿੰਘ ਆਦਿ ਹਾਜ਼ਰ ਸਨ।

# ਦੀਪਕ ਅਗਰਵਾਲ ਨੂੰ ਸ਼੍ਰੋਮਣੀ ਅਕਾਲੀ ਦਲ ਦੇ ਉਦਯੋਗ ਤੇ ਵਪਾਰ ਵਿੰਗ ਦਾ ਹਲਕਾ ਇੰਚਾਰਜ ਬਣਨ 'ਤੇ ਸਨਮਾਨਿਤ ਕੀਤਾ



**ਭਵਾਨੀਗੜ੍ਹ, 10 ਜੂਨ (ਰਾਜ ਖੁਰਮੀ)** ਸ਼੍ਰੋਮਣੀ ਅਕਾਲੀ ਦਲ ਵੱਲੋਂ ਹਲਕਾ ਸੰਗਰੂਰ ਦੇ ਉਦਯੋਗ ਅਤੇ ਵਪਾਰ ਵਿੰਗ ਦੀ ਕਮਾਨ ਦੀਪਕ ਅਗਰਵਾਲ ਨੂੰ ਸੌਂਪੇ ਜਾਣ ਤੋਂ ਬਾਅਦ ਅੱਜ ਉਨ੍ਹਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਹਲਕਾ ਇੰਚਾਰਜ ਅਰਵਿੰਦ ਖੰਨਾ ਦੀ ਸਿਫਾਰਸ਼ 'ਤੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਦੀਪਕ ਅਗਰਵਾਲ ਨੂੰ ਇਹ ਅਹਿਮ ਜ਼ਿੰਮੇਵਾਰੀ ਦਿੱਤੀ ਗਈ ਹੈ। ਇਸ ਮੌਕੇ ਅਰਵਿੰਦ ਖੰਨਾ ਨੇ ਦੀਪਕ ਅਗਰਵਾਲ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਿਤ ਕੀਤਾ ਅਤੇ ਨਵੀਂ ਜ਼ਿੰਮੇਵਾਰੀ ਸੰਭਾਲਣ ਲਈ ਵਧਾਈ ਦਿੰਦਿਆਂ ਉਨ੍ਹਾਂ ਦੇ ਉਜਲੇ ਭਵਿੱਖ ਦੀ ਕਾਮਨਾ ਕੀਤੀ। ਉਨ੍ਹਾਂ ਕਿਹਾ ਕਿ ਕਿਸੇ ਵੀ ਖੇਤਰ ਦੀ ਆਰਥਿਕ ਤਰੱਕੀ ਅਤੇ ਵਿਕਾਸ ਵਿੱਚ ਵਪਾਰੀ ਵਰਗ ਦੀ ਅਹਿਮ ਭੂਮਿਕਾ ਹੁੰਦੀ ਹੈ। ਵਪਾਰੀਆਂ ਦੀਆਂ ਸਮੱਸਿਆਵਾਂ ਨੂੰ ਸਮਝਣ ਅਤੇ ਉਨ੍ਹਾਂ ਦੇ ਹੱਲ ਲਈ ਯੋਗ ਅਤੇ ਸਰਗਰਮ ਨੁਮਾਇੰਦਿਆਂ ਦੀ ਲੋੜ ਹੁੰਦੀ ਹੈ, ਜਿਸ ਨੂੰ ਦੀਪਕ ਅਗਰਵਾਲ ਬਾਖੂਬੀ ਨਿਭਾਉਣਗੇ। ਅਰਵਿੰਦ ਖੰਨਾ ਨੇ ਕਿਹਾ ਕਿ ਉਦਯੋਗ ਅਤੇ ਵਪਾਰ ਨਾਲ ਜੁੜੇ ਲੋਕਾਂ ਨੂੰ ਇਕਜੁੱਟ ਹੋ ਕੇ ਸ਼੍ਰੋਮਣੀ ਅਕਾਲੀ ਦਲ ਨੂੰ ਹੋਰ ਮਜ਼ਬੂਤ ਕਰਨ ਲਈ ਯੋਗਦਾਨ ਪਾਉਣਾ ਚਾਹੀਦਾ ਹੈ ਤਾਂ ਜੋ ਆਉਣ ਵਾਲੇ ਸਮੇਂ ਵਿੱਚ ਵਪਾਰ ਅਤੇ ਉਦਯੋਗ ਲਈ ਅਨੁਕੂਲ ਮਾਹੌਲ ਸਿਰਜਿਆ ਜਾ ਸਕੇ। ਉਨ੍ਹਾਂ ਭਰੋਸਾ ਪ੍ਰਗਟਾਇਆ ਕਿ ਦੀਪਕ ਅਗਰਵਾਲ ਵਪਾਰੀ ਵਰਗ ਦੀ ਆਵਾਜ਼ ਨੂੰ ਮਜ਼ਬੂਤੀ ਨਾਲ ਉਭਾਰਨ ਦੇ ਨਾਲ-ਨਾਲ ਪਾਰਟੀ ਨੂੰ ਵੀ ਨਵੀਂ ਤਾਕਤ ਪ੍ਰਦਾਨ ਕਰਨਗੇ। ਸਨਮਾਨ ਸਮਾਰੋਹ ਦੌਰਾਨ ਜ਼ਿਲ੍ਹਾ ਪ੍ਰਧਾਨ ਤਜਿੰਦਰ ਪਾਲ ਸਿੰਘ ਸੰਗਰੇੜੀ, ਸੀਨੀਅਰ ਅਕਾਲੀ ਆਗੂ ਜਸਵਿੰਦਰ ਸਿੰਘ ਪ੍ਰਿੰਸ, ਮੀਤ ਪ੍ਰਧਾਨ ਇਕਬਾਲਜੀਤ ਸਿੰਘ ਪੂਨੀਆ, ਸਰਕਲ ਪ੍ਰਧਾਨ ਅਮਰਜੀਤ ਸਿੰਘ (ਜੀਤ ਪ੍ਰਧਾਨ), ਸੀਨੀਅਰ ਆਗੂ ਹੈਪੀ ਕੰਗਾ, ਕਮਲ ਰਵਿੰਦਰ ਸਿੰਘ ਠੇਕੇਦਾਰ ਸਮੇਤ ਸ਼੍ਰੋਮਣੀ ਅਕਾਲੀ ਦਲ ਸੰਗਰੂਰ ਦੀ ਸਮੁੱਚੀ ਟੀਮ ਨੇ ਦੀਪਕ ਅਗਰਵਾਲ ਨੂੰ ਨਵੀਂ ਜ਼ਿੰਮੇਵਾਰੀ ਲਈ ਵਧਾਈ ਦਿੱਤੀ। ਇਸ ਮੌਕੇ ਦੀਪਕ ਅਗਰਵਾਲ ਨੇ ਪਾਰਟੀ ਹਾਈਕਮਾਂਡ ਅਤੇ ਅਰਵਿੰਦ ਖੰਨਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਉਨ੍ਹਾਂ 'ਤੇ ਜਤਾਏ ਗਏ ਭਰੋਸੇ 'ਤੇ ਪੂਰਾ ਉਤਰਣ ਲਈ ਪੂਰੀ ਤਨਦੇਹੀ ਨਾਲ ਕੰਮ ਕਰਨਗੇ ਅਤੇ ਹਲਕੇ ਦੇ ਵਪਾਰੀਆਂ ਅਤੇ ਉਦਯੋਗਪਤੀਆਂ ਦੇ ਮਸਲਿਆਂ ਨੂੰ ਪਾਰਟੀ ਮੰਚ ਰਾਹੀਂ ਉਠਾ ਕੇ ਉਨ੍ਹਾਂ ਦੇ ਹੱਲ ਲਈ ਯਤਨਸ਼ੀਲ ਰਹਿਣਗੇ।

# ਪਿੰਡ ਪ੍ਰੇਮ ਸਿੰਘ ਵਾਲਾ ਦੀ ਪੰਚਾਇਤ ਦਾ ਵੱਡਾ ਉਪਰਾਲਾ: ਨੌਜਵਾਨਾਂ ਲਈ ਦੋ ਕਿੱਲੇ ਜ਼ਮੀਨ ਖੇਡ ਮੈਦਾਨ ਵਾਸਤੇ ਸਮਰਪਿਤ

## ਲੰਬੇ ਸਮੇਂ ਤੋਂ ਖੇਡ ਗਰਾਊਂਡ ਦੀ ਘਾਟ ਹੋਈ ਪੂਰੀ, ਨੌਜਵਾਨਾਂ ਵਿੱਚ ਖੁਸ਼ੀ ਦੀ ਲਹਿਰ; ਸਰਕਾਰ ਕੋਲੋਂ ਚਾਰਦੀਵਾਰੀ, ਓਪਨ ਜਿੰਮ ਅਤੇ ਹੋਰ ਸਹੂਲਤਾਂ ਦੀ ਮੰਗ



**ਪਾਤੜਾਂ, 10 ਜੂਨ (ਜਸਵਿੰਦਰ ਸਿੰਘ ਪਾਰਸ)** ਪਿੰਡ ਪ੍ਰੇਮ ਸਿੰਘ ਵਾਲਾ ਦੀ ਪੰਚਾਇਤ ਵੱਲੋਂ ਪਿੰਡ ਦੇ ਨੌਜਵਾਨਾਂ ਦੇ ਭਵਿੱਖ ਅਤੇ ਖੇਡਾਂ ਦੇ ਵਿਕਾਸ ਨੂੰ ਧਿਆਨ ਵਿੱਚ ਰੱਖਦਿਆਂ ਇੱਕ ਸ਼ਲਾਘਾਯੋਗ ਅਤੇ ਇਤਿਹਾਸਕ ਫੈਸਲਾ ਲਿਆ ਗਿਆ ਹੈ। ਪਿੰਡ ਵਿੱਚ ਲੰਬੇ ਸਮੇਂ ਤੋਂ ਖੇਡ ਮੈਦਾਨ ਦੀ ਘਾਟ ਕਾਰਨ ਨੌਜਵਾਨਾਂ ਨੂੰ ਖੇਡ ਗਤੀਵਿਧੀਆਂ ਲਈ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ। ਇਸ ਸਮੱਸਿਆ ਦੇ ਹੱਲ ਲਈ ਸਰਪੰਚ ਜਸਵੰਤ ਸਿੰਘ ਦੀ ਅਗਵਾਈ ਹੇਠ ਪੰਚਾਇਤ ਅਤੇ ਪਿੰਡ ਦੇ ਮੋਹਤਬਰ ਸੱਜਣਾਂ ਨੇ ਮਤਾ ਪਾਸ ਕਰਕੇ ਦੋ ਕਿੱਲੇ ਪੰਚਾਇਤੀ ਜ਼ਮੀਨ ਖੇਡ ਗਰਾਊਂਡ ਵਜੋਂ ਨੌਜਵਾਨਾਂ ਨੂੰ ਸਮਰਪਿਤ ਕਰ ਦਿੱਤੀ। ਇਸ ਫੈਸਲੇ ਨਾਲ ਪਿੰਡ ਦੇ ਨੌਜਵਾਨਾਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ ਹੈ। ਨੌਜਵਾਨਾਂ ਨੇ ਕਿਹਾ ਕਿ ਕਈ ਸਾਲਾਂ ਤੋਂ ਪਿੰਡ ਵਿੱਚ ਖੇਡ ਮੈਦਾਨ ਦੀ ਘਾਟ ਸੀ ਅਤੇ ਕਈ ਪੰਚਾਇਤਾਂ ਆਈਆਂ ਤੇ ਗਈਆਂ, ਪਰ ਕਿਸੇ ਨੇ ਵੀ ਇਸ ਅਹਿਮ ਲੋੜ ਵੱਲ ਗੰਭੀਰਤਾ ਨਾਲ ਧਿਆਨ ਨਹੀਂ ਦਿੱਤਾ। ਮੌਜੂਦਾ ਪੰਚਾਇਤ ਵੱਲੋਂ ਲਿਆ ਗਿਆ ਇਹ ਫੈਸਲਾ ਪਿੰਡ ਦੇ ਨੌਜਵਾਨਾਂ ਲਈ ਇੱਕ ਵੱਡੀ ਸੌਗਾਤ ਅਤੇ ਮਿਸਾਲੀ ਕਦਮ ਹੈ। ਉਨ੍ਹਾਂ ਸਰਪੰਚ, ਸਮੂਹ ਪੰਚਾਇਤ ਮੈਂਬਰਾਂ ਅਤੇ ਪਿੰਡ ਵਾਸੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਨਾਲ ਖੇਡਾਂ ਨੂੰ ਨਵਾਂ ਹੁਲਾਰਾ ਮਿਲੇਗਾ ਅਤੇ ਨੌਜਵਾਨ ਨਸ਼ਿਆਂ ਤੋਂ ਦੂਰ ਰਹਿ ਕੇ ਸਿਹਤਮੰਦ ਗਤੀਵਿਧੀਆਂ ਵੱਲ ਪ੍ਰੇਰਿਤ ਹੋਣਗੇ। ਨੌਜਵਾਨਾਂ ਨੇ ਪੰਜਾਬ ਸਰਕਾਰ ਕੋਲੋਂ ਮੰਗ ਕੀਤੀ ਕਿ ਇਸ ਖੇਡ ਮੈਦਾਨ ਨੂੰ ਜਲਦ ਤੋਂ ਜਲਦ ਚਾਰਦੀਵਾਰੀ, ਓਪਨ ਜਿੰਮ, ਦੌੜ ਟਰੈਕ ਅਤੇ ਹੋਰ ਲੋੜੀਂਦੀਆਂ ਖੇਡ ਸਹੂਲਤਾਂ ਨਾਲ ਲੈਸ ਕੀਤਾ ਜਾਵੇ, ਤਾਂ ਜੋ ਪਿੰਡ ਦੇ ਬੱਚਿਆਂ ਅਤੇ ਨੌਜਵਾਨਾਂ ਨੂੰ ਆਧੁਨਿਕ ਖੇਡ ਸਹੂਲਤਾਂ ਦਾ ਲਾਭ ਮਿਲ ਸਕੇ। ਇਸ ਮੌਕੇ ਸਰਪੰਚ ਜਸਵੰਤ ਸਿੰਘ, ਪੰਚਾਇਤ ਮੈਂਬਰ ਸ਼ਮਸ਼ੇਰ ਸਿੰਘ, ਗੁਰਜੰਟ ਸਿੰਘ, ਹਰਜੀਤ ਸਿੰਘ, ਨਿੱਕਾ ਸਿੰਘ, ਮੰਗੂ ਸ਼ਰਮਾ, ਜਗਤਾਰ ਸਿੰਘ ਅਤੇ ਪ੍ਰਕਾਸ਼ ਸਿੰਘ, ਨੰਬਰਦਾਰ ਹਰੀ ਸਿੰਘ ਅਤੇ ਗੁਰਚਰਨ ਸਿੰਘ, ਸਾਬਕਾ ਸਰਪੰਚ ਪ੍ਰਗਟ ਸਿੰਘ, ਕਲੱਬ ਮੈਂਬਰ ਜਗਤਾਰ ਸਿੰਘ ਉੱਪਲ, ਮਨਦੀਪ ਸਿੰਘ ਧਾਲੀਵਾਲ, ਗੁਰਪ੍ਰੀਤ ਸਿੰਘ ਮੰਗੂ, ਦਰਸ਼ਨ ਸਿੰਘ ਖਾਲਸਾ, ਬਵਲੀ ਸਿੰਘ ਖੰਗੂੜਾ, ਨਿਰਭੈ ਸਿੰਘ, ਸੁਖਪਾਲ ਸਿੰਘ, ਅਵਤਾਰ ਸਿੰਘ, ਕੁਲਦੀਪ ਸਿੰਘ ਬਰਾੜ, ਕੁਲਜੀਦਰ ਕਿੰਦੀ, ਗੁਰਵਿੰਦਰ ਸਿੰਘ ਖੰਗੂੜਾ, ਮਨੀ ਸਿੰਘ, ਬਲਵਿੰਦਰ ਸਿੰਘ ਫੌਜੀ, ਨਿਸ਼ਾਨ ਸਿੰਘ ਸੋਹੀ ਅਤੇ ਬਲਕਾਰ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

# ਸਵਰਨ ਸਿੰਘ ਭੰਗੂ ਦੇ ਸ਼ਰਧਾਂਜਲੀ ਸਮਾਗਮ ਵਿੱਚ ਪਹੁੰਚੇ ਰਾਜਨੀਤੀ, ਬੁੱਧੀਜੀਵੀ ਅਤੇ ਫਿਲਮੀ ਅਦਾਕਾਰ












**ਸ੍ਰੀ ਚਮਕੌਰ ਸਾਹਿਬ, 10 ਜੂਨ (ਅਮਰਜੀਤ ਸਿੰਘ ਕਲਸੀ)** ਪੰਜਾਬੀ ਸਿਨੇਮਾ, ਰੰਗਮੰਚ ਅਤੇ ਟੈਲੀਵਿਜ਼ਨ ਜਗਤ ਦੀ ਪ੍ਰਸਿੱਧ ਅਦਾਕਾਰਾ ਗੁਰਪ੍ਰੀਤ ਕੌਰ ਭੰਗੂ ਦੇ ਪਤੀ ਸਾਬਕਾ ਪੱਤਰਕਾਰ ਸਵਰਨ ਸਿੰਘ ਭੰਗੂ ਦੇ ਸ਼ਰਧਾਂਜਲੀ ਸਮਾਗਮ ਮੌਕੇ ਜੁੜੇ ਭਾਰੀ ਇਕੱਠ ਨੇ ਉਨ੍ਹਾਂ ਨੂੰ ਨਮ ਅੱਖਾਂ ਨਾਲ ਸ਼ਰਧਾਂਜਲੀ ਭੇਟ ਕੀਤੀ। ਇਸ ਦੁਖਦਾਈ ਸਮੇ ਵਿੱਚ ਵੀ ਭੰਗੂ ਪਰਿਵਾਰ ਦੀ ਮਨੁੱਖਤਾ ਪ੍ਰਤੀ ਸੁਹਿਰਦ ਸੋਚ ਅਤੇ ਦਲੇਰੀ ਸਾਫ਼ ਝਲਕਦੀ ਦਿਖਾਈ ਦਿੱਤੀ, ਜਿੱਥੇ ਪਰਿਵਾਰ ਵੱਲੋਂ ਸਵ ਭੰਗੂ ਵੱਲੋਂ ਲਏ ਸੰਕਲਪ ਤਹਿਤ ਸੋਗ ਦੇ ਮਾਹੌਲ ਵਿੱਚ ਵੀ ਵਿਗਿਆਨਕ ਸੋਚ ਨੂੰ ਤਰਜੀਹ ਦਿੱਤੀ ਗਈ। ਉਨ੍ਹਾਂ ਦੀ ਅੰਤਿਮ ਵਿਦਾਇਗੀ ਦੇ ਇਸ ਭਾਵੁਕ ਅਤੇ ਇਤਿਹਾਸਕ ਪਲ ਮੌਕੇ ਹਾਜ਼ਰ ਹਰੇਕ ਸਨੇਹੀ ਭੰਗੂ ਪਰਿਵਾਰ ਦੇ ਇਸ ਨਿਵੇਕਲੇ ਅਤੇ ਸਾਹਸੀ ਫੈਸਲੇ ਦੀ ਭਰਪੂਰ ਸ਼ਲਾਘਾ ਕਰ ਰਿਹਾ ਸੀ। ਪਰਿਵਾਰ ਨੇ ਦੁੱਖ ਦੀ ਇਸ ਘੜੀ ਵਿੱਚ ਵੀ ਅੰਧ-ਵਿਸ਼ਵਾਸਾਂ ਅਤੇ ਪੁਰਾਤਨ ਗੀਤਾਂ-ਰਿਵਾਜਾਂ ਤੋਂ ਉੱਪਰ ਉੱਠ ਕੇ ਮਨੁੱਖਤਾ ਦੇ ਭਲੇ ਲਈ ਇਹ ਵੱਡਾ ਕਦਮ ਚੁੱਕਿਆ ਹੈ, ਜੋ ਆਉਣ ਵਾਲੀਆਂ ਪੀੜ੍ਹੀਆਂ ਲਈ ਇੱਕ ਵੱਡਾ ਪ੍ਰੇਰਨਾ ਸਰੋਤ ਬਣੇਗਾ। ਇਸ ਅੰਤਿਮ ਵਿਦਾਇਗੀ ਸਮਾਗਮ ਦੌਰਾਨ ਵੱਖ-ਵੱਖ ਖੇਤਰਾਂ ਦੀਆਂ ਨਾਮਵਰ ਰਾਜਨੀਤਿਕ, ਪ੍ਰਸ਼ਾਸਨਿਕ ਅਤੇ ਸਮਾਜਿਕ ਸ਼ਖਸੀਅਤਾਂ ਨੇ ਸ਼ਿਰਕਤ ਕੀਤੀ ਅਤੇ ਸਵਰਨ ਸਿੰਘ ਭੰਗੂ ਦੇ ਜੀਵਨ ਅਤੇ ਉਨ੍ਹਾਂ ਦੇ ਵਡਮੁੱਲੇ ਯੋਗਦਾਨ 'ਤੇ ਚਾਨਣਾ ਪਾਇਆ। ਸਾਬਕਾ ਸੀਨੀਅਰ ਆਈ.ਏ.ਐੱਸ.ਅਫਸਰ ਕਾਹਨ ਸਿੰਘ ਪੰਨੂ ਨੇ ਕਿਹਾ ਕਿ ਸ੍ਰੀ ਭੰਗੂ ਵਰਗੀਆਂ ਨਿਸ਼ਕਾਮ ਰੂਹਾਂ ਸਮਾਜ ਵਿੱਚ ਰੋਜ਼-ਰੋਜ਼ ਪੈਦਾ ਨਹੀਂ ਹੁੰਦੀਆਂ। ਉਨ੍ਹਾਂ ਪ੍ਰਸ਼ਾਸਨਿਕ ਅਤੇ ਸਮਾਜਿਕ ਪੱਧਰ 'ਤੇ ਹਮੇਸ਼ਾ ਦੱਬੇ-ਕੁਚਲੇ ਲੋਕਾਂ ਦੀ ਆਵਾਜ਼ ਨੂੰ ਬੁਲੰਦ ਕੀਤਾ। ਸੰਸਦ ਮੈਂਬਰ ਮਾਲਵਿੰਦਰ ਸਿੰਘ ਕੰਗ, ਸਾਬਕਾ ਡਾਇਰੈਕਟਰ ਦਵਿੰਦਰ ਸਿੰਘ ਜਟਾਣਾ, ਸਮਾਜ ਸੇਵੀ ਅਮਨਦੀਪ ਸਿੰਘ ਮਾਂਗਟ ਪ੍ਰਸਿੱਧ ਸੰਗੀਤਕਾਰ ਲਾਲ ਕਮਲ, ਗਾਇਕ ਦੁਰਗਾ ਰੰਗੀਲਾ, ਸਤਵਿੰਦਰ ਬੁੱਗਾ, ਕਮਲਜੀਤ ਅਨਮੋਲ, ਹਲਕਾ ਵਿਧਾਇਕ ਡਾ ਚਰਨਜੀਤ ਸਿੰਘ, ਸਾਬਕਾ ਮੰਤਰੀ ਜਗਮੋਹਨ ਸਿੰਘ ਕੰਗ, ਸਾਬਕਾ ਵਿਧਾਇਕ ਗੁਰਪ੍ਰੀਤ ਸਿੰਘ ਜੀ ਪੀ ਅਤੇ ਵਿਧਾਇਕ ਦਿਨੇਸ਼ ਚੱਢਾ ਨੇ ਵੀ ਸ਼ਰਧਾਂਜਲੀ ਭੇਟ ਕੀਤੀ। ਇਸ ਮੌਕੇ ਪੰਜਾਬੀ ਫ਼ਿਲਮ ਅਦਾਕਾਰ ਮਲਕੀਤ ਰੌਣੀ, ਰੁਪਿੰਦਰ ਰੂਪੀ, ਨਿਰਮਲ ਰਿਸ਼ੀ, ਸੀਮਾ ਕੌਸ਼ਲ, ਰਮਨ ਤੂਰ, ਸ਼ਵਿੰਦਰ ਸਿੰਘ ਮਾਹਲ, ਡਾ ਕੁਲਦੀਪ ਸਿੰਘ ਪਟਿਆਲਾ, ਲੈਕਚਰਾਰ ਇੰਦਰਜੀਤ ਬਾਲਾ ਅਤੇ ਲੈਕਚਰਾਰ ਧਰਮਪਾਲ ਸੋਖਲ ਨੇ ਵੀ ਸਵਰਗੀ ਭੰਗੂ ਵੱਲੋਂ ਵੱਖ-ਵੱਖ ਖੇਤਰਾਂ ਵਿੱਚ ਨਿਭਾਈਆਂ ਸ਼ਾਨਦਾਰ ਸੇਵਾਵਾਂ ਦਾ ਵਿਸ਼ੇਸ਼ ਤੌਰ 'ਤੇ ਜ਼ਿਕਰ ਕੀਤਾ। ਆਪਣੇ ਪਿਤਾ ਦੀ ਅੰਤਿਮ ਵਿਦਾਇਗੀ ਮੌਕੇ ਜੁੜੀ ਹੋਈ ਭਾਰੀ ਸੰਗਤ ਦਾ ਧੰਨਵਾਦ ਕਰਦਿਆਂ ਸਵਰਗੀ ਭੰਗੂ ਦੇ ਪੁੱਤਰ ਅਮਰਬੀਰ ਸਿੰਘ ਬਾਗੀ ਨੇ ਬਹੁਤ ਹੀ ਭਾਵੁਕ ਸ਼ਬਦਾਂ ਵਿੱਚ ਆਪਣੇ ਪਿਤਾ ਦੀਆਂ ਯਾਦਾਂ ਸਾਂਝੀਆਂ ਕੀਤੀਆਂ।

# ਸੁਭਾਸ਼ ਸ਼ਰਮਾ ਅਮਰਗੜ੍ਹ ਅਰਬਨ ਦੇ 'ਪ੍ਰਭਾਰੀ' ਨਿਯੁਕਤ



**ਮਾਲੇਰਕੋਟਲਾ/ਅਮਰਗੜ 10 ਜੂਨ (ਸ਼ਰਮਾ/ਬੈਨੀਪਾਲ)** ਭਾਰਤੀ ਜਨਤਾ ਪਾਰਟੀ ਵੱਲੋਂ ਸੰਗਠਨ ਨੂੰ ਮਜ਼ਬੂਤ ਕਰਨ ਅਤੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਜ਼ਿਲ੍ਹਾ ਮਾਲੇਰਕੋਟਲਾ ਵਿੱਚ ਅਹੁਦੇਦਾਰਾਂ ਦੀ ਨਵੀਂ ਸੂਚੀ ਜਾਰੀ ਕੀਤੀ ਗਈ ਹੈ, ਜਿਸ ਤਹਿਤ ਪਾਰਟੀ ਦੇ ਸੀਨੀਅਰ ਆਗੂ ਸੁਭਾਸ਼ ਸ਼ਰਮਾ ਨੂੰ ਅਮਰਗੜ੍ਹ ਅਰਬਨ (ਸ਼ਹਿਰੀ) ਦਾ ਪ੍ਰਭਾਰੀ ਨਿਯੁਕਤ ਕੀਤਾ ਗਿਆ ਹੈ। ਭਾਜਪਾ ਜ਼ਿਲ੍ਹਾ ਪ੍ਰਧਾਨ ਜਗਤ ਕਥੂਰੀਆ ਦੇ ਦਸਤਖਤਾਂ ਹੇਠ ਜਾਰੀ ਹੋਈ ਇਸ ਅਧਿਕਾਰਤ ਨਿਯੁਕਤੀ ਨਾਲ ਪਾਰਟੀ ਸ਼ਹਿਰੀ ਖੇਤਰਾਂ ਵਿੱਚ ਆਪਣੀ ਪਕੜ ਨੂੰ ਹੋਰ ਮਜ਼ਬੂਤ ਕਰਨ ਦੀ ਰਣਨੀਤੀ 'ਤੇ ਕੰਮ ਕਰ ਰਹੀ ਹੈ। ਪਾਰਟੀ ਹਾਈਕਮਾਂਡ ਵੱਲੋਂ ਲਏ ਗਏ ਇਸ ਫੈਸਲੇ ਤੋਂ ਬਾਅਦ ਨਵ-ਨਿਯੁਕਤ ਪ੍ਰਭਾਰੀ ਸੁਭਾਸ਼ ਸ਼ਰਮਾ ਨੂੰ ਸਥਾਨਕ ਆਗੂਆਂ ਅਤੇ ਪਾਰਟੀ ਵਰਕਰਾਂ ਵੱਲੋਂ ਲਗਾਤਾਰ ਵਧਾਈਆਂ ਮਿਲ ਰਹੀਆਂ ਹਨ ਅਤੇ ਵਰਕਰਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ।

# ਬਲਾਕ ਕਾਂਗਰਸ ਕਮੇਟੀ ਦੀ ਮਹੀਨਾਵਾਰ ਮੀਟਿੰਗ ਹੋਈ, ਮਰਹੂਮ ਬਲਾਕ ਪ੍ਰਧਾਨ ਪਰਮਿੰਦਰ ਤਿਵਾੜੀ ਨੂੰ ਦੋ ਮਿੰਟ ਦਾ ਮੌਨ ਰਖ ਕੇ ਦਿੱਤੀ ਸ਼ਰਧਾਂਜਲੀ




**ਮਾਛੀਵਾੜਾ ਸਾਹਿਬ 10 ਜੂਨ (ਮਾਸਟਰ ਸਤੀਸ਼ ਕੁਮਾਰ)** ਮਾਛੀਵਾੜਾ ਸਾਹਿਬ ਬਲਾਕ ਕਾਂਗਰਸ ਕਮੇਟੀ ਦੀ ਮਹੀਨਾਵਾਰ ਮੀਟਿੰਗ ਸਥਾਨਕ ਦਾਨਾ ਮੰਡੀ ਦਫਤਰ ਵਿੱਚ ਹੋਈ। ਇਸ ਮੀਟਿੰਗ ਦੇ ਸੰਬੰਧੀ ਜਾਣਕਾਰੀ ਦਿੰਦਿਆਂ ਬਲਾਕ ਮੀਡੀਆ ਇੰਚਾਰਜ ਵਨੀਤ ਕੁਮਾਰ ਝੜੌਦੀ ਨੇ ਦੱਸਿਆ ਕਿ ਹਲਕਾ ਸਮਰਾਲਾ ਦੇ ਇੰਚਾਰਜ ਰੁਪਿੰਦਰ ਸਿੰਘ ਰਾਜਾ ਗਿੱਲ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਇਹ ਮੀਟਿੰਗ ਸਰਪਰਸਤ ਸੁਰਿੰਦਰ ਕੁੰਦਰਾ ਸਾਬਕਾ ਪ੍ਰਧਾਨ ਨਗਰ ਕੌਂਸਲ ਦੀ ਅਗਵਾਈ ਹੇਠ ਹੋਈ, ਜਿਸ ਵਿੱਚ ਸਭ ਤੋਂ ਪਹਿਲਾਂ ਮਰਹੂਮ ਬਲਾਕ ਕਾਂਗਰਸ ਪ੍ਰਧਾਨ ਪਰਮਿੰਦਰ ਤਿਵਾੜੀ ਨੂੰ ਦੋ ਮਿੰਟ ਦਾ ਮੌਨ ਰੱਖ ਕੇ ਸ਼ਰਧਾਂਜਲੀ ਦਿੱਤੀ ਗਈ। ਇਸ ਮੀਟਿੰਗ ਨੂੰ ਸੰਬੋਧਨ ਕਰਦਿਆਂ ਸਰਪ੍ਰਸਤ ਸੁਰਿੰਦਰ ਕੁੰਦਰਾ ਨੇ ਸਮੂਹ ਮੈਂਬਰਾਂ ਨੂੰ ਆਪਣੇ ਆਪਣੇ ਬੂਥ ਲੈਵਲ ਤੇ ਕਾਂਗਰਸ ਪਾਰਟੀ ਦੀ ਮਜਬੂਤੀ ਲਈ ਡੱਟ ਕੇ ਕੰਮ ਕਰਨ ਲਈ ਪ੍ਰੇਰਿਤ ਕੀਤਾ। ਇਸ ਤੋਂ ਇਲਾਵਾ ਉਹਨਾਂ ਸਮੂਹ ਮੈਂਬਰਾਂ ਨੂੰ ਪਾਰਟੀ ਵੱਲੋਂ ਚੁਣੇ ਗਏ ਬੀ.ਐਲ.ਓ. 2 ਨੂੰ ਚੋਣ ਕਮਿਸ਼ਨ ਵੱਲੋਂ ਚਲਾਈ ਗਈ ਐਸ.ਆਈ.ਆਰ. ਮੁਹਿੰਮ ਤਹਿਤ ਆਪਣੇ ਆਪਣੇ ਬੂਥ ਲੈਵਲ ਤੇ ਵੋਟਰ ਸੂਚੀਆਂ ਦੀ ਸੁਧਾਈ ਲਈ ਆਪਣੇ ਪੱਧਰ ਤੇ ਬੀ.ਐਲ.ਓ. ਨਾਲ ਮਿਲ ਕੇ ਸਹਿਯੋਗ ਕਰਨ ਲਈ ਕਿਹਾ ਤਾਂ ਜੋ ਨਜਾਇਜ਼ ਵੋਟਾਂ ਨਾ ਕੱਟੀਆਂ ਜਾਣ। ਇਸ ਮੀਟਿੰਗ ਨੂੰ ਹੋਰਨਾਂ ਤੋਂ ਇਲਾਵਾ ਬਲਾਕ ਮੀਡੀਆ ਇੰਚਾਰਜ ਵਨੀਤ ਕੁਮਾਰ ਝੜੌਦੀ, ਅਮਨਦੀਪ ਸਿੰਘ ਰਾਣਵਾਂ, ਨੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਆਪਣੇ ਵਿਚਾਰ ਰੱਖੇ ਅਤੇ ਕਾਂਗਰਸ ਪਾਰਟੀ ਦੀ ਮਜਬੂਤੀ ਲਈ ਡੱਟ ਕੇ ਕੰਮ ਕਰਨ ਦਾ ਪ੍ਰਣ ਲਿਆ। ਇਸ ਮੌਕੇ ਜਗਦੇਵ ਸਿੰਘ ਜੱਗੂ ਸੈਂਸੋਵਾਲ, ਹਜਾਰਾ ਸਿੰਘ ਅਕਾਲਗੜ੍ਹ, ਕੁਲਵੰਤ ਸਿੰਘ ਸਰਪੰਚ ਅਡਿਆਨਾ, ਤਲਵਿੰਦਰ ਸਿੰਘ ਸ਼ੇਰੀਆਂ, ਪੱਪੂ ਬਹਿਲੋਲਪੁਰ, ਯੁਵਰਾਜਜੀਤ ਸਿੰਘ ਰਾਏ, ਸਰਪੰਚ ਰਾਜਨ ਕੁਮਾਰ, ਸੰਜੀਵ ਕੁਮਾਰ ਰਿਸ਼ੀ, ਰਮੇਸ ਕੁਮਾਰ ਚੱਕਲੀ ਆਦਲ, ਮਨਜੀਤ ਮੰਡੇਰ, ਸ਼ੇਰ ਸਿੰਘ ਬੋਹਾਪੁਰ, ਬਲਕਾਰ ਸਿੰਘ ਪਵਾਰ, ਭੋਲਾ ਰਾਣਾ ਸਿਹਾਲਾ ਵੀ ਮੌਜੂਦ ਸਨ।

# ਨਰੇਸ਼ ਕੁਮਾਰ ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿੱ) ਮਾਲੇਰਕੋਟਲਾ ਨੇ ਆਪਣਾ ਆਹੁਦਾ ਸੰਭਾਲਿਆ



**ਮਾਲੇਰਕੋਟਲਾ 10 ਜੂਨ (ਸ਼ਰਮਾ)** ਜ਼ਿਲ੍ਹਾ ਸਿੱਖਿਆ ਦਫ਼ਤਰ ਮਾਲੇਰਕੋਟਲਾ ਵਿਖੇ ਸ੍ਰੀਮਤੀ ਬਲਜਿੰਦਰ ਕੌਰ ਜ਼ਿਲ੍ਹਾ ਸਿੱਖਿਆ ਅਫ਼ਸਰ ਮਾਲੇਰਕੋਟਲਾ ਜੀ ਦੀ ਅਗਵਾਈ ਵਿੱਚ ਸ੍ਰੀ ਨਰੇਸ਼ ਕੁਮਾਰ ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ (ਐ ਸਿੱ) ਨੇ ਆਪਣਾ ਆਹੁਦਾ ਸੰਭਾਲ ਲਿਆ ਹੈ ਇਸ ਸੰਬੰਧੀ ਜਾਣਕਾਰੀ ਦਿੰਦਿਆਂ ਸ ਰੂਪ ਸਿੰਘ ਲੈਕਚਰਾਰ ਦੱਸਿਆ ਕਿ ਮਾਲੇਰਕੋਟਲਾ ਜ਼ਿਲ੍ਹੇ ਲਈ ਇਹ ਮਾਣ ਵਾਲੀ ਗੱਲ ਹੈ ਕਿ ਸ੍ਰੀ ਨਰੇਸ਼ ਕੁਮਾਰ ਵਰਗੇ ਮਿਹਨਤੀ ਅਤੇ ਸਾਊ ਸੁਭਾਅ ਦੇ ਮਾਲਕ ਸਾਡੇ ਜ਼ਿਲ੍ਹੇ ਦੇ ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ ਬਣੇ ਹਨ, ਇਸ ਸਮੇਂ ਰਣਦੀਪ ਸਿੰਘ ਪ੍ਰਧਾਨ ਐਸ ਸੀ ਬੀ ਸੀ ਅਧਿਆਪਕ ਯੂਨੀਅਨ ਮਾਲੇਰਕੋਟਲਾ ਨੇ ਦੱਸਿਆ ਕਿ ਬੱਚਿਆਂ ਦੀ ਸਿੱਖਿਆ ਅਤੇ ਸਕੂਲਾਂ ਦੀ ਬਿਹਤਰੀ ਲਈ ਹਰ ਸੰਭਵ ਸਹਿਯੋਗ ਦਿੱਤਾ ਜਾਵੇਗਾ ਅਤੇ ਸਾਰੇ ਅਧਿਆਪਕ ਸ੍ਰੀ ਨਰੇਸ਼ ਕੁਮਾਰ ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ ਜੀ ਦੀ ਅਗਵਾਈ ਵਿੱਚ ਜ਼ਿਲ੍ਹੇ ਨੂੰ ਸਭ ਤੋਂ ਉੱਪਰ ਲੈਣ ਕੇ ਜਾਣ ਦਾ ਯਤਨ ਕਰਨਗੇ ਅਤੇ ਸਾਨੂੰ ਪੂਰਨ ਆਸ ਹੈ ਕਿ ਅਧਿਆਪਕਾਂ ਦੇ ਸਭ ਜਾਇਜ਼ ਕੰਮਾਂ ਲਈ ਹੁਣ ਸਾਨੂੰ ਜ਼ਿਆਦਾ ਇੰਤਜ਼ਾਰ ਨਹੀਂ ਕਰਨਾ ਪਵੇਗਾ ਇਸ ਸਮੇਂ ਹੋਰਨਾਂ ਤੋਂ ਇਲਾਵਾ ਸ ਸੋਹਣ ਸਿੰਘ ਬੀਪੀਈਓ ਮਾਲੇਰਕੋਟਲਾ, ਰਜਿੰਦਰ ਕੁਮਾਰ ਪ੍ਰਿੰਸੀਪਲ ਡੀ ਐਸ ਐਮ, ਮੁਹੰਮਦ ਇਮਰਾਨ ਬੀ ਐਨ ਓ, ਜ਼ਾਹਿਦ ਸ਼ਫੀਕ ਬੀ ਐਨ ਓ ਅਤੇ ਸੱਜਾਦ ਅਲੀ ਗੌਰੀਆ, ਡਾ ਮੁਹੰਮਦ ਸ਼ਫੀਕ, ਪੁਨੀਤ ਵਾਤਿਸ, ਯਾਮੀਨ ਨੂਰ, ਨੂਰ ਮੁਹੰਮਦ, ਸੁਖਵਿੰਦਰ ਸਿੰਘ ਸੀਨੀਅਰ ਸਹਾਇਕ, ਮੁਹੰਮਦ ਰਿਜ਼ਵਾਨ, ਜਸਵੀਰ ਕੌਰ, ਜਬਰ ਅੱਬਾਸ, ਸੁਖਵਿੰਦਰ ਸਿੰਘ ਨਾਰੀਕੇ ਸਰਪ੍ਰਸਤ ਐਸ ਸੀ ਬੀ ਸੀ ਅਧਿਆਪਕ ਯੂਨੀਅਨ, ਗੁਰਜੰਟ ਸਿੰਘ ਮੀਤ ਪ੍ਰਧਾਨ, ਗੁਰਪ੍ਰੀਤ ਸਿੰਘ ਹਿੰਮਤਾਨਾ, ਭਿੰਦਰ ਸਿੰਘ ਹਿੰਮਤਾਨਾ, ਰਾਜਦੇਵ ਸਿੰਘ ਸੀ ਐਚ ਟੀ, ਪ੍ਰੇਮ ਸਿੰਘ ਲੈਕਚਰਾਰ, ਮਾਨ ਸਿੰਘ, ਜਿਲ੍ਹਾ ਸਿੱਖਿਆ ਦਫ਼ਤਰ ਦਾ ਸਾਰਾ ਸਟਾਫ਼ ਤੇ ਹੋਰ ਅਧਿਆਪਕ ਹਾਜ਼ਰ ਸਨ।

# ਗੁਰਪ੍ਰੀਤ ਸਿੰਘ ਵਿਰਦੀ ਮਲੋਟ ਨੂੰ ਰਾਮਗੜ੍ਹੀਆ ਵੈੱਲਫੇਅਰ ਬੋਰਡ, ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦਾ ਚੇਅਰਮੈਨ ਨਿਯੁਕਤ ਕੀਤਾ

**ਮਲੋਟ, 10 ਜੂਨ (ਹਰਦੀਪ ਸਿੰਘ ਖਾਲਸਾ):** ਪੰਜਾਬ ਸਰਕਾਰ ਵੱਲੋਂ ਰਾਮਗੜ੍ਹੀਆ ਵੈੱਲਫੇਅਰ ਬੋਰਡ ਦੇ ਚੇਅਰਮੈਨ, ਵਾਈਸ ਚੇਅਰਮੈਨ ਅਤੇ ਮੈਂਬਰਾਂ ਦੀਆਂ ਨਿਯੁਕਤੀਆਂ ਦਾ ਐਲਾਨ ਕੀਤਾ ਗਿਆ ਹੈ। ਇਸ ਤਹਿਤ ਸਮਾਜ ਸੇਵਾ ਅਤੇ ਲੋਕ ਭਲਾਈ ਕਾਰਜਾਂ ਵਿੱਚ ਸਰਗਰਮ ਆਗੂ ਗੁਰਪ੍ਰੀਤ ਸਿੰਘ ਵਿਰਦੀ ਮਲੋਟ ਨੂੰ ਰਾਮਗੜ੍ਹੀਆ ਵੈੱਲਫੇਅਰ ਬੋਰਡ, ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦਾ ਚੇਅਰਮੈਨ ਨਿਯੁਕਤ ਕੀਤਾ ਗਿਆ ਹੈ।



ਆਪਣੀ ਨਿਯੁਕਤੀ 'ਤੇ ਗੁਰਪ੍ਰੀਤ ਸਿੰਘ ਵਿਰਦੀ ਨੇ ਪੰਜਾਬ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ, ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ, ਸੀਨੀਅਰ ਆਗੂ ਮਨੀਸ਼ ਸਿਸੋਦੀਆ ਅਤੇ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਦਾ ਧੰਨਵਾਦ ਪ੍ਰਗਟ ਕਰਦਿਆਂ ਕਿਹਾ ਕਿ ਉਹ ਉਨ੍ਹਾਂ ਉੱਤੇ ਜਤਾਏ ਵਿਸ਼ਵਾਸ 'ਤੇ ਖਰਾ ਉਤਰਣ ਲਈ ਪੂਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਕੰਮ ਕਰਨਗੇ। ਇਸ ਨਿਯੁਕਤੀ ਦੀ ਖ਼ਬਰ ਮਿਲਣ ਉਪਰੰਤ ਇਲਾਕੇ ਅਤੇ ਰਾਮਗੜ੍ਹੀਆ ਭਾਈਚਾਰੇ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ। ਇਸ ਮੌਕੇ ਪੰਜਾਬ ਕੋਆਪਰੇਟਿਵ ਬੈਂਕ ਦੇ ਚੇਅਰਮੈਨ ਜਗਦੇਵ ਸਿੰਘ ਬਾਮ, ਚੇਅਰਮੈਨ ਸੁਖਜਿੰਦਰ ਸਿੰਘ ਕੌਣੀ, ਬਲਾਕ ਪ੍ਰਧਾਨ ਅਤੇ ਐਮ.ਸੀ. ਜਸਮੀਤ ਸਿੰਘ ਬਰਾੜ, ਬਲਾਕ ਪ੍ਰਧਾਨ ਰਾਜੀਵ ਬੱਬੂ ਉੱਪਲ, ਮੀਡੀਆ ਐਡਵਾਈਜ਼ਰ ਮੋਹਿਤ ਸੋਨੀ, ਵਿਕਰਾਂਤ ਪੁਰਾਣਾ, ਕਰਮਜੀਤ ਸ਼ਰਮਾ, ਜੋਨੀ ਗਰਗ ਅਤੇ ਹੋਰ ਪਤਵੰਤੇ ਸੱਜਣਾਂ ਨੇ ਗੁਰਪ੍ਰੀਤ ਸਿੰਘ ਵਿਰਦੀ ਨੂੰ ਵਧਾਈ ਦਿੰਦਿਆਂ ਉਨ੍ਹਾਂ ਦੇ ਸਫਲ ਕਾਰਜਕਾਲ ਲਈ ਸ਼ੁਭਕਾਮਨਾਵਾਂ ਦਿੱਤੀਆਂ।

ਮੁਦਰਕ, ਪ੍ਰਕਾਸ਼ਕ ਅਤੇ ਸਵਾਮੀ ਰਵੀਨਾ ਰਾਣੀ ਨੇ ਪੁਸ਼ਪਕ ਪ੍ਰਿੰਟਰ, ਚੱਕ ਰੋਡ ਨੇੜੇ ਖਾਲਸਾ ਸਕੂਲ, ਸ੍ਰੀ ਮੁਕਤਸਰ ਸਾਹਿਬ ਤੋਂ ਛਪਵਾ ਕੇ ਮਾਲਵਾ ਬਾਣੀ ਦਫਤਰ, ਖੱਡੀਆਂ ਵਾਲੀ ਗਲੀ, ਹਾਊਸ ਨੰਬਰ 1740 , ਸ੍ਰੀ ਮੁਕਤਸਰ ਸਾਹਿਬ ਤੋਂ ਪ੍ਰਕਾਸ਼ਿਤ ਕੀਤਾ। ਸੰਪਾਦਕ ਰਵੀਨਾ ਰਾਣੀ
Rni.PUNPUN/2022/85964

# ਇਮਾਨਦਾਰੀ ਤੇ ਮਿਹਨਤ ਦਾ ਮਿਲਿਆ ਸਨਮਾਨ, ਪ੍ਰੀਤੀ ਜੈਨ ਨੂੰ ਮਿਲੀ ਪਟਿਆਲਾ ਅਰਬਨ ਮਹਿਲਾ ਵਿੰਗ ਦੇ ਜ਼ਿਲ੍ਹਾ ਜੁਆਇੰਟ ਸੈਕਟਰੀ ਦੀ ਜ਼ਿੰਮੇਵਾਰੀ

**ਪਾਤੜਾਂ, 10 ਜੂਨ (ਜਸਵਿੰਦਰ ਸਿੰਘ ਪਾਰਸ)** ਆਮ ਆਦਮੀ ਪਾਰਟੀ ਪੰਜਾਬ ਵੱਲੋਂ ਸੰਗਠਨਾਤਮਕ ਢਾਂਚੇ ਨੂੰ ਹੋਰ ਮਜ਼ਬੂਤ ਅਤੇ ਪ੍ਰਭਾਵਸ਼ਾਲੀ ਬਣਾਉਣ ਦੇ ਮੰਤਵ ਨਾਲ ਮਹਿਲਾ ਵਿੰਗ ਦੇ ਨਵੇਂ ਅਹੁਦੇਦਾਰਾਂ ਦਾ ਐਲਾਨ ਕੀਤਾ ਗਿਆ ਹੈ। ਪਾਰਟੀ ਦੀ ਕੇਂਦਰੀ ਅਤੇ ਸੂਬਾਈ ਲੀਡਰਸ਼ਿਪ ਵੱਲੋਂ ਦੂਜੀ ਵਾਰ ਕੌਂਸਲਰ ਚੁਣੀ ਗਈ ਪ੍ਰੀਤੀ ਜੈਨ ਨੂੰ ਪਟਿਆਲਾ ਅਰਬਨ ਮਹਿਲਾ ਵਿੰਗ ਦਾ ਜ਼ਿਲ੍ਹਾ ਜੁਆਇੰਟ ਸੈਕਟਰੀ ਨਿਯੁਕਤ ਕੀਤਾ ਗਿਆ ਹੈ। ਪਾਰਟੀ ਦੇ ਸੂਬਾ ਪ੍ਰਭਾਰੀ ਮਨੀਸ਼ ਸਿਸੋਦੀਆ ਅਤੇ ਪੰਜਾਬ ਪ੍ਰਧਾਨ



ਅਮਨ ਅਰੋੜਾ ਦੇ ਦਸਤਖਤਾਂ ਹੇਠ ਜਾਰੀ ਕੀਤੀ ਗਈ ਸੂਚੀ ਵਿੱਚ ਪ੍ਰੀਤੀ ਜੈਨ ਨੂੰ ਇਹ ਅਹਿਮ ਜ਼ਿੰਮੇਵਾਰੀ ਸੌਂਪੀ ਗਈ ਹੈ। ਪਾਰਟੀ ਅੰਦਰ ਇਮਾਨਦਾਰੀ, ਮਿਹਨਤ ਅਤੇ ਲੋਕਾਂ ਨਾਲ ਜੁੜ ਕੇ ਕੀਤੇ ਗਏ ਕੰਮਾਂ ਦੇ ਸਦਕਾ ਉਨ੍ਹਾਂ ਨੂੰ ਇਹ ਮਹੱਤਵਪੂਰਨ ਅਹੁਦਾ ਮਿਲਿਆ ਹੈ, ਜਿਸ ਨੂੰ ਉਨ੍ਹਾਂ ਦੇ ਵਧਦੇ ਸਿਆਸੀ ਪ੍ਰਭਾਵ ਅਤੇ ਲੀਡਰਸ਼ਿਪ ਵੱਲੋਂ ਜਤਾਏ ਗਏ ਭਰੋਸੇ ਵਜੋਂ ਦੇਖਿਆ ਜਾ ਰਿਹਾ ਹੈ। ਸਿਆਸੀ ਵਿਸ਼ਲੇਸ਼ਕਾਂ ਅਤੇ ਪਾਰਟੀ ਵਰਕਰਾਂ ਦਾ ਮੰਨਣਾ ਹੈ ਕਿ ਦੂਜੀ ਵਾਰ ਕੌਂਸਲਰ ਬਣਨ ਤੋਂ ਬਾਅਦ ਮਿਲੀ ਇਹ ਨਵੀਂ ਜ਼ਿੰਮੇਵਾਰੀ ਪ੍ਰੀਤੀ ਜੈਨ ਦੇ ਵਧਦੇ ਸਿਆਸੀ ਕੱਦ ਦਾ ਸਪੱਸ਼ਟ ਪ੍ਰਮਾਣ ਹੈ। ਉਨ੍ਹਾਂ ਨੇ ਹਮੇਸ਼ਾ ਜਨਤਕ ਮੁੱਦਿਆਂ ਨੂੰ ਤਰਜੀਹ ਦਿੱਤੀ ਹੈ ਅਤੇ ਪਾਰਟੀ ਦੀਆਂ ਨੀਤੀਆਂ ਨੂੰ ਲੋਕਾਂ ਤੱਕ ਪਹੁੰਚਾਉਣ ਵਿੱਚ ਅਹਿਮ ਭੂਮਿਕਾ ਨਿਭਾਈ ਹੈ। ਨਿਯੁਕਤੀ ਤੋਂ ਬਾਅਦ ਪਾਰਟੀ ਆਗੂਆਂ, ਵਰਕਰਾਂ ਅਤੇ ਸਮਰਥਕਾਂ ਵੱਲੋਂ ਪ੍ਰੀਤੀ ਜੈਨ ਨੂੰ ਵਧਾਈਆਂ ਦੇਣ ਦਾ ਸਿਲਸਿਲਾ ਲਗਾਤਾਰ ਜਾਰੀ ਹੈ। ਆਗੂਆਂ ਨੇ ਉਮੀਦ ਜਤਾਈ ਹੈ ਕਿ ਉਹ ਆਪਣੀ ਨਵੀਂ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਨਾਲ ਨਿਭਾਉਂਦੇ ਹੋਏ ਪਾਰਟੀ ਨੂੰ ਹੋਰ ਮਜ਼ਬੂਤ ਕਰਨ ਵਿੱਚ ਮਹੱਤਵਪੂਰਨ ਯੋਗਦਾਨ ਪਾਉਣਗੇ।

# ਬਾਬਾ ਘੁੰਨਸ ਨੇ ਭਗਤ ਮਹਾਂਪੁਰਖ ਅਜਾਇਬ ਸਿੱਖ ਘਰ ਦਾ ਉਦਘਾਟਨ ਕੀਤਾ



**ਤਪਾ ਮੰਡੀ, 10 ਜੂਨ (ਬੰਟੀ ਦੀਕਸ਼ਿਤ, ਮੇਸੀ ਤਪਾ):** ਸੰਤ ਬਾਬਾ ਨਰਾਇਣ ਸਿੰਘ ਮੋਨੀ ਜੀ ਦੀ ਯਾਦ ਨੂੰ ਸਮਰਪਿਤ ਬਣਾਏ ਗਏ ਸੰਤ ਬਾਬਾ ਨਰਾਇਣ ਸਿੰਘ ਮੋਨੀ ਜੀ ਮੈਮੋਰੀਅਲ ਟਰੱਸਟ ਵੱਲੋਂ ਭਗਤ ਮਹਾਂਪੁਰਖ ਅਜਾਇਬ ਸਿੰਘ ਘਰ ਦਾ ਉਦਘਾਟਨ ਕਰਵਾਇਆ ਗਿਆ।ਇਸ ਮੌਕੇ ਸਾਬਕਾ ਵਿਧਾਇਕ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਬਾਬਾ ਬਲਵੀਰ ਸਿੰਘ ਘੁੰਨਸ ਨੇ ਰਸਮੀ ਤੌਰ 'ਤੇ ਭਗਤ ਮਹਾਂਪੁਰਖ ਅਜਾਇਬ ਸਿੱਖ ਘਰ ਉਦਘਾਟਨ ਕੀਤਾ।ਬਾਬਾ ਬਲਵੀਰ ਸਿੰਘ ਘੁੰਨਸ ਨੇ ਧਾਰਮਿਕ ਅਤੇ ਸਮਾਜਿਕ ਸੇਵਾਵਾਂ ਨੂੰ ਯਾਦ ਕਰਦਿਆਂ ਕਿਹਾ ਕਿ ਉਨ੍ਹਾਂ ਦਾ ਜੀਵਨ ਸਮਾਜ ਲਈ ਪ੍ਰੇਰਨਾ ਸਰੋਤ ਹੈ ਅਤੇ ਉਨ੍ਹਾਂ ਦੀ ਯਾਦ ਵਿੱਚ ਬਣਾਈਆਂ ਜਾ ਰਹੀਆਂ ਸੇਵਾ ਸੰਸਥਾਵਾਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਮਾਰਗਦਰਸ਼ਨ ਪ੍ਰਦਾਨ ਕਰਨਗੀਆਂ। ਗੁਰਦੁਆਰਾ ਟਿੱਬਾ ਸਾਹਿਬ ਤਪਾ-ਦਰਾਜ ਦੇ ਟਰੱਸਟ ਦੇ ਚੇਅਰਮੈਨ ਜਗਦੀਸ ਸਿੰਘ ਬਰਾੜ ਨੇ ਦੱਸਿਆ ਕਿ ਇਹ ਟਰੱਸਟ ਸੰਤ ਬਾਬਾ ਨਰਾਇਣ ਸਿੰਘ ਮੋਨੀ ਜੀ ਦੀ ਯਾਦ ਨੂੰ ਸਦੀਵੀ ਬਣਾਈ ਰੱਖਣ ਅਤੇ ਸਮਾਜਿਕ ਤੇ ਧਾਰਮਿਕ ਸੇਵਾਵਾਂ ਨੂੰ ਪ੍ਰਫੁੱਲਤ ਕਰਨ ਦੇ ਉਦੇਸ਼ ਨਾਲ ਸਥਾਪਿਤ ਕੀਤਾ ਗਿਆ ਹੈ। ਇਸ ਮੌਕੇ ਟਰੱਸਟ ਦੇ ਚੇਅਰਮੈਨ ਜਗਦੀਸ ਸਿੰਘ ਬਰਾੜ, ਟਰੱਸਟ ਦੇ ਪ੍ਰਧਾਨ ਅਤੇ ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਤਪਾ ਸਰਪੰਚ ਗੁਰਜੰਟ ਸਿੰਘ ਧਾਲੀਵਾਲ, ਜਨਰਲ ਸਕੱਤਰ ਬੀਬੀ ਨਛੱਤਰ ਕੌਰ, ਹੈੱਡਮਾਸਟਰ ਬਲਵਿੰਦਰ ਸਿੰਘ, ਕਸ਼ਮੀਰਾ ਸਿੰਘ ਕਲੇਰ, ਲੈਕਚਰਾਰ ਭਗਵੰਤ ਸਿੰਘ, ਮਾਸਟਰ ਹਰਪਾਲ ਸਿੰਘ, ਬਿਲਮਜੀਤ ਸਿੰਘ (ਕੈਨੇਡਾ), ਭਾਈ ਮਲਕੀਤ ਸਿੰਘ, ਭਾਈ ਸਮਸ਼ੇਰ ਸਿੰਘ, ਸਾਬਕਾ ਪ੍ਰਧਾਨ ਨਿਰੰਜਨ ਸਿੰਘ, ਅਤਵਾਰ ਸਿੰਘ ਪਟਵਾਰੀ (ਬਰਨਾਲਾ), ਨਛੱਤਰ ਸਿੰਘ (ਬਰਨਾਲਾ), ਬਲਦੇਵ ਸਿੰਘ (ਬਰਨਾਲਾ), ਸੁਖਦੇਵ ਸਿੰਘ (ਬਰਨਾਲਾ), ਹੈੱਡ ਗ੍ਰੰਥੀ ਪਰਮਜੀਤ ਸਿੰਘ ਅਤੇ ਗੁਰਦੁਆਰਾ ਟਿੱਬਾ ਸਾਹਿਬ ਦੇ ਮੈਨੇਜਰ ਨੱਥਾ ਸਿੰਘ, ਬਾਬਾ ਸ਼ਿੰਦਰ ਸਿੰਘ ਘੁੰਨਸ, ਜਸਵਿੰਦਰ ਸਿੰਘ ਘੁੰਨਸ, ਕਰਨੈਲ ਸਿੰਘ ਦਰਾਕਾ, ਜਗਦੀਰ ਸਿੰਘ ਜੱਗ ਦਰਾਜ, ਕਾਲਾ ਸਿੰਘ, ਬਲਵਿੰਦਰ ਸਿੰਘ ਦਰਾਕਾ, ਮਨਪ੍ਰੀਤ ਮਨੀ ਧਾਲੀਵਾਲ, ਜੋਗਿੰਦਰ ਸਿੰਘ ਤਪਾ, ਬੇਅੰਤ ਸਿੰਘ ਮਾਂਗਟ, ਰਛਪਾਲ ਸਿੰਘ ਦਰਾਕਾ, ਅਮਨਦੀਪ ਸਿੰਘ ਦਰਾਕਾ, ਬਿੰਦਰ ਸਿੰਘ ਦਰਾਕਾ ਸਮੇਤ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

## ਜੇਕਰ ਵਣ ਮੰਤਰੀ ਵੱਲੋਂ ਜੰਗਲਾਤ ਵਰਕਰਜ਼ ਯੂਨੀਅਨ ਨਾਲ 24 ਜੂਨ ਨੂੰ ਮੀਟਿੰਗ ਨਾ ਕੀਤੀ ਤਾਂ ਉਨ੍ਹਾਂ ਦੇ ਹਲਕੇ ਵਿੱਚ ਲੱਗੇਗਾ ਪੱਕਾ ਮੋਰਚਾ - ਆਗੂ

**ਸਮਰਾਲਾ 10 ਜੂਨ ਹਨੀਸ਼ ਕੋਸ਼ਲ/ ਸ਼ਾਸ਼ਵੱਤ ਦੱਤ ਅਤਰੇ** - ਜੰਗਲਾਤ ਵਰਕਰਜ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਜਥੇਦਾਰ ਅਮਰੀਕ ਸਿੰਘ ਦੀ ਪ੍ਰਧਾਨਗੀ ਹੇਠ ਮੀਟਿੰਗ ਹੋਈ। ਸੂਬਾ ਸਕੱਤਰ ਜਸਵਿੰਦਰ ਸਿੰਘ ਸੌਜਾ ਨੇ ਮੀਟਿੰਗ ਦੀ ਕਾਰਵਾਈ ਚਲਾਉਂਦੇ ਆ ਪੰਜਾਬ ਦੇ ਵੱਖ ਵੱਖ ਜਿਲਿਆਂ ਦੇ ਸੁਬਾਈ ਆਗੂਆਂ ਨੂੰ ਦੱਸਿਆ ਗਿਆ ਕਿ ਮਾਨਯੋਗ ਵਣ ਮੰਤਰੀ ਵੱਲੋਂ ਜਥੇਬੰਦੀ ਨੂੰ 14 ਮਈ ਅਤੇ 9 ਜੂਨ ਅਤੇ ਹੁਣ 24 ਜੂਨ ਨੂੰ ਮੀਟਿੰਗ ਸਮਾਂ ਦਿਤਾ ਹੈ ਵਣ ਮੰਤਰੀ ਵਲੋਂ ਜੰਥੇਬੰਦੀ ਨਾਲ ਵਾਰ ਵਾਰ ਮੀਟਿੰਗਾਂ ਦਾ ਸਮਾਂ ਦੇ ਕੇ ਮੀਟਿੰਗਾਂ ਨਾ ਕਰਨੀਆਂ ਜਿਸ ਦੇ ਰੋਜ਼ ਵਜੋ ਜਥੇਬੰਦੀ ਨੇ ਫੈਸਲਾ ਕੀਤਾ ਕਿ ਜੇਕਰ 24 ਜੂਨ ਨੂੰ ਮਾਨਯੋਗ ਵਣ ਮੰਤਰੀ ਨੇ ਜਥੇਬੰਦੀ ਨਾਲ ਮੀਟਿੰਗ ਨਾ ਕੀਤੀ ਅਤੇ ਵਣ ਅਤੇ ਜੰਗਲੀ ਜੀਵ ਵਿਭਾਗ ਦੇ ਡੇਲੀਵੇਜ ਕਾਮਿਆਂ ਨੂੰ ਪੱਕਿਆ ਨਾ ਕੀਤਾ, ਡੇਲੀਵੇਜ ਕਾਮਿਆਂ ਨੂੰ ਪਿਛਲੇ ਤਿੰਨ ਮਹੀਨੇ ਤੋਂ ਬਕਾਇਆ ਤਨਖਾਹਾਂ ਜਾਰੀ ਨਾ ਕੀਤੀਆਂ ਤਾਂ ਜੰਗਲਾਤ ਵਰਕਰਜ ਯੂਨੀਅਨ ਪੰਜਾਬ 26 ਜੂਨ ਨੂੰ ਮਾਨਯੋਗ ਵਣ ਮੰਤਰੀ ਦੇ ਵਿਧਾਨ ਸਭਾ ਹਲਕਾ ਭੋਆ ਵਿੱਚ ਸੂਬਾ ਪੱਧਰੀ ਰੋਸ ਰੈਲੀ ਕੀਤੀ ਕਰੇਗੀ। ਜੇਕਰ ਇਸ ਉਪਰੰਤ ਵੀ ਮੰਗਾਂ ਨਹੀਂ ਮੰਨੀਆਂ ਜਾਂਦੀਆਂ ਤਾਂ ਹਲਕਾ ਭੋਆ ਵਿਖੇ ਪੱਕਾ ਮੋਰਚਾ ਸ਼ੁਰੂ ਕੀਤਾ ਜਾਵੇਗਾ ਜਿਸ ਦੀ ਸਮੁੱਚੀ ਜ਼ਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ। ਮੀਟਿੰਗ ਵਿੱਚ ਜ਼ਿਲ੍ਹਾ ਪ੍ਰਧਾਨ ਰਵੀ ਭਾਰਦਵਾਜ, ਜਨਰਲ ਸਕੱਤਰ ਰਛਪਾਲ ਸਿੰਘ, ਵਿੱਤ ਸਕੱਤਰ ਬੂਟਾ ਸਿੰਘ, ਸੀਨੀਅਰ ਮੀਤ ਪ੍ਰਧਾਨ ਸੁਰਜੀਤ ਸਿੰਘ, ਅਤੇ ਮਨਪ੍ਰੀਤ ਸਿੰਘ ਆਦਿ ਹਾਜ਼ਰ ਸਨ।



ਮਾਸਟਰ ਰਾਮ ਪ੍ਰਤਾਪ ਜੀ ਵਾਸੀ ਜੋਧਵਾਲ ਦਾ 90ਵਾਂ ਜਨਮ ਦਿਨ ਗਿੱਲ ਬ੍ਰਦਰਜ਼ ਮਨੀਲਾ ਵਾਲੇ ਅਤੇ ਪ੍ਰੀਵਾਰਕ ਮੈਂਬਰਾਂ ਵੱਲੋਂ ਚਾਵਾਂ ਨਾਲ ਮਨਾਇਆ ਗਿਆ। ਪ੍ਰਮਾਤਮਾ ਮਾਸਟਰ ਰਾਮ ਪ੍ਰਤਾਪ ਜੀ ਨੂੰ ਲੰਬੀਆਂ ਉਮਰਾਂ ਅਤੇ ਤੰਦਰੁਸਤੀ ਬਖਸ਼ਣ।

ਪੱਤਰਕਾਰ ਮਾਸਟਰ ਸਤੀਸ਼ ਕੁਮਾਰ ਸ੍ਰੀ ਮਾਛੀਵਾੜਾ ਸਾਹਿਬ
95014-90468

# ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੇ ਬੁੱਟਰ ਦੇ ਵਿਦਿਆਰਥੀ ਵਿਸਾਖਾ ਸਿੰਘ ਨੇ 'ਪੀ.ਐੱਸ.ਟੀ.ਐੱਸ.ਈ.' ਪ੍ਰੀਖਿਆ ਪਾਸ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ - ਉੱਪ ਜਿਲਾ ਸਿੱਖਿਆ ਅਫਸਰ ਗੁਰਦਿਆਲ ਸਿੰਘ ਮਠਾੜੂ

## ਮੈਥ ਅਧਿਆਪਕ ਜਗਦੀਪ ਸਿੰਘ ਅਤੇ ਪੰਜਾਬੀ ਅਧਿਆਪਕਾ ਪਰਵਿੰਦਰ ਕੌਰ ਦੇ ਜਜ਼ਬੇ ਨੂੰ ਸਲਾਮ



**ਮੋਗਾ 10 ਜੂਨ (ਸਤਨਾਮ ਸਿੰਘ ਘਾਰੂ)** ਅਧਿਆਪਕਾਂ ਦਾ ਸਹੀ ਮਾਰਗਦਰਸ਼ਨ ਅਤੇ ਵਿਦਿਆਰਥੀ ਦੀ ਸਖ਼ਤ ਮਿਹਨਤ ਜ਼ਰੂਰ ਰੰਗ ਲਿਆਉਂਦੀ ਹੈ। ਇਸ ਦੀ ਪੁਖਤਾ ਮਿਸਾਲ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੇ ਬੁੱਟਰ ਜ਼ਿਲ੍ਹਾ ਮੋਗਾ ਵਿੱਚ ਦੇਖਣ ਨੂੰ ਮਿਲੀ ਜਦੋਂ ਇਸ ਸਕੂਲ ਦੇ ਹੋਣਹਾਰ ਵਿਦਿਆਰਥੀ ਵਿਸਾਖਾ ਸਿੰਘ ਸਪੁੱਤਰ ਸਰਦਾਰ ਸੁਦਾਗਰ ਸਿੰਘ ਨੇ 'ਪੰਜਾਬ ਸਟੇਟ ਟੈਲੈਂਟ ਸਰਚ ਐਗਜ਼ਾਮੀਨੇਸ਼ਨ' 2026 ਦੀ ਪ੍ਰੀਖਿਆ ਪਾਸ ਕਰਕੇ ਸਕੂਲ ਅਤੇ ਇਲਾਕੇ ਦਾ ਨਾਂ ਰੌਸ਼ਨ ਕੀਤਾ। ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ ਸਰਦਾਰ ਗੁਰਦਿਆਲ ਸਿੰਘ ਮਠਾੜੂ ਨੇ ਵਿਸਾਖਾ ਸਿੰਘ ਨੂੰ ਪੀ ਐਸ ਟੀ ਐਸ ਈ ਪ੍ਰੀਖਿਆ ਪਾਸ ਕਰਨ ਦੇ ਲਈ ਸ਼ਾਬਾਸ਼ ਦਿੱਤੀ ਅਤੇ ਸਮੂਹ ਸਟਾਫ਼ ਨੂੰ ਵਧਾਈਆਂ ਦਿੰਦੇ ਹੋਏ ਹੌਸਲਾਅਫਜ਼ਾਈ ਕੀਤੀ। ਵਿਦਿਆਰਥੀ ਵਿਸਾਖਾ ਸਿੰਘ ਨੇ ਇਸ ਸਫਲਤਾ ਦਾ ਸਿਹਰਾ ਸਕੂਲ ਦੇ ਸਮੂਹ ਸਟਾਫ਼ ਨੂੰ ਦਿੰਦੇ ਹੋਏ ਕਿਹਾ ਕਿ ਮੈਂ ਖੁਸ਼ਕਿਸਮਤ ਹਾਂ, ਜਿਸ ਨੂੰ ਐਨਾ ਪਿਆਰ ਅਤੇ ਸਹਿਯੋਗ ਦੇਣ ਵਾਲੇ ਅਧਿਆਪਕ ਮਿਲੇ ਹਨ। ਉਸ ਨੇ ਕਿਹਾ ਕਿ ਮੈਨੂੰ ਪ੍ਰੀਖਿਆ ਬਾਰੇ ਸਤਿਕਾਰਯੋਗ ਮੈਥ ਅਧਿਆਪਕ ਜਗਦੀਪ ਸਿੰਘ ਨੇ ਜਾਣਕਾਰੀ ਦੇਕੇ ਤਿਆਰੀ ਕਰਵਾਈ ਸੀ। ਉਹਨਾਂ ਇਹ ਵੀ ਕਿਹਾ ਕਿ ਪੰਜਾਬੀ ਅਧਿਆਪਕਾ ਪਰਵਿੰਦਰ ਕੌਰ ਨੇ ਪੜ੍ਹਨ ਲਈ ਕਿਤਾਬਾਂ ਮੁੱਹਈਆ ਕਰਵਾਈਆਂ ਸਨ ਅਤੇ ਕਿਹਾ ਸੀ ਕਿ ਕਿਸੇ ਵੀ ਪ੍ਰਕਾਰ ਦੇ ਸਹਿਯੋਗ ਦੀ ਜ਼ਰੂਰਤ ਹੋਵੇ ਤਾਂ ਬੇਝਿਜਕ ਦੱਸਣਾ ਪਰ ਮਿਹਨਤ ਕਰਕੇ ਪ੍ਰੀਖਿਆ ਵਿੱਚੋਂ ਪਾਸ ਹੋਣਾ ਹੀ ਹੋਣਾ ਹੈ। ਇਸ ਤਰ੍ਹਾਂ ਅਧਿਆਪਕਾਂ ਦੇ ਸਹਿਯੋਗ ਨਾਲ ਬਿਹਤਰੀਨ ਨਤੀਜਾ ਹਾਸਲ ਹੋ ਸਕਿਆ ਹੈ। ਇਸ ਮਾਣਮੱਤੀ ਪ੍ਰਾਪਤੀ 'ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਸਕੂਲ ਮੁਖੀ ਲੈਕਚਰਾਰ ਗੁਰਬੰਤ ਸਿੰਘ ਰਣੀਆਂ ਅਤੇ ਸਮੂਹ ਸਟਾਫ਼ ਨੇ ਵਿਦਿਆਰਥੀ ਅਤੇ ਉਸਦੇ ਪਰਿਵਾਰ ਨੂੰ ਮੁਬਾਰਕਬਾਦ ਦਿੱਤੀ। ਸਕੂਲ ਮੁਖੀ ਨੇ ਕਿਹਾ ਕਿ ਵਿਦਿਆਰਥੀ ਵਿਸਾਖਾ ਸਿੰਘ ਦੀ ਸਖ਼ਤ ਮਿਹਨਤ, ਲਗਨ ਅਤੇ ਦ੍ਰਿੜ੍ਹਤਾ ਸਦਕਾ ਅੱਜ ਉਸ ਦੇ ਮਾਤਾ ਪਿਤਾ ਸਮੂਹ ਸਕੂਲ ਸਟਾਫ਼ ਅਤੇ ਸਮੁੱਚੇ ਇਲਾਕੇ ਨੂੰ ਉਸ 'ਤੇ ਬਹੁਤ ਮਾਣ ਹੈ। ਸਕੂਲ ਮੁਖੀ ਅਤੇ ਸਮੂਹ ਸਟਾਫ਼ ਵੱਲੋਂ ਹੋਣਹਾਰ ਵਿਦਿਆਰਥੀ ਦੇ ਸੁਨਹਿਰੀ, ਸਫ਼ਲ ਅਤੇ ਸ਼ਾਨਦਾਰ ਭਵਿੱਖ ਲਈ ਸ਼ੁਭਕਾਮਨਾਵਾਂ ਭੇਟ ਕੀਤੀਆਂ ਗਈਆਂ ਅਤੇ ਉਮੀਦ ਜਤਾਈ ਗਈ ਕਿ ਉਹ ਅੱਗੇ ਵੀ ਇਸੇ ਤਰ੍ਹਾਂ ਵੱਡੀਆਂ ਮੱਲਾਂ ਮਾਰਦਾ ਰਹੇਗਾ।

# ਰਵਾਇਤੀ ਪਾਰਟੀਆਂ ਦਾ ਫਰਜ਼ੀ ਅਤੇ ਗੁੰਮਰਾਹਕੁੰਨ ਪ੍ਰਚਾਰ ਦਾ ਪੰਜਾਬੀ 2027 ਵਿੱਚ ਕਰਨਗੇ ਪਰਦਾਫਾਸ਼ : ਸਤਿੰਦਰ ਕੌਰ ਧਾਲੀਵਾਲ



**ਫਿਰੋਜ਼ਪੁਰ, 10 ਜੂਨ (ਸਤਨਾਮ ਸਿੰਘ ਘਾਰੂ)** ਅਧਿਕਾਰ ਸੰਘਰਸ਼ ਪਾਰਟੀ ਦੇ ਸੀਨੀਅਰ ਵਾਇਸ ਪ੍ਰਧਾਨ ਪੰਜਾਬ ਸਤਿੰਦਰ ਕੌਰ ਧਾਲੀਵਾਲ ਨੇ ਪ੍ਰੈਸ ਦੇ ਕੁੱਝ ਚੋਣਵੇਂ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਕਿਹਾ ਹੈ ਕਿ ਐਤਕੀ ਪੰਜਾਬੀ ਰਵਾਇਤੀ ਪਾਰਟੀਆਂ ਦੇ ਫਰਜ਼ੀ, ਝੂਠ ਕੁੰਨ ਅਤੇ ਗੁੰਮਰਾਹਕੁੰਨ ਪ੍ਰਚਾਰ ਦਾ ਪਰਦਾਫਾਸ਼ ਕਰਕੇ ਇੰਨਾਂ ਨੂੰ ਲੋਕਾਂ ਦੀ ਕਚਿਹਰੀ ਵਿੱਚ ਨੰਗਾ ਕਰਨਗੇ। ਵਿਧਾਨ ਸਭਾ ਹਲਕਾ ਫਿਰੋਜ਼ਪੁਰ ਦਿਹਾਤੀ ਰਾਖਵਾਂ ਦੇ ਪਿੰਡ ਰੱਤਾਖੇੜਾ ਵਿਚ ਮੀਟਿੰਗ ਨੂੰ ਸੰਬੋਧਨ ਕਰਦਿਆਂ ਧਾਲੀਵਾਲ ਨੇ ਕਿਹਾ ਕਿ ਅਧਿਕਾਰ ਸੰਘਰਸ਼ ਪਾਰਟੀ ਦੀ ਸਰਕਾਰ ਬਣਨ ਤੇ ਔਰਤਾਂ ਨੂੰ ਬਰਾਬਰ ਦੇ ਮੌਕੇ ਅਤੇ ਬਰਾਬਰ ਦੇ ਹੱਕ ਦਿੱਤੇ ਜਾਣਗੇ। ਅਧਿਕਾਰ ਸੰਘਰਸ਼ ਪਾਰਟੀ ਮਹਿਲਾਵਾਂ ਨੂੰ ਰਾਜਨੀਤਿਕ ਪ੍ਰਤੀਨਿਧਤਾ ਦੇਣ ਲਈ ਵਚਨਬੱਧ ਹੈ, 2027 ਵਿੱਚ ਔਰਤਾਂ ਨੂੰ 35 % ਚੋਣਾਂ ਵਿੱਚ ਰਾਜਸੀ ਨੁਮਾਇੰਦਗੀ ਦਿੱਤੀ ਜਾਵੇਗੀ ਤਾਂਕਿ ਔਰਤਾਂ ਵੀ ਵਿਧਾਨ ਸਭਾ ਅੰਦਰ ਆਪਣੇ ਮਸਲੇ ਤੇ ਹੱਕ ਜ਼ੋਰਸ਼ੋਰ ਨਾਲ ਉਠਾ ਸਕਣ। ਇਸ ਮੀਟਿੰਗ ਵਿੱਚ ਹਾਜ਼ਰ ਹਲਕਾ ਇੰਚਾਰਜ ਜ਼ੀਰਾ ਮਿਸ ਚੰਦਨਪ੍ਰੀਤ ਕੌਰ ਅਲਕਾ ਨੇ ਕਿਹਾ ਕਿ ਪੰਜਾਬ ਦੇ ਲੋਕ ਹੁਣ ਚੇਤੰਨ ਹੋ ਗਏ ਹਨ ਉਹ ਸਾਰੀਆਂ ਰਵਾਇਤੀ ਪਾਰਟੀਆਂ ਦੇ ਜਾਲ ਵਿੱਚ ਨਹੀਂ ਫਸਣਗੇ। ਮਿਸ ਚੰਦਨਪ੍ਰੀਤ ਅਲਕਾ ਨੇ ਕਿਹਾ ਕਿ ਜਿਹੜੀਆਂ ਵੀ ਤਤਕਾਲੀ ਪਾਰਟੀਆਂ ਦੀਆਂ ਸਰਕਾਰਾਂ ਨੇ ਪੋਸਟ ਮੈਟ੍ਰਿਕ ਸਕਾਲਰਸ਼ਿਪ ਗਰੀਬ ਵਿਦਿਆਰਥੀਆਂ ਨੂੰ ਜਾਰੀ ਨਹੀਂ ਕੀਤਾ ਜਿਸ ਕਾਰਨ ਕਾਲਜ ਅਤੇ ਯੂਨੀਵਰਸਿਟੀਆਂ ਵੱਲੋਂ ਉਨਾਂ ਨੂੰ ਪਾਸ ਆਊਟ ਸਰਟੀਫਕੇਟ ਰਲੀਜ਼ ਨਹੀਂ ਕੀਤੇ ਜਾ ਰਹੇ, ਸਬੰਧਤ ਗਰੀਬ ਵਿਦਿਆਰਥੀਆਂ ਬਹੁਤ ਨੁਕਸਾਨ ਹੋਣ ਕਾਰਨ ਬੱਚੇ ਪ੍ਰੇਸ਼ਾਨੀ ਦਾ ਸਾਹਮਣਾ ਕਰ ਰਹੇ ਹਨ।

ਹਲਕਾ ਇੰਚਾਰਜ ਜ਼ੀਰਾ ਮਿਸ ਚੰਦਨਪ੍ਰੀਤ ਨੇ ਕਿਹਾ ਕਿ ਅਧਿਕਾਰ ਸੰਘਰਸ਼ ਪਾਰਟੀ ਦੀ ਸਰਕਾਰ ਬਣਨ ਤੇ ਪੋਸਟ ਮੈਟ੍ਰਿਕ ਸਕਾਲਰਸ਼ਿਪ ਘਪਲੇ ਦੀ ਜਾਂਚ ਕਰਕੇ ਦੋਸ਼ੀਆਂ ਨੂੰ ਜੇਲ ਦੀਆਂ ਸਲਾਖਾਂ ਪਿੱਛੇ ਡੱਕਿਆ ਜਾਵੇਗਾ ਅਤੇ ਡਕਾਰੇ ਗਏ ਪੈਸੇ ਦੀ ਰਿਕਵਰੀ ਕਰਕੇ ਇਹ ਪੈਸਾ ਸਰਕਾਰੀ ਖਜ਼ਾਨੇ ਵਿਚ ਜਮ੍ਹਾਂ ਕਰਵਾਇਆ ਜਾਵੇਗਾ।

ਇਸ ਮੀਟਿੰਗ ਵਿੱਚ ਪਾਰਟੀ ਦੇ ਪੰਜਾਬ ਪ੍ਰਧਾਨ ਅਤੇ ਪ੍ਰਮੁੱਖ ਸਲਾਹਕਾਰ ਇੰਜ ਸੁਰਿੰਦਰ ਸਿੰਘ ਭਿੰਡਰ ਨੇ ਵੀ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ। ਮੀਟਿੰਗ ਨੂੰ ਸੰਬੋਧਨ ਹੁੰਦਿਆਂ ਪੰਜਾਬ ਪ੍ਰਧਾਨ ਨੇ ਕਿਹਾ ਕਿ ਪੜ੍ਹੇ ਲਿਖੇ ਨੌਜਵਾਨਾਂ ਦੀ ਖੱਜਲ ਖ਼ੁਆਰੀ ਬੰਦ ਕਰਕੇ ਉਨਾਂ ਦੀ ਯੋਗਤਾ ਅਨੁਸਾਰ ਉਨਾਂ ਨੂੰ ਸਰਕਾਰੀ ਨੌਕਰੀਆਂ ਦਿੱਤੀਆਂ ਜਾਣਗੀਆਂ। ਮੰਡਲ ਕਮਿਸ਼ਨ ਰਿਪੋਰਟ ਅਤੇ ਸੱਚਰ ਕਮਿਸ਼ਨ ਰਿਪੋਰਟ ਇੰਨ ਬਿੰਨ ਲਾਗੂ ਕੀਤੀ ਜਾਵੇਗੀ। ਪਿੰਡ ਵਾਸੀਆਂ ਨੇ ਵਿਸ਼ਵਾਸ ਦਿਵਾਇਆ ਕਿ ਅਗਲੀ ਮੀਟਿੰਗ ਭਰਵੀਂ ਅਤੇ ਬੇਮਿਸਾਲ ਹੋਵੇਗੀ। ਮੀਟਿੰਗ ਦਾ ਵਿਸ਼ੇਸ਼ ਪ੍ਰਬੰਧ ਗਗਨਦੀਪ ਸਿੰਘ ਰੱਤਾਖੇੜਾ ਨੇ ਕੀਤਾ। ਇਸ ਮੀਟਿੰਗ ਵਿੱਚ ਰਣਜੀਤ ਸਿੰਘ, ਗੁਰਸ਼ਰਨ ਸਿੰਘ, ਗੁਰਜੀਤ ਸਿੰਘ, ਮਹਿਕਦੀਪ, ਸੁਖਦੀਪ, ਬਲਜਿੰਦਰ ਸਿੰਘ ਅਤੇ ਅੰਮ੍ਰਿਤਪਾਲ ਕੌਰ ਵੀ ਮੌਜੂਦ ਸਨ।

# ਮਾਵਾਂ ਤੇ ਭੈਣਾਂ ਦੇ ਸਨਮਾਨ ਸਕੀਮ ਤਹਿਤ ਵਾਰਡ 6 ਅਤੇ 7 ਵਿੱਚ ਭਰੇ ਗਏ ਫਾਰਮ



**ਨਾਭਾ 10 ਜੂਨ (ਬਲਜਿੰਦਰ ਮਾਨ)** ਕੌਂਸਲਰ ਕਮਲ ਕੁਮਾਰ ਰਾਜੂ, ਵਾਰਡ ਨੰਬਰ 6 ਦੇ ਬਲਾਕ ਪ੍ਰਧਾਨ ਸ਼ਹਿਰੀ ਨਾਭਾ, ਨਾਭਾ ਦੇ ਬਠਿੰਡਾ ਮੁਹੱਲਾ ਅਤੇ ਆਮ ਆਦਮੀ ਪਾਰਟੀ ਦੇ ਵਾਰਡ ਨੰਬਰ 7 ਦੇ ਇੰਚਾਰਜ ਸਵਰਗੀ ਕੌਂਸਲਰ ਦਲੀਪ ਕੁਮਾਰ ਬਿੱਟੂ ਦੀ ਪਤਨੀ ਸਰੋਜ, ਸਵਰਗੀ ਕੌਂਸਲਰ ਦਲੀਪ ਕੁਮਾਰ ਬਿੱਟੂ ਨੇ ਆਪਣੇ ਪੁੱਤਰ ਹਿਤਿਸ਼ ਖੱਟਰ ਦੀ ਅਗਵਾਈ ਹੇਠ ਮਾਵਾਂ-ਭੈਣਾਂ ਲਈ ਸਨਮਾਨ ਸਕੀਮ ਤਹਿਤ ਸਹਾਇਤਾ ਰਾਸ਼ੀ ਦਿੱਤੀ। ਮਾਵਾਂ ਅਤੇ ਭੈਣਾਂ ਨੂੰ 1000 ਅਤੇ ਰੁ. ਐਸ.ਸੀ, ਬੀਸੀ ਮਾਵਾਂ ਅਤੇ ਭੈਣਾਂ ਨੂੰ 1000-1500 ਰੁਪਏ ਦੇਣ ਦੀ ਸਕੀਮ ਤਹਿਤ ਫਾਰਮ ਭਰਨ ਦੀ ਸ਼ੁਰੂਆਤ ਕਰਨ ਲਈ ਕੈਂਪ ਲਗਾਇਆ ਗਿਆ। ਇਸ ਮੌਕੇ ਸ਼ਹਿਰੀ ਬਲਾਕ ਪ੍ਰਧਾਨ ਅਮਨ ਗਰਗ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਇਹ ਸਕੀਮ ਪੰਜਾਬ ਸਰਕਾਰ ਵੱਲੋਂ ਚਲਾਈ ਗਈ ਹੈ ਅਤੇ ਇਸ ਤਹਿਤ ਜਿੱਥੇ ਮਾਵਾਂ-ਭੈਣਾਂ ਦਾ ਸਤਿਕਾਰ ਹੋਵੇਗਾ, ਉੱਥੇ ਹੀ ਸਰਕਾਰ ਵੱਲੋਂ ਦਿੱਤੀ ਗਈ ਗਰੰਟੀ ਵੀ ਪੂਰੀ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਵੱਲੋਂ ਸੱਤਾ ਵਿੱਚ ਆਉਣ ਤੋਂ ਪਹਿਲਾਂ ਪੰਜਾਬ ਸਰਕਾਰ ਵੱਲੋਂ ਪੰਜਾਬ ਦੇ ਲੋਕਾਂ ਨਾਲ ਜੋ ਵਾਅਦੇ ਕੀਤੇ ਗਏ ਸਨ, ਉਨ੍ਹਾਂ ਨੂੰ ਇੱਕ-ਇੱਕ ਕਰਕੇ ਪੂਰਾ ਕੀਤਾ ਜਾ ਰਿਹਾ ਹੈ। ਜਿਸ ਕਾਰਨ 2027 ਵਿੱਚ 'ਆਪ' ਆਦਮੀ ਪਾਰਟੀ ਦੀ ਸਰਕਾਰ ਬਣੇਗੀ ਅਤੇ ਪੰਜਾਬ ਨੂੰ ਇਸੇ ਤਰ੍ਹਾਂ ਖੁਸ਼ਹਾਲ ਬਣਾਇਆ ਜਾਵੇਗਾ।

# ਗੁਰਦੁਆਰਾ ਸ੍ਰੀ ਕੋਤਵਾਲੀ ਸਾਹਿਬ ਵਿਖੇ ਖਾਲਸਾ ਫੁਲਵਾੜੀ ਕੈਂਪ ਲਗਾਇਆ, 170 ਬੱਚਿਆਂ ਨੇ ਕੀਤੀ ਸ਼ਮੂਲੀਅਤ



**ਮੋਰਿੰਡਾ 10 ਜੂਨ (ਜਸਬੀਰ ਸਿੰਘ ਸ਼ਾਂਤਪੁਰੀ)** ਡੇਰਾ ਕਾਰ ਸੇਵਾ ਵਲੋਂ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਇਤਿਹਾਸਕ ਗੁਰਦੁਆਰਾ ਸ੍ਰੀ ਕੋਤਵਾਲੀ ਸਾਹਿਬ ਵਿਖੇ ਪੰਜ ਰੋਜ਼ਾ ਖਾਲਸਾ ਫੁਲਵਾੜੀ ਕੈਂਪ ਲਗਾਇਆ ਗਿਆ। ਜਿਸ ਵਿਚ 3 ਸਾਲ ਤੋਂ ਲੈਕੇ 14 ਸਾਲ ਤੱਕ ਦੇ 170 ਬੱਚਿਆਂ ਨੇ ਸ਼ਮੂਲੀਅਤ ਕੀਤੀ। ਇਸ ਸਬੰਧੀ ਜਾਣਕਾਰੀ ਦਿੰਦਿਆਂ ਕੈਂਪ ਦੇ ਪ੍ਰਬੰਧਕ ਜਗਨਦੀਪ ਸਿੰਘ ਅਨੰਦ ਨੇ ਦੱਸਿਆ ਕਿ ਕੈਂਪ ਦੌਰਾਨ ਭੈਣ ਅਮਨਪ੍ਰੀਤ ਕੌਰ ਅਨੰਦ, ਬਾਬਾ ਸੁਰਿੰਦਰ ਸਿੰਘ ਸੋਢੀ, ਗਿਆਨੀ ਹਰਵਿੰਦਰ ਸਿੰਘ ਮਨੈਲੀ, ਸਿਮਰਨਜੀਤ ਸਿੰਘ ਢੋਲਣ ਮਾਜਰਾ, ਅਵਤਾਰ ਸਿੰਘ ਸਲੇਮਪੁਰ ਸਮੇਤ ਕਈ ਸਿੱਖ ਵਿਦਵਾਨਾਂ ਵਲੋਂ ਸਿੱਖ ਇਤਿਹਾਸ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਅਤੇ ਸਿੱਖ ਗੁਰੂ ਸਾਹਿਬਾਨ ਵਲੋਂ ਦਰਸਾਏ ਮਾਰਗ ਤੇ ਚਲਦਿਆਂ ਕਿਰਤ ਕਰਨ, ਨਾਮ ਜਪਣ, ਵੰਡ ਛਕਣ ਅਤੇ ਲੋੜਵੰਦ ਲੋਕਾਂ ਦੀ ਮੱਦਦ ਕਰਨ ਦੀ ਪ੍ਰੇਰਨਾ ਦਿੱਤੀ। ਕੈਂਪ ਦੇ ਆਖਰੀ ਦਿਨ ਬਚਿਆਂ ਨਾਲ ਸਵਾਲ ਜਵਾਬ ਕੀਤੇ ਗਏ। ਇਸੇ ਤਰ੍ਹਾਂ ਬਚਿਆਂ ਦੇ ਦਸਤਾਰ ਸਜਾਉਣ ਦੇ ਮੁਕਾਬਲੇ ਕਰਵਾਏ ਗਏ। ਪ੍ਰਬੰਧਕਾਂ ਵੱਲੋਂ ਹਰਮਿੰਦਰ ਸਿੰਘ ਲੱਕੀ, ਪ੍ਰਗਟ ਸਿੰਘ ਰੌਲੂ ਮਾਜਰਾ, ਮਨਦੀਪ ਸਿੰਘ ਰੌਣੀ, ਸਾਬਕਾ ਸਰਪੰਚ ਬਾਰਾ ਸਿੰਘ ਰੌਣੀ, ਸ਼ੇਰ ਸਿੰਘ ਡੂਮਛੇੜੀ, ਗੁਰਮੁੱਖ ਸਿੰਘ ਸੰਤ ਨਗਰ ਅਤੇ ਨਵਤੇਜ ਸਿੰਘ ਤੇਜੀ ਨੇ ਦਸਤਾਰ ਮੁਕਾਬਲੇ ਅਤੇ ਸਵਾਲਾਂ ਦੇ ਸਹੀ ਜਵਾਬ ਦੇਣ ਵਾਲੇ ਬਚਿਆਂ ਨੂੰ ਯਾਦਗਾਰੀ ਚਿੰਨ੍ਹ ਅਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਕੈਂਪ ਦੌਰਾਨ ਸਿੱਖ ਇਤਿਹਾਸ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦੇਣ ਵਾਲੇ ਵਿਦਵਾਨਾਂ ਨੂੰ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਅਤੇ ਲੋਈਆਂ ਦੇ ਕੇ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ। ਇਸੇ ਤਰ੍ਹਾਂ ਕੈਂਪ ਵਿੱਚ ਸ਼ਮੂਲੀਅਤ ਕਰਨ ਵਾਲੇ ਸਾਰੇ ਬਚਿਆਂ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਬਚਿਆਂ ਦੀ ਹੌਂਸਲਾ ਅਫਜ਼ਾਈ ਕੀਤੀ ਗਈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਉਘੇ ਸਮਾਜ ਸੇਵਕ ਡਾ ਨਿਰਮਲ ਧਿਮਾਨ, ਮੈਨੇਜਰ ਦਵਿੰਦਰ ਸਿੰਘ ਦੇਵਗਨ, ਐਡਵੋਕੇਟ ਪਰਮਿੰਦਰ ਸਿੰਘ ਤੂਰ, ਹੈਡ ਮਾਸਟਰ ਗੁਰਦੇਵ ਸਿੰਘ, ਮਾਂ ਗੁਰਤੇਜ ਸਿੰਘ, ਕਾਕਾ ਸਿੰਘ, ਸਿਮਰਨ ਜੀਤ, ਭਾਈ ਮਨੀ ਸਿੰਘ, ਸੁਖਵਿੰਦਰ ਸਿੰਘ, ਅਮਰਜੀਤ ਸਿੰਘ, ਹਰਚੰਦ ਸਿੰਘ ਕਲਹੇੜੀ ਆਦਿ ਪਤਵੰਤੇ ਸੱਜਣ ਅਤੇ ਸੇਵਾਦਾਰ ਹਾਜਰ ਸਨ।

# ਸਿਵਲ ਸਰਜਨ ਵਲੋਂ ਆਮ ਆਦਮੀ ਕਲੀਨਿਕ ਕੰਦੂ ਖੇੜਾ ਅਤੇ ਮਲੋਟ (ਸੱਚਾ ਸੌਦਾ ਰੋਡ) ਲਈ ਡਾਕਟਰ ਨੂੰ ਦਿੱਤਾ ਗਿਆ ਨਿਯੁਕਤੀ ਪੱਤਰ

**ਸ੍ਰੀ ਮੁਕਤਸਰ ਸਾਹਿਬ, 10 ਜੂਨ (ਮਾਲਵਾ ਬਾਣੀ)** ਪੰਜਾਬ ਸਰਕਾਰ ਵਲੋਂ ਲੋਕਾਂ ਨੂੰ ਵਧੀਆ ਅਤੇ ਘਰਾਂ ਦੇ ਨਜ਼ਦੀਕ ਸਿਹਤ ਸਹੂਲਤਾਂ ਪ੍ਰਦਾਨ ਕਰਨ ਲਈ ਸ਼ੁਰੂ ਕੀਤੇ ਆਮ ਆਦਮੀ ਕਲੀਨਿਕ ਲੋਕਾਂ ਲਈ ਵਰਦਾਨ ਸਾਬਤ ਹੋ ਰਹੇ ਹਨ।ਸਿਹਤ ਵਿਭਾਗ ਵਲੋਂ ਜਿਲ੍ਹੇ ਵਿਚ ਆਮ ਆਦਮੀ ਕਲੀਨਿਕਾਂ ਲਈ ਦੋ ਹੋਰ ਨਵੇਂ ਡਾਕਟਰ ਭਰਤੀ ਕੀਤੇ ਗਏ ਹਨ। ਇਸ ਭਰਤੀ ਕੀਤੇ ਗਏ ਡਾਕਟਰ ਨੂੰ ਅੱਜ ਡਾ. ਸੁਨੀਲ ਬਾਂਸਲ ਸਿਵਲ ਸਰਜਨ ਸ਼੍ਰੀ ਮੁਕਤਸਰ ਸਾਹਿਬ ਵਲੋਂ ਦਫਤਰ ਸਿਵਲ ਸਰਜਨ ਸ਼੍ਰੀ ਮੁਕਤਸਰ ਸਾਹਿਬ ਵਿਖੇ ਆਮ ਆਦਮੀ ਕਲ਼ੀਨਿਕ ਕੰਦੂ ਖੇੜਾ ਅਤੇ ਮਲੋਟ (ਸੱਚਾ ਸੌਦਾ ਰੋਡ) ਲਈ ਨਿਯੁਕਤੀ ਪੱਤਰ ਸੌਂਪਿਆ ਗਿਆ ਅਤੇ ਉਨ੍ਹਾ ਨੂੰ ਇਮਾਨਦਾਰੀ ਅਤੇ ਤਨਦੇਹੀ ਨਾਲ ਲੋਕਾਂ ਦੀ ਸੇਵਾ ਕਰਨ ਲਈ ਪ੍ਰੇਰਨਾ ਦਿੱਤੀ।ਇਸ ਮੌਕੇ ਉਨ੍ਹਾਂ ਡਾਕਟਰਾਂ ਨੂੰ ਆਮ ਲੋਕਾਂ ਨਾਲ ਵਧੀਆ ਵਿਵਹਾਰ ਕਰਨ, ਪੂਰਾ ਸਮਾਂ ਡਿਊਟੀ ਕਰਨ ਅਤੇ ਵਧੀਆ ਇਲਾਜ ਕਰਨ ਲਈ ਕਿਹਾ ਤਾਂ ਜੋ ਆਮ ਲੋਕ ਸਰਕਾਰ ਵਲੋਂ ਦਿੱਤੀਆਂ ਜਾ ਰਹੀਆਂ ਸਹੂਲਤਾਂ ਦਾ ਵੱਧ ਤੋਂ ਵੱਧ ਲਾਭ ਉਠਾ ਸਕਣ। ਇਸ ਮੌਕੇ ਜਾਣਕਾਰੀ ਦਿੰਦਿਆਂ ਡਾ. ਸੁਨੀਲ ਬਾਂਸਲ ਸਿਵਲ ਸਰਜਨ ਸ਼੍ਰੀ ਮੁਕਤਸਰ ਸਾਹਿਬ ਨੇ ਦੱਸਿਆ ਕਿ ਡਾਕਟਰ ਰਾਜਨਦੀਪ ਸਿੰਘ ਆਮ ਆਦਮੀ ਕਲੀਨਿਕ ਕੰਦੂ ਖੇੜਾ ਅਤੇ ਡਾ ਪ੍ਰੇਸ਼ਸ ਸੁਖੀਜਾ ਆਮ ਆਦਮੀ ਕਲੀਨਿਕ ਮਲੋਟ(ਸੱਚਾ ਸੌਦਾ ਰੋਡ) ਵਿਖੇ ਆਪਣੀ ਸੇਵਾਵਾਂ ਨਿਭਾਉਣਗੇ।ਉਨ੍ਹਾ ਦੱਸਿਆ ਕਿ ਆਮ ਆਦਮੀ ਕਲੀਨਿਕਾਂ ਵਿਚ ਮੌਕੇ ਤੇ ਹੀ ਮਰੀਜਾਂ ਦਾ ਚੈੱਕਅੱਪ ਕਰਕੇ ਹਰ ਤਰ੍ਹਾਂ ਦੀਆਂ ਦਵਾਈਆਂ ਮੁਫਤ ਦਿੱਤੀਆਂ ਜਾ ਰਹੀਆਂ ਹਨ ਅਤੇ ਦਵਾਈਆਂ ਦਾ ਸਟਾਕ ਪੂਰਾ ਰੱਖਿਆ ਜਾ ਰਿਹਾ ਹੈ ਤਾਂ ਜੋ ਮਰੀਜਾਂ ਨੂੰ ਕੋਈ ਮੁਸ਼ਕਲ ਪੇਸ਼ ਨਾ ਆਵੇ।ਉਨ੍ਹਾ ਕਿਹਾ ਕਿ ਆਮ ਆਦਮੀ ਕਲੀਨਿਕਾਂ ਵਿਚ 47 ਤਰ੍ਹਾਂ ਦੇ ਲੈਬ ਟੈਸਟ ਵੀ ਮੁਫਤ ਕੀਤੇ ਜਾ ਰਹੇ ਹਨ।ਆਮ ਆਦਮੀ ਕਲੀਨਿਕਾਂ ਵਿਚ ਲੋਕਾਂ ਨੂੰ 112 ਤਰ੍ਹਾਂ ਦੀਆਂ ਦਵਾਈਆਂ ਮੁਫਤ ਦਿੱਤੀਆਂ ਜਾ ਰਹੀਆਂ ਹਨ ਅਤੇ ਮਰੀਜਾਂ ਦਾ ਆਨਲਾਇਨ ਰਿਕਾਰਡ ਰੱਖਿਆ ਜਾ ਰਿਹਾ ਹੈ। ਇਸ ਨਾਲ ਬੀਮਾਰੀਆਂ ਦੀ ਸਮੇਂ ਸਿਰ ਪਛਾਣ ਹੋਣ ਨਾਲ ਉਨ੍ਹਾ ਦਾ ਇਲਾਜ ਸੋਖਾ ਅਤੇ ਜਲਦੀ ਹੋ ਜਾਂਦਾ ਹੈ ਅਤੇ ਲੋਕਾਂ ਨੂੰ ਜਿਆਦਾ ਮੁਸ਼ਕਲਾਂ ਦਾ ਸਾਹਮਣਾ ਨਹੀ ਕਰਨਾ ਪੈਂਦਾ। ਇਸ ਤੋਂ ਇਲਾਵਾ ਇਨ੍ਹਾ ਆਮ ਆਦਮੀ ਕਲੀਨਿਕਾਂ ਵਿਚ ਪੰਜਾਬ ਸਰਕਾਰ ਵਲੋਂ ਹੁਣ ਗਰਭਵਤੀ ਔਰਤਾਂ ਨੂੰ ਜੱਚਾ ਬੱਚਾ ਸੇਵਾਵਾਂ ਅਤੇ ਪਰਿਵਾਰ ਨਿਯੋਜਨ ਸੇਵਾਵਾਂ ਵੀ ਸ਼ੁਰੂ ਕਰ ਦਿੱਤੀਆਂ ਗਈਆਂ ਹਨ ਜਿਸ ਨਾਲ ਮਾਵਾਂ ਅਤੇ ਬੱਚਿਆਂ ਦੀ ਸਿਹਤ ਦਾ ਪੱਧਰ ਉੱਚਾ ਹੋਵੇਗਾ।

# 'ਫ਼ਖ਼ਰ ਏ ਦਸਤਾਰ' ਵਿੰਗ ਬੁੱਟਰ ਵੱਲੋਂ ਦਸਤਾਰ ਸਿਖਲਾਈ ਕੈਂਪ ਦਾ ਆਯੋਜਨ



**ਮੋਗਾ 10 ਜੂਨ (ਸਤਨਾਮ ਸਿੰਘ ਘਾਰੂ)** ਇਨਸਾਨ ਆਪਣੇ ਆਪ ਨੂੰ ਸੋਹਣਾ ਬਣਾਉਣ ਵਾਸਤੇ ਕਈ ਪ੍ਰਕਾਰ ਦੇ ਹਾਰ ਸ਼ਿੰਗਾਰ ਕਰਦਾ ਹੈ ਅਤੇ ਆਪਣੇ ਸੁਹੱਪਣ ਨੂੰ ਹੋਰ ਵੀ ਨਿਖਾਰਨ ਦੀ ਕੋਸ਼ਿਸ਼ ਕਰਦਾ ਹੈ। ਧੰਨ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਨੇ ਆਪਣੀ ਖਾਲਸਾ ਫੌਜ ਨੂੰ ਅਣਖ ਇੱਜਤ ਅਤੇ ਕੁਰਬਾਨੀ ਭਰਿਆ ਜੀਵਨ ਬਤੀਤ ਕਰਨ ਵਾਸਤੇ ਸਿਰ ਉੱਤੇ ਦਸਤਾਰ ਸਜਾਉਣ ਦਾ ਹੁਕਮ ਦਿੱਤਾ ਹੈ। ਖਾਲਸਾ ਫੌਜ ਦਸਤਾਰ ਨੂੰ ਗੁਰੂ ਸਾਹਿਬ ਦੀ ਬਖ਼ਸ਼ਿਸ਼ ਸਮਝ ਕੇ ਬਹੁਤ ਹੀ ਅਦਬ ਸਤਿਕਾਰ ਅਤੇ ਚੜ੍ਹਦੀ ਕਲਾ ਦਾ ਪ੍ਰਤੀਕ ਮੰਨ ਕੇ ਸਤਿਕਾਰ ਦਿੰਦੀ ਹੈ। ਇਸੇ ਮਨੋਰਥ ਨੂੰ ਪੂਰਾ ਕਰਨ ਵਾਸਤੇ ਫਖਰ ਏ ਦਸਤਾਰ ਵਿੰਗ ਬੁੱਟਰ ਜ਼ਿਲ੍ਹਾ ਮੋਗਾ ਵੱਲੋਂ ਇੱਕ ਦਸਤਾਰ ਸਿਖਲਾਈ ਕੈਂਪ ਦਾ ਆਯੋਜਨ ਕੀਤਾ ਗਿਆ ਜੋ ਕਿ ਦੋ ਜੂਨ 2026 ਨੂੰ ਸ਼ੁਰੂ ਕੀਤਾ ਗਿਆ। ਦਸਤਾਰ ਕੋਚ ਰਾਜਵਿੰਦਰ ਸਿੰਘ ਬੋਹਨਾ ਨੇ ਛੋਟੇ ਬੱਚਿਆਂ ਨੂੰ ਦਸਤਾਰ ਸਜਾਉਣ ਦੇ ਨਿਯਮ ਅਤੇ ਰਹਿਤ ਮਰਿਆਦਾ ਸਮਝਾਉਂਦੇ ਹੋਏ ਸਿਖਲਾਈ ਸ਼ੁਰੂ ਕੀਤੀ। ਦਿਨ ਪ੍ਰਤੀ ਦਿਨ ਬੱਚਿਆਂ ਨੇ ਦਸਤਾਰ ਦਾ ਅਭਿਆਸ ਕਰਦੇ ਕਰਦੇ ਬਹੁਤ ਹੀ ਅਦਬ ਸਤਿਕਾਰ ਨਾਲ ਦਸਤਾਰ ਸਜਾਉਣੀ ਸ਼ੁਰੂ ਕਰ ਦਿੱਤੀ। 8 ਜੂਨ 2026 ਨੂੰ ਬੱਚਿਆਂ ਦੀ ਉਮਰ ਮੁਤਾਬਿਕ ਵਰਗ ਬਣਾਏ ਗਏ ਅਤੇ ਬੱਚਿਆਂ ਵਿੱਚ ਦਸਤਾਰ ਮੁਕਾਬਲੇ ਕਰਵਾਏ ਗਏ। ਸਾਰੇ ਬੱਚਿਆਂ ਨੇ ਗੁਰੂ ਦਾ ਜਸ ਗਾਇਨ ਕਰਦੇ ਹੋਏ ਬਹੁਤ ਹੀ ਵਧੀਆ ਢੰਗ ਨਾਲ ਨਿਯਮ ਅਤੇ ਮਰਿਆਦਾ ਨੂੰ ਬਰਕਰਾਰ ਰੱਖਦੇ ਹੋਏ ਦਸਤਾਰਾਂ ਸਜਾਈਆਂ। ਸਰਦਾਰ ਭਗਤ ਸਿੰਘ ਨੇ ਜੱਜ ਦੀ ਭੂਮਿਕਾ ਨਿਭਾਉਂਦੇ ਹੋਏ ਬੱਚਿਆਂ ਦਾ ਚੁਣਾਵ ਕੀਤਾ। ਦਸਤਾਰਾਂ ਸਜਾਉਣ ਤੋਂ ਬਾਅਦ ਬੱਚਿਆਂ ਵੱਲੋਂ ਰੱਬੀ ਬਾਣੀ ਦਾ ਕੀਰਤਨ ਕੀਤਾ ਗਿਆ ਅਤੇ ਗੁਰਸਿੱਖ ਵਿਚਾਰਾਂ ਹੋਈਆਂ। ਪੰਥ ਪ੍ਰਚਾਰਕ ਭਾਈ ਹਰਜੀਤ ਸਿੰਘ ਤਰਨਤਾਰਨ ਸਾਹਿਬ ਨੇ ਬੱਚਿਆਂ ਨੂੰ ਇਤਿਹਾਸ ਸਬੰਧੀ ਜਾਣਕਾਰੀ ਦਿੱਤੀ ਅਤੇ ਸਿੱਖ ਇਤਿਹਾਸ ਨਾਲ ਸੰਬੰਧਿਤ ਪ੍ਰਸ਼ਨ ਉੱਤਰ ਪੁੱਛੇ। ਸਹੀ ਜਵਾਬ ਦੇਣ ਵਾਲੇ ਬੱਚਿਆਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਤੇ ਪਿੰਡ ਦੇ ਸ਼ਰਧਾਲੂ ਕਾਰਗਿਲ ਵਾਰ ਹੀਰੋ ਬਲਜਿੰਦਰ ਸਿੰਘ, ਸੂਬੇਦਾਰ ਸ਼ਿੰਦਰਪਾਲ ਸਿੰਘ, ਚੇਅਰਮੈਨ ਪਰਮਜੀਤ ਸਿੰਘ ਪੰਮਾ, ਸਰਦਾਰ ਜਗਜੀਤ ਸਿੰਘ, ਸਰਦਾਰ ਗੁਰਮੇਲ ਸਿੰਘ ਡੇਅਰੀ ਵਾਲੇ ਅਤੇ ਬੱਚਿਆਂ ਦੇ ਮਾਤਾ ਪਿਤਾ ਨੇ ਗੁਰੂ ਸਾਹਿਬਾਨ ਨੂੰ ਨਤਮਸਤਕ ਹੋ ਕੇ ਆਸ਼ੀਰਵਾਦ ਲਿਆ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰੂ ਦਾ ਲੰਗਰ ਅਤੁੱਟ ਵਰਤਾਇਆ ਗਿਆ। ਬੱਚਿਆਂ ਨੂੰ ਸਨਮਾਨ ਚਿੰਨ ਦੇਣ ਦੀ ਸੇਵਾ ਖਾਲਸਾ ਬਲਵਿੰਦਰ ਸਿੰਘ ਯੂ ਐਸ ਏ ਵਾਲਿਆਂ ਵੱਲੋਂ ਨਿਭਾਈ ਗਈ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਖ਼ਾਲਸਾ ਗੁਰਮੁੱਖ ਸਿੰਘ ਬੁੱਟਰ ਨੇ ਕਿਹਾ ਕਿ ਇਹੋ ਜਿਹੇ ਉਪਰਾਲੇ ਵੱਧ ਤੋਂ ਵੱਧ ਕਰਨੇ ਚਾਹੀਦੇ ਹਨ ਤਾਂ ਜੋ ਬੱਚਿਆਂ ਨੂੰ ਗੁਰਸਿੱਖੀ ਜੀਵਨ ਨਾਲ ਜੋੜਿਆ ਜਾ ਸਕੇ। ਉਹਨਾਂ ਨੇ ਬੱਚਿਆਂ ਨੂੰ ਗੁਰਬਾਣੀ ਨਾਲ ਜੋੜਨ ਲਈ ਗ੍ਰੰਥੀ ਸਿੰਘ ਭਾਈ ਰੂਪ ਸਿੰਘ, ਕੀਰਤਨ ਸੇਵਾ ਲਈ ਭਾਈ ਸਿਮਰਜੀਤ ਸਿੰਘ ਅਤੇ ਮਾਰਸ਼ਲ ਆਰਟ ਗੱਤਕਾ ਸਿਖਲਾਈ ਲਈ ਖ਼ਾਲਸਾ ਗੁਰਪ੍ਰੀਤ ਸਿੰਘ ਦਾ ਵੀ ਧੰਨਵਾਦ ਕੀਤਾ।

ਅੰਤ ਵਿੱਚ ਉਨ੍ਹਾਂ ਨੇ ਫ਼ਖ਼ਰ ਏ ਦਸਤਾਰ ਵਿੰਗ ਬੁੱਟਰ ਦੀ ਸਾਰੀ ਸਤਿਕਾਰਯੋਗ ਟੀਮ, ਅਧਿਆਪਕਾ ਲਖਵਿੰਦਰ ਕੌਰ, ਇੰਜੀਨੀਅਰ ਨਿਰਮਲ ਸਿੰਘ ਮਾਹਲਾ, ਖ਼ਾਲਸਾ ਗੁਰਬਿੰਦਰ ਸਿੰਘ, ਖ਼ਾਲਸਾ ਬਲਵੀਰ ਸਿੰਘ ਅਤੇ ਕੈਪਟਨ ਜਸਵੰਤ ਸਿੰਘ ਪੰਡੋਰੀ ਦਾ ਇਸ ਵਧੀਆ ਉਪਰਾਲੇ ਨੂੰ ਨੇਪਰੇ ਚਾੜ੍ਹਨ ਲਈ ਧੰਨਵਾਦ ਕੀਤਾ।

# ਅਰਨੌਲੀ ਵਿਖੇ ਠੰਢੇ ਮਿੱਠੇ ਜਲ ਦੀ ਛਬੀਲ ਲਗਾਈ



**ਮੋਰਿੰਡਾ 10 ਜੂਨ (ਜਸਬੀਰ ਸਿੰਘ ਸ਼ਾਂਤਪੁਰੀ)** ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਪਿੰਡ ਅਰਨੌਲੀ ਵਿਖੇ ਹਰ ਸਾਲ ਦੀ ਤਰ੍ਹਾਂ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਗਈ ਇਸ ਮੌਕੇ ਆਉਣ ਜਾਣ ਵਾਲੇ ਰਾਹਗੀਰਾਂ ਨੂੰ ਠੰਡੇ ਮਿੱਠਾ ਜਲ ਛਕਾ ਕੇ ਗਰਮੀ ਤੋਂ ਰਾਹਤ ਦਵਾਈ ਗਈ ਇਸ ਮੌਕੇ ਸੁਖਵਿੰਦਰ ਸਿੰਘ ਡੋਗਰ, ਨੰਬਰਦਾਰ ਰਣਜੀਤ ਸਿੰਘ, ਸਰਪੰਚ ਨਰਾਤਾ ਸਿੰਘ, ਦੇਸ ਰਾਜ ਸਿੰਘ, ਡਾਕਟਰ ਧਰਮਿੰਦਰ ਸਿੰਘ ਰਣਧੀਰ ਸਿੰਘ ਧੀਰਾ, ਨਿਰਮਲ ਸਿੰਘ ਨਿੰਮਾ, ਸੁਖਵਿੰਦਰ ਸਿੰਘ, ਬਿਕਰਮਜੀਤ ਸਿੰਘ ਲੈਲਾ, ਸੋਡੀ, ਮੋਨੂ ਨੂੰ ਆਦਿ ਪਿੰਡ ਨਿਵਾਸੀਆਂ ਨੇ ਸੇਵਾ ਨਿਭਾਈ।

# ਆਤਮਾ ਸਿੰਘ ਪਮਾਰ ਦਾ ਨਿਬੰਧ ਸੰਗ੍ਰਹਿ 'ਦੁਨਿਆਵੀ ਮੰਚ 'ਤੇ ਵਿਚਰਦੇ ਫਰਿਸ਼ਤੇ' ਲੋਕ ਅਰਪਨ



**ਭੀਖੀ, 10 ਜੂਨ (ਸੰਦੀਪ ਤਾਇਲ)** ਸਥਾਨਕ ਸ਼ਹੀਦ ਭਗਤ ਸਿੰਘ ਯਾਦਗਰੀ ਲਾਇਬ੍ਰੇਰੀ ਵਿਖੇ ਪੱਤਰਕਾਰ ਅਤੇ ਸਾਹਿਤਕਾਰ ਆਤਮਾ ਸਿੰਘ ਪਮਾਰ ਦਾ ਨਿਬੰਧ ਸੰਗ੍ਰਹਿ 'ਦੁਨਿਆਵੀ ਮੰਚ 'ਤੇ ਵਿਚਰਦੇ ਫਰਿਸ਼ਤੇ' ਲੋਕ ਅਰਪਣ ਕੀਤਾ ਗਿਆ। ਇਸ ਮੌਕੇ ਪੁਸਤਕ ਦੇ ਲੇਖਕ ਆਤਮਾ ਸਿੰਘ ਪਮਾਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਉਹਨਾਂ ਇਸ ਪੁਸਤਕ ਵਿੱਚ ਆਪਣੇ ਨਿੱਜੀ ਤਜਰਬਿਆਂ ਨੂੰ ਸਮਾਜਿਕ ਵਿਕਾਸ ਲਈ ਪੁਸਤਕ ਰੂਪ ਵਿੱਚ ਪੇਸ਼ ਕੀਤਾ ਹੈ। ਇਸਦੇ ਨਾਲ ਹੀ ਇਸ ਪੁਸਤਕ ਵਿੱਚ ਸਮਾਜ 'ਚ ਹਾਸ਼ੀਏ ਤੇ ਧੱਕੇ ਹੋਏ ਲੋਕਾਂ ਦੀ ਗੱਲ ਵੀ ਬੜੇ ਉਚੇਚੇ ਤੌਰ 'ਤੇ ਪੇਸ਼ ਕੀਤੀ ਗਈ ਹੈ। ਉਹਨਾਂ ਕਿਹਾ ਕਿ ਇਹ ਪੁਸਤਕ ਸਾਹਿਤਕ ਪ੍ਰੇਮੀਆਂ ਨੂੰ ਨਿਰਾਸ਼ ਨਹੀਂ ਕਰੇਗੀ ਅਤੇ ਸਮਾਜ ਨੂੰ ਸੇਧ ਦੇਵੇਗੀ। ਨਵਯੁਗ ਸਾਹਿਤ ਕਲਾ ਮੰਚ ਦੇ ਪ੍ਰਧਾਨ ਕਹਾਣੀਕਾਰ ਭੁਪਿੰਦਰ ਫੌਜੀ ਅਤੇ ਸਕੱਤਰ ਅਮਰੀਕ ਸਿੰਘ ਨੇ ਕਿਹਾ ਕਿ ਇਹ ਪੁਸਤਕ ਬਿਖਰੇ ਹੋਏ ਸਮਾਜ ਨੂੰ ਨਵੀ ਸੇਧ ਦੇਣ ਵਾਲੀ ਹੈ। ਇਸ ਵਿੱਚ ਸਮਾਜ ਦੇ ਹਰ ਤਬਕੇ ਦੀ ਗੱਲ ਕੀਤੀ ਗਈ ਹੈ। ਇਸ ਮੌਕੇ ਅਵਤਾਰ ਸਿੰਘ, ਰਜਿੰਦਰ ਸਿੰਘ, ਜਸਪਾਲ ਸਿੰਘ ਅਤਲਾ, ਮਾ. ਬੂਟਾ ਸਿੰਘ, ਐਡਵੋਕੇਟ ਯਾਦਵਿੰਦਰ ਸਿੰਘ, ਪਸ਼ਮੀਨਾ ਰਾਣੀ, ਕੁਲਵੰਤ ਕੌਰ, ਮਾ. ਹਰਬੰਸ ਸਿੰਘ, ਗੁਰਪ੍ਰੀਤ ਸਿੰਘ, ਹਰਵਿੰਦਰ ਭੀਖੀ, ਗੁਰਚਰਨ ਸਿੰਘ ਜਿਲ੍ਹੇਦਾਰ ਆਦਿ ਵੀ ਹਾਜ਼ਰ ਸਨ।

# ਸਰਕਾਰ ਦੀਆਂ ਗਲਤ ਨੀਤੀਆਂ ਕਾਰਨ ਪੰਜਾਬ ਦਾ ਹਰ ਵਰਗ ਪ੍ਰੇਸ਼ਾਨ, ਮੁਲਾਜ਼ਮਾਂ ਦੇ ਸੰਘਰਸ਼ ਨਾਲ ਚੱਟਾਨ ਵਾਂਗ ਖੜ੍ਹੇ ਹਾਂ: ਚਰਨਜੀਤ ਚੰਨੀ

## ਬੇਰੁਜ਼ਗਾਰ ਲਾਈਨਮੈਨਾਂ 'ਤੇ ਲਾਠੀਚਾਰਜ ਦੀ ਕੀਤੀ ਨਿਖੇਧੀ, ਸੇਵਾ ਕੇਂਦਰ ਦੇ ਮੁਲਾਜ਼ਮਾਂ ਨੂੰ ਬਹਾਲ ਕਰਨ ਦੀ ਕੀਤੀ ਮੰਗ



**ਮੋਰਿੰਡਾ, 10 ਜੂਨ (ਜਸਬੀਰ ਸਿੰਘ ਸ਼ਾਂਤਪੁਰੀ)** ਪੰਜਾਬ ਦੇ ਸਾਬਕਾ ਮੁੱਖ ਮੰਤਰੀ ਅਤੇ ਲੋਕ ਸਭਾ ਮੈਂਬਰ ਚਰਨਜੀਤ ਸਿੰਘ ਚੰਨੀ ਨੇ ਪੰਜਾਬ ਦੀ ਮੌਜੂਦਾ ਆਮ ਆਦਮੀ ਪਾਰਟੀ (ਆਪ) ਸਰਕਾਰ 'ਤੇ ਤਿੱਖੇ ਹਮਲੇ ਕਰਦਿਆਂ ਦੋਸ਼ ਲਾਇਆ ਹੈ ਕਿ ਸਰਕਾਰ ਦੀਆਂ ਗਲਤ ਅਤੇ ਲੋਕ-ਵਿਰੋਧੀ ਨੀਤੀਆਂ ਕਾਰਨ ਅੱਜ ਸੂਬੇ ਦਾ ਹਰ ਵਰਗ, ਖਾਸ ਕਰਕੇ ਸਰਕਾਰੀ ਮੁਲਾਜ਼ਮ ਅਤੇ ਬੇਰੁਜ਼ਗਾਰ ਨੌਜਵਾਨ ਸੜਕਾਂ 'ਤੇ ਉਤਰਨ ਲਈ ਮਜਬੂਰ ਹਨ। ਸਾਬਕਾ ਮੁੱਖ ਮੰਤਰੀ ਨੇ ਪੰਜਾਬ ਦੇ ਮੁਲਾਜ਼ਮਾਂ ਵੱਲੋਂ ਆਪਣੀਆਂ ਹੱਕੀ ਮੰਗਾਂ ਲਈ ਕੀਤੇ ਜਾ ਰਹੇ ਸੰਘਰਸ਼ ਦਾ ਪੂਰਨ ਸਮਰਥਨ ਕਰਦਿਆਂ ਕਿਹਾ ਕਿ ਉਹ ਅਤੇ ਉਨ੍ਹਾਂ ਦੀ ਪਾਰਟੀ ਮੁਲਾਜ਼ਮਾਂ ਦੇ ਹੱਕਾਂ ਲਈ ਚੱਟਾਨ ਵਾਂਗ ਨਾਲ ਖੜ੍ਹੀ ਹੈ।

ਇਥੇ ਚੋਣਵੇ ਪੱਤਰਕਾਰਾਂ ਨਾਲ ਗੱਲਬਾਤ ਕਰਦੇਆਂ ਸਾਬਕਾ ਮੁੱਖ ਮੰਤਰੀ ਚੰਨੀ ਨੇ ਕਿਹਾ ਕਿ ਸੱਤਾ ਵਿੱਚ ਆਉਣ ਤੋਂ ਪਹਿਲਾਂ 'ਆਪ' ਆਗੂਆਂ ਨੇ ਘਰ-ਘਰ ਰੁਜ਼ਗਾਰ ਅਤੇ ਮੁਲਾਜ਼ਮਾਂ ਨੂੰ ਪੱਕਾ ਕਰਨ ਦੇ ਵੱਡੇ-ਵੱਡੇ ਵਾਅਦੇ ਕੀਤੇ ਸਨ। ਪਰ ਅੱਜ ਸੱਤਾ ਦੇ ਨਸ਼ੇ ਵਿੱਚ ਚੂਰ ਇਹ ਸਰਕਾਰ ਆਪਣੇ ਸਾਰੇ ਵਾਅਦਿਆਂ ਤੋਂ ਮੁੱਕਰ ਚੁੱਕੀ ਹੈ, ਸਗੋਂ ਆਪਣੇ ਹੱਕ ਮੰਗਣ ਵਾਲੇ ਨੌਜਵਾਨਾਂ ਅਤੇ ਮੁਲਾਜ਼ਮਾਂ/ ਪੈਨਸ਼ਨਰਾਂ ਨੂੰ ਬਦਲੇ ਵਿੱਚ ਲਾਠੀਆਂ ਅਤੇ ਤਸ਼ੱਦਦ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਸ੍ਰੀ ਚੰਨੀ ਨੇ ਬੇਰੁਜ਼ਗਾਰ ਲਾਈਨਮੈਨਾਂ 'ਤੇ ਹੋਏ ਪੁਲਿਸ ਲਾਠੀਚਾਰਜ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ। ਉਨ੍ਹਾਂ ਕਿਹਾ ਕਿ ਰੁਜ਼ਗਾਰ ਦੀ ਮੰਗ ਕਰ ਰਹੇ ਬੇਰੁਜ਼ਗਾਰ ਲਾਈਨਮੈਨਾਂ 'ਤੇ ਬੇਰਹਿਮੀ ਨਾਲ ਲਾਠੀਆਂ ਬਰਸਾ ਕੇ ਸਰਕਾਰ ਨੇ ਸਾਬਤ ਕਰ ਦਿੱਤਾ ਹੈ ਕਿ ਉਹ ਲੋਕਤੰਤਰ ਵਿੱਚ ਵਿਸ਼ਵਾਸ ਨਹੀਂ ਰੱਖਦੀ। ਇਸੇ ਤਰ੍ਹਾਂ ਸੇਵਾ ਕੇਂਦਰਾਂ ਵਿੱਚ ਲੰਮੇ ਸਮੇਂ ਤੋਂ ਸੇਵਾਵਾਂ ਨਿਭਾ ਰਹੇ ਮੁਲਾਜ਼ਮਾਂ ਨੂੰ ਬਿਨਾਂ ਕਿਸੇ ਕਾਰਨ ਨੌਕਰੀ ਤੋਂ ਫਾਰਗ ਕਰਨਾ ਸਰਕਾਰ ਦਾ ਬੇਹੱਦ ਮੰਦਭਾਗਾ ਅਤੇ ਤਾਨਾਸ਼ਾਹੀ ਫੈਸਲਾ ਹੈ। ਚੰਨੀ ਨੇ ਮੰਗ ਕੀਤੀ ਕਿ ਫਾਰਗ ਕੀਤੇ ਗਏ ਸੇਵਾ ਕੇਂਦਰ ਦੇ ਮੁਲਾਜ਼ਮਾਂ ਨੂੰ ਤੁਰੰਤ ਬਹਾਲ ਕੀਤਾ ਜਾਵੇ ਅਤੇ ਲਾਈਨਮੈਨਾਂ ਦੀਆਂ ਮੰਗਾਂ ਤੁਰੰਤ ਪ੍ਰਵਾਨ ਕੀਤੀਆਂ ਜਾਣ।

ਸ੍ਰੀ ਚੰਨੀ ਨੇ ਕਿਹਾ ਕਿ ਉਨ੍ਹਾਂ ਦੇ ਮੁੱਖ ਮੰਤਰੀ ਕਾਰਜਕਾਲ ਦੌਰਾਨ ਮੁਲਾਜ਼ਮਾਂ ਦੇ ਹਿੱਤ ਵਿੱਚ ਕਈ ਇਤਿਹਾਸਕ ਫੈਸਲੇ ਲਏ ਗਏ ਸਨ ਅਤੇ ਹਮੇਸ਼ਾ ਗੱਲਬਾਤ ਰਾਹੀਂ ਮਸਲੇ ਹੱਲ ਕੀਤੇ ਜਾਂਦੇ ਸਨ। ਉਹਨਾਂ ਕਿਹਾ ਕਿ ਮੇਰੇ ਕਾਰਜ ਕਾਲ ਦੌਰਾਨ ਮੁਲਾਜ਼ਮਾਂ ਨੂੰ ਡੀਏ ਦਾ ਭੱਤਾ ਦਿੱਤਾ ਗਿਆ ਸੀ ਪ੍ਰੰਤੂ ਮੌਜੂਦਾ ਸਰਕਾਰ ਵੱਲੋਂ ਪਿਛਲੇ ਪੰਜ ਸਾਲ ਵਿੱਚ ਕਿਸੇ ਮੁਲਾਜ਼ਮ ਨੂੰ ਡੀਏ ਨਹੀਂ ਦਿੱਤਾ ਗਿਆ ਹੋਰ ਤਾਂ ਹੋਰ ਮੌਜੂਦਾ ਸਰਕਾਰ ਮੁਲਾਜ਼ਮ ਜਥੇਬੰਦੀਆਂ ਨੂੰ ਮਿਲਣ ਦਾ ਸਮਾਂ ਦੇਕੇ ਗੱਲਬਾਤ ਤੱਕ ਨਹੀਂ ਕਰਦੀ, ਜਿਸ ਕਾਰਨ ਮੁਲਾਜ਼ਮਾਂ/ ਪੈਨਸ਼ਨਰਾਂ ਵਿੱਚ ਭਾਰੀ ਰੋਸ ਹੈ। ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਜਲਦ ਹੀ ਮੁਲਾਜ਼ਮਾਂ / ਪੈਨਸ਼ਨਰਾਂ ਅਤੇ ਬੇਰੁਜ਼ਗਾਰਾਂ ਦੀਆਂ ਜਾਇਜ਼ ਮੰਗਾਂ ਨਾ ਮੰਨੀਆਂ, ਤਾਂ ਉਹ ਖੁਦ ਸਰਕਾਰ ਖਿਲਾਫ ਚੱਲ ਰਹੇ ਸੰਘਰਸ਼ ਵਿਚ ਦਾਖਲ ਹੋਣ ਤੇ ਗੁਰੇਜ ਨਹੀ ਕਰਨਗੇ।

ਇਸ ਮੌਕੇ ਤੇ ਹੋਰਨਾਂ ਤੋਂ ਬਿਨਾਂ ਪਨਗ੍ਰੇਨ ਦੇ ਸਾਬਕਾ ਚੇਅਰਮੈਨ ਬੰਤ ਸਿੰਘ ਕਲਾਰਾਂ, ਕਾਂਗਰਸੀ ਆਗੂ ਹਰਮਿੰਦਰ ਸਿੰਘ ਲੱਕੀ, ਕੌਂਸਲਰ ਹਰਜੀਤ ਸਿੰਘ ਸੋਢੀ, ਕੌਂਸਲਰ ਮਨਦੀਪ ਸਿੰਘ ਬਾਜਵਾ, ਕੌਂਸਲਰ ਸੁਰਿੰਦਰ ਕੌਰ, ਕੌਂਸਲਰ ਪੂਨਮ ਸ਼ਰਮਾ, ਕੌਂਸਲਰ ਪਿੰਕੀ ਕੌਰ, ਕੌਂਸਲਰ ਸਿਕੰਦਰ ਕੌਰ ਸ਼ੇਰ ਗਿੱਲ, ਕੌਂਸਲਰ ਹਰਜਿੰਦਰ ਸਿੰਘ ਛਿੱਬਰ, ਕੌਂਸਲਰ ਰਜੇਸ਼ ਕੁਮਾਰ ਸਸੋਦੀਆ, ਸਾਬਕਾ ਨਗਰ ਕੌਂਸਲ ਪ੍ਰਧਾਨ ਹਰੀਪਾਲ ਹਰਜੋਤ ਸਿੰਘ ਢੰਗਰਾਲੀ, ਜਿਲਾ ਪਰਿਸ਼ਦ ਮੈਂਬਰ ਗੁਰਵਿੰਦਰ ਸਿੰਘ ਕਕਰਾਲੀ, ਸੀਨੀਅਰ ਆਗੂ ਜਗਦੀਪ ਸਿੰਘ ਢੀਂਡਸਾ, ਦਰਸ਼ਨ ਸਿੰਘ ਸੰਧੂ, ਸਾਬਕਾ ਕੌਂਸਲਰ ਰਾਜਪ੍ਰੀਤ ਸਿੰਘ ਰਾਜੀ, ਸੰਗਤ ਸਿੰਘ ਭਾਮੀਆ ਆਦਿ ਵੀ ਹਾਜ਼ਰ ਸਨ।

# ਆਤਮਾ ਸਕੀਮ ਅਧੀਨ ‘ਖੇਤ ਬਚਾਓ ਅਭਿਆਨ’ ਤਹਿਤ ਪਿੰਡ ਮੌੜ ਵਿਖੇ ਕਿਸਾਨ ਸਿਖਲਾਈ ਕੈਂਪ ਦਾ ਆਯੋਜਨ




**ਸ੍ਰੀ ਮੁਕਤਸਰ ਸਾਹਿਬ, 10 ਜੂਨ (ਮਾਲਵਾ ਬਾਣੀ)** ਬਲਾਕ ਸ੍ਰੀ ਮੁਕਤਸਰ ਸਾਹਿਬ ਅਧੀਨ ਪੈਂਦੇ ਪਿੰਡ ਮੌੜ ਵਿਖੇ ਆਤਮਾ ਸਕੀਮ ਅਧੀਨ ‘ਖੇਤ ਬਚਾਓ ਅਭਿਆਨ’ ਤਹਿਤ ਵਿਸ਼ੇਸ਼ ਕਿਸਾਨ ਸਿਖਲਾਈ ਕੈਂਪ ਦਾ ਆਯੋਜਨ ਕੀਤਾ ਗਿਆ। ਡਾ. ਹਰਮਨਦੀਪ ਸਿੰਘ ਏ.ਡੀ.ਓ. ਸਰਕਲ ਬਧਾਈ ਨੇ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਖੇਤੀ ਖਰਚੇ ਘਟਾਉਣ ਲਈ ਮਿੱਟੀ ਅਤੇ ਪਾਣੀ ਦੀ ਪਰਖ ਕਰਵਾਉਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਦੱਸਿਆ ਕਿ ਮਿੱਟੀ ਦੀ ਪਰਖ ਨਾਲ ਖਾਦਾਂ ਦੀ ਸਹੀ ਮਿਕਦਾਰ ਦਾ ਪਤਾ ਲੱਗਦਾ ਹੈ, ਜਿਸ ਨਾਲ ਫਾਲਤੂ ਖਰਚਾ ਬਚਦਾ ਹੈ ਅਤੇ ਝਾੜ ਵਿੱਚ ਵਾਧਾ ਹੁੰਦਾ ਹੈ। ਉਹਨਾਂ ਦੱਸਿਆ ਕਿ ਮਾੜੇ ਪਾਣੀ ਕਾਰਨ ਜ਼ਮੀਨ ਦੀ ਸਿਹਤ ਤੇ ਬੁਰਾ ਅਸਰ ਹੁੰਦਾ ਹੈ, ਇਸ ਲਈ ਟਿਊਬਵੈੱਲ ਦੇ ਪਾਣੀ ਦੀ ਟੈਸਟਿੰਗ ਕਰਵਾ ਕੇ ਹੀ ਫਸਲ ਦੀ ਚੋਣ ਕਰਨੀ ਚਾਹੀਦੀ ਹੈ। ਡਾ. ਸ਼ਵਿੰਦਰ ਸਿੰਘ ਏ.ਡੀ.ਓ (ਜ.ਕ) ਵੱਲੋਂ ਕਿਸਾਨਾਂ ਨੂੰ ਕੀਟਨਾਸ਼ਕਾਂ ਦੀ ਦੁਰਵਰਤੋਂ ਨੂੰ ਰੋਕਣ ’ਤੇ ਜ਼ੋਰ ਦਿੰਦਿਆਂ ਕਿਹਾ ਕਿ ਖੇਤਾਂ ਵਿੱਚ ਕੀੜੇ-ਮਕੌੜਿਆਂ ਦਾ ਹਮਲਾ ਆਰਥਿਕ ਕਗਾਰ ਤੱਕ ਪਹੁੰਚਣ ’ਤੇ ਹੀ ਕੀਟਨਾਸ਼ਕਾਂ ਦੀ ਸਪਰੇਅ ਕੀਤੀ ਜਾਵੇ, ਤਾਂ ਜੋ ਕਿਸਾਨ ਭਰਾ ਬੇਲੋੜੇ ਖ਼ਰਚੇ ਤੋਂ ਬਚ ਸਕਣ ਅਤੇ ਵਾਤਾਵਰਣ ਨੂੰ ਦੂਸ਼ਿਤ ਹੋਣ ਤੋਂ ਬਚਾਇਆ ਜਾ ਸਕੇ। ਨਵਦੀਪ ਕੌਰ ਏ.ਐਸ.ਆਈ. ਸਰਕਲ ਬਧਾਈ ਨੇ ਆਏ ਹੋਏ ਕਿਸਾਨਾਂ ਨੂੰ ਖੇਤੀਬਾੜੀ ਵਿਭਾਗ ਵਿਚ ਚੱਲ ਰਹੀਆਂ ਵੱਖ ਵੱਖ ਸਕੀਮਾਂ ਜਿਵੇਂ ਕਿ ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿੱਧੀ ਯੋਜਨਾ, ਫਾਰਮਰ ਰਜਿਸਟਰੀ, ਨਰਮੇਂ ਬੀਜ ਤੇ 33 ਪ੍ਰਤੀਸ਼ਤ ਸਬਸਿਡੀ ਆਦਿ ਦੀ ਜਾਣਕਾਰੀ ਕਿਸਾਨਾਂ ਨਾਲ ਸਾਂਝੀ ਕੀਤੀ। ਓਹਨਾ ਦੱਸਿਆ ਕਿ ਨਰਮੇਂ ਬੀਜ ਤੇ ਮਿਲਣ ਵਾਲੀ 33 ਪ੍ਰਤੀਸ਼ਤ ਸਬਸਿਡੀ ਦਾ ਲਾਭ ਲੈਣ ਲਈ agrimachinerypb.com ਪੋਰਟਲ ਉੱਪਰ ਰਜਿਸਟਰੇਸ਼ਨ ਕਰਵਾਉਣ ਦੀ ਆਖਰੀ ਮਿਤੀ 15 ਜੂਨ ਹੈ। ਪਿੰਡ ਮੌੜ ਵਿਖੇ ਲਗਾਏ ਗਏ ਇਸ ਕੈਂਪ ਨੂੰ ਸਫ਼ਲ ਬਣਾਉਣ ਅਤੇ ਸਾਰੇ ਪ੍ਰਬੰਧਾਂ ਨੂੰ ਸੁਚੱਜੇ ਢੰਗ ਨਾਲ ਚਲਾਉਣ ਵਿੱਚ ‘ਆਤਮਾ’ ਸਕੀਮ ਦੇ ਅਸਿਸਟੈਂਟ ਟੈਕਨੋਲੋਜੀ ਮੈਨੇਜਰ ਸਵਰਨਜੀਤ ਸਿੰਘ ਅਤੇ ਫੀਲਡਮੈਨ ਦੀਪਇੰਦਰ ਸਿੰਘ ਨੇ ਅਹਿਮ ਭੂਮਿਕਾ ਨਿਭਾਈ। ਇਸ ਮੌਕੇ ਪਿੰਡ ਦੇ ਅਗਾਂਹਵਧੂ ਕਿਸਾਨ ਹਾਜ਼ਰ ਸਨ।

# ਜ਼ਿਲ੍ਹਾ ਚੋਣ ਅਫ਼ਸਰ ਨੇ ਜ਼ਿਲ੍ਹਾ ਪੱਧਰੀ ਨੋਡਲ ਅਫ਼ਸਰਾਂ ਨਾਲ ਕੀਤੀ ਮੀਟਿੰਗ, ਐਸ.ਆਈ.ਆਰ ਪ੍ਰਕਿਰਿਆ ਦੌਰਾਨ ਲੋਕਾਂ ਨੂੰ ਮੁਹੱਈਆਂ ਕਰਵਾਈ ਜਾਵੇ ਵਿਸ਼ੇਸ਼ ਸਹੂਲਤ



**ਸ੍ਰੀ ਮੁਕਤਸਰ ਸਾਹਿਬ, 10 ਜੂਨ (ਲੱਕੀ ਚੜੇਵਾਨ)** ਅਮਿਤ ਕੁਮਾਰ ਪੰਚਾਲ, ਡਿਪਟੀ ਕਮਿਸ਼ਨਰ-ਕਮ-ਜਿਲ੍ਹਾ ਚੋਣ ਅਫਸਰ ਸ੍ਰੀ ਮੁਕਤਸਰ ਸਾਹਿਬ ਨੇ ਜਿਲ੍ਹੇ ਵਿੱਚ ਐਸ.ਆਈ.ਆਰ. ਗਤੀਵਿਧੀਆਂ ਦੇ ਸੁਚਾਰੂ ਸੰਚਾਲਨ ਲਈ ਵੱਖ-ਵੱਖ ਸੈੱਲਾਂ ਦੇ ਜਿਲ੍ਹਾ ਨੋਡਲ ਅਫਸਰਾਂ ਅਤੇ ਸਮੂਹ ਟੀਮ ਮੈਂਬਰਾਂ ਨਾਲ ਦਫਤਰ ਡਿਪਟੀ ਕਮਿਸ਼ਨਰ ਵਿਖੇ ਵਿਸ਼ੇਸ਼ ਮੀਟਿੰਗ ਕੀਤੀ। ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐਸ.ਆਈ. ਆਰ)-2026 ਗਤੀਵਿਧੀਆਂ ਦੇ ਸੁਚਾਰੂ ਸੰਚਾਲਨ ਅਤੇ ਪ੍ਰਭਾਵਸ਼ਾਲੀ ਪ੍ਰਬੰਧਨ ਲਈ ਜ਼ਿਲ੍ਹਾ ਪੱਧਰੀ ਨੋਡਲ ਅਫ਼ਸਰਾਂ ਅਤੇ ਟੀਮ ਮੈਂਬਰਾਂ ਦੀ ਨਿਯੁਕਤੀ ਕੀਤੀ ਗਈ ਹੈ। ਇਸ ਮੌਕੇ ਉਹਨਾਂ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐਸ.ਆਈ.ਆਰ) ਦੀਆਂ ਗਤੀਵਿਧੀਆਂ ਦਾ ਰਿਵਿਊ ਕੀਤਾ। ਜ਼ਿਲ੍ਹਾ ਚੋਣ ਅਫਸਰ ਨੇ ਕਿਹਾ ਕਿ ਭਾਰਤ ਚੋਣ ਕਮਿਸ਼ਨ ਵੱਲੋਂ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਲਈ ਪ੍ਰੋਗਰਾਮ ਜਾਰੀ ਕੀਤਾ ਗਿਆ ਹੈ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੀ ਸਿੱਧੀ ਨਿਗਰਾਨੀ ਹੇਠ ਐਸ.ਆਈ.ਆਰ. ਨਾਲ ਸਬੰਧਤ ਹਰ ਗਤੀਵਿਧੀ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਸਮਰਪਿਤ ਟੀਮਾਂ ਦਾ ਗਠਨ ਕੀਤਾ ਗਿਆ ਹੈ। ਉਹਨਾਂ ਦੱਸਿਆ ਕਿ ਨਿਯੁਕਤ ਕੀਤੇ ਗਏ ਨੋਡਲ ਅਫ਼ਸਰ ਸ਼ਿਕਾਇਤ ਨਿਵਾਰਣ, ਆਈ.ਟੀ. ਸਬੰਧੀ ਸਮੱਸਿਆਵਾਂ ਦੇ ਹੱਲ, ਟਰੇਨਿੰਗ ਪ੍ਰਬੰਧਨ, ਸਮੱਗਰੀ ਪ੍ਰਬੰਧਨ, ਸੋਸ਼ਲ ਮੀਡੀਆ ਤਾਲਮੇਲ, ਸਵੀਪ ਜਾਗਰੂਕਤਾ ਗਤੀਵਿਧੀਆਂ, ਐਸ.ਆਈ.ਆਰ. ਸਬੰਧੀ ਅਹਿਮ ਮੁੱਦਿਆਂ ਦੀ ਰਿਪੋਰਟਿੰਗ, ਕਾਨੂੰਨੀ ਮਾਮਲੇ, ਬੀ.ਐਲ.ਓਜ਼ ਦੀ ਭਲਾਈ ਅਤੇ ਹੈਲਪ ਡੈਸਕ ਸੰਚਾਲਨ ਵਰਗੇ ਮਹੱਤਵਪੂਰਨ ਕਾਰਜਾਂ ਦੀ ਨਿਗਰਾਨੀ ਕਰਨਗੇ। ਸ੍ਰੀ ਪੰਚਾਲ ਨੇ ਅੱਗੇ ਕਿਹਾ ਕਿ ਇਹ ਟੀਮਾਂ ਐਸ.ਆਈ.ਆਰ. ਪ੍ਰਕਿਰਿਆ ਦੌਰਾਨ ਲੋਕਾਂ ਦੀ ਸਹਾਇਤਾ ਵੀ ਕਰਨਗੀਆਂ ਅਤੇ ਇਹ ਯਕੀਨੀ ਬਣਾਉਣਗੀਆਂ ਕਿ ਯੋਗ ਵੋਟਰਾਂ ਨੂੰ ਦਸਤਾਵੇਜ਼ੀ ਅਤੇ ਤਸਦੀਕੀ ਕਾਰਵਾਈ ਦੌਰਾਨ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਜਿਲਾ ਚੋਣ ਅਫਸਰ ਨੇ ਜ਼ਿਲ੍ਹਾ ਪੱਧਰੀ ਨੋਡਲ ਅਫ਼ਸਰਾਂ ਨੂੰ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐਸ.ਆਈ.ਆਰ) ਨੂੰ ਮੁੱਖ ਰੱਖਦਿਆਂ ਅਲਾਟ ਕੀਤੇ ਗਏ ਕੰਮਾਂ ਸਬੰਧੀ ਪੂਰੀ ਤਨਦੇਹੀ, ਪਾਰਦਰਸ਼ਤਾ ਅਤੇ ਜਵਾਬਦੇਹੀ ਨਾਲ ਕੰਮ ਕਰਨ ਦੇ ਨਿਰਦੇਸ਼ ਦਿੱਤੇ। ਉਹਨਾਂ ਨੋਡਲ ਅਫਸਰਾਂ ਨੂੰ ਹਦਾਇਤ ਕੀਤੀ ਕਿ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਲੋਕਾਂ ਦੀ ਐਸ.ਆਈ.ਆਰ. ਸਬੰਧੀ ਸਮੱਸਿਆਵਾਂ ਦੇ ਹੱਲ ਲਈ ਵੀ ਇੱਕ ਸਮਰਪਿਤ ਹੈਲਪ ਡੈਸਕ ਜਿਲ੍ਹਾ ਸੇਵਾ ਕੇਂਦਰ ਸ੍ਰੀ ਮੁਕਤਸਰ ਸਾਹਿਬ ਵਿਖੇ ਸਥਾਪਿਤ ਕੀਤਾ ਜਾ ਚੁੱਕਾ ਹੈ। ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਪੰਜਾਬ ਰਾਜ ਵਿੱਚ ਐਸ.ਆਈ.ਆਰ ਦਾ ਕੰਮ 15 ਜੂਨ 2026 ਤੋਂ ਸ਼ੁਰੂ ਕੀਤਾ ਜਾਣਾ ਹੈ, 15 ਜੂਨ ਤੋਂ 24 ਜੂਨ ਤੱਕ ਤਿਆਰੀਆਂ, ਸਿਖਲਾਈ ਅਤੇ ਐਨੂਮਰੇਸ਼ਨ ਫਾਰਮਾਂ ਦੀ ਛਪਾਈ ਦਾ ਸਮਾਂ ਰਹੇਗਾ। 25 ਜੂਨ ਤੋਂ 24 ਜੁਲਾਈ ਤੱਕ ਬੂਥ ਲੈਵਲ ਅਫਸਰ (ਬੀ.ਐਲ.ਓ) ਘਰ-ਘਰ ਜਾ ਕੇ ਐਨੂਮਰੇਸ਼ਨ ਫਾਰਮਾਂ ਦੀ ਵੰਡ ਕਰਨਗੇ ਅਤੇ ਭਰੇ ਹੋਏ ਫਾਰਮ ਵਾਪਸ ਪ੍ਰਾਪਤ ਕਰਨਗੇ। ਉਹਨਾਂ ਕਿਹਾ ਕਿ 3 ਅਗਸਤ ਨੂੰ ਵੋਟਰ ਸੂਚੀ ਦੀ ਡਰਾਫਟ ਪਬਲੀਕੇਸ਼ਨ ਕੀਤੀ ਜਾਵੇਗੀ ਅਤੇ 3 ਅਗਸਤ ਤੋਂ 2 ਸਤੰਬਰ ਤੱਕ ਦਾਅਵੇ ਅਤੇ ਇਤਰਾਜ ਪ੍ਰਾਪਤ ਕੀਤੇ ਜਾਣਗੇ। ਪ੍ਰਾਪਤ ਹੋਏ ਦਾਅਵੇ ਅਤੇ ਇਤਰਾਜ਼ਾਂ ਦਾ ਨਿਪਟਾਰਾਂ 28 ਸਤੰਬਰ ਤੱਕ ਚੋਣਕਾਰ ਰਜਿਸਟਰੇਸ਼ਨ ਅਫਸਰਾਂ ਵੱਲੋਂ ਕੀਤਾ ਜਾਵੇਗਾ ਅਤੇ 1 ਅਕਤੂਬਰ, 2026 ਨੂੰ ਵੋਟਰ ਸੂਚੀ ਦੀ ਅੰਤਿਮ ਪ੍ਰਕਾਸ਼ਨਾ ਕੀਤੀ ਜਾਵੇਗੀ। ਇਸ ਮੌਕੇ ਡੈਵੀ ਗੋਇਲ ਵਧੀਕ ਡਿਪਟੀ ਕਮਿਸ਼ਨਰ (ਜਨਰਲ), ਸੁਰਿੰਦਰ ਸਿੰਘ ਢਿੱਲੋਂ ਵਧੀਕ ਡਿਪਟੀ ਕਮਿਸ਼ਨਰ (ਵਿਕਾਸ ) ਵੀ ਮੌਜੂਦ ਸਨ।

# ਕਸਬਾ ਲੋਪੋਕੇ ਵਿਖੇ ਹਲਕਾ ਇੰਚਾਰਜ ਮੈਡਮ ਸੋਨੀਆ ਮਾਨ ਨੇ ਸੁਣੀਆਂ ਮੁਸ਼ਕਿਲਾਂ





**ਅੰਮ੍ਰਿਤਸਰ, 10 ਜੂਨ (ਸੋਨੂੰ ਨਰੂਲਾ)** ਹਲਕਾ ਰਾਜਾਸਾਂਸੀ ਅਧੀਨ ਆਉਂਦੇ ਕਸਬਾ ਲੋਪੋਕੇ ਵਿਖੇ ਪਿੰਡ ਵਾਸੀਆਂ ਨੂੰ ਆ ਰਹੀਆਂ ਮੁਸ਼ਕਿਲਾਂ ਸਬੰਧੀ ਅਹਿਮ ਮੀਟਿੰਗ ਕਸਬਾ ਲੋਪੋਕੇ ਵਿਖੇ ਹੋਈ। ਜਿਸ ਵਿੱਚ ਹਲਕਾ ਇੰਚਾਰਜ ਮੈਡਮ ਸੋਨੀਆ ਮਾਨ ਉਚੇਚੇ ਤੌਰ ਤੇ ਪਹੁੰਚੇ। ਉਨ੍ਹਾਂ ਦਾ ਇੱਥੇ ਪਹੁੰਚਣ ਤੇ ਸਾਬਕਾ ਸਰਪੰਚ ਅਮਰਦੀਪ ਸਿੰਘ, ਆਲਮ ਸਿੰਘ ਲੋਪੋਕੇ ਤੇ ਸਪਿੰਦਰ ਸਿੰਘ ਗਿੱਲ, ਹਰਪ੍ਰੀਤ ਸਿੰਘ, ਡਾ. ਗੁਰਸ਼ਰਨ ਸਿੰਘ, ਰਣਜੀਤ ਸਿੰਘ ਰਾਣਾ ਆਦਿ ਨੇ ਸਨਮਾਨਿਤ ਕੀਤਾ ਉਨ੍ਹਾਂ ਨਾਲ ਪੁਲਿਸ ਥਾਣਾ ਲੋਪੋ ਕੇ, ਬੀ.ਡੀ.ਓ. ਦਫਤਰ ਚੋਗਾਵਾਂ, ਤਹਿਸੀਲ ਲੋਪੋਕੇ, ਬਿਜਲੀ ਬੋਰਡ, ਖੇਤੀ ਬਾੜੀ ਵਿਭਾਗ ਤੇ ਫੂਡ ਸਪਲਾਈ ਮਹਿਕਮੇ ਦੇ ਅਧਿਕਾਰੀ ਮੌਜੂਦ ਸਨ। ਇਸ ਮੌਕੇ ਮੈਡਮ ਸੋਨੀਆ ਮਾਨ ਨੇ ਕਸਬਾ ਲੋਪੋਕੇ ਦੇ ਚਾਰ ਵੱਖ-ਵੱਖ ਬੂਥਾਂ ਤੇ ਜਾ ਕੇ ਪਿੰਡ ਵਾਸੀਆਂ ਦੀਆਂ ਮੁਸ਼ਕਿਲਾਂ ਨੂੰ ਸੁਣਿਆ ਤੇ ਮੌਕੇ ਤੇ ਹੀ ਹੱਲ ਕੀਤਾ। ਇਸ ਮੌਕੇ ਸੋਨੀਆ ਕਿਹਾ ਕਿ ਉਹ ਲੋਕਾਂ ਦੀ ਸੇਵਾ ਲਈ 24 ਘੰਟੇ ਹਾਜ਼ਰ ਹਨ। ਇਸ ਮੌਕੇ ਰੇਸ਼ਮ ਵੜੈਚ ਜ਼ਿਲ੍ਹਾ ਪ੍ਰੀਸ਼ਦ ਮੈਂਬਰ, ਮੈਡਮ ਰਵਲੀਨ ਕੌਰ, ਨਸ਼ਾ ਮੁਕਤੀ ਮੋਰਚਾ ਦੇ ਹਲਕਾ ਕੋਆਰਡੀਨੇਟਰ ਸੁਖਦੀਪ ਸਿੰਘ ਛੀਨਾ, ਵਿਰਾਸਤ ਸੇਵਾ ਸੰਗਠਨ ਦਾ ਇੰਚਾਰਜ ਅੰਮ੍ਰਿਤਪਾਲ ਸਿੰਘ ਸ਼ਹੂਰਾ, ਅਮਿਤੋਜ ਸਿੰਘ ਸੋਸ਼ਲ ਮੀਡੀਆ ਹਲਕਾ ਇੰਚਾਰਜ ਕੋਆਰਡੀਨੇਟਰ ਆਦਿ ਹਾਜਰ ਸਨ।

# ਭਾਰੀ ਗਰਮੀ ਦੇ ਬਾਵਜੂਦ 20 ਖ਼ੂਨਦਾਨੀਆਂ ਨੇ ਕੀਤਾ ਖ਼ੂਨ ਦਾ ਦਾਨ




**ਸਮਰਾਲਾ, 10 ਜੂਨ (ਹਨੀਸ਼ ਕੌਸ਼ਲ/ਸ਼ਾਸ਼ਵੱਤ ਦੱਤ ਅਤਰੇ)** ਸਥਾਨਕ ਕੌਸ਼ਲ ਹਸਪਤਾਲ ਵਿਖੇ ਮਾਂ ਨੈਣਾ ਦੇਵੀ ਸੇਵਾ ਸੰਸਥਾ ਸੁਸਾਇਟੀ (ਰਜਿ:) ਪੰਜਾਬ ਅਤੇ ਕੌਸ਼ਲ ਹਸਪਤਾਲ ਐਂਡ ਸਰਜੀਕਲ ਸੈਂਟਰ ਸਮਰਾਲਾ ਵੱਲੋਂ ਮਨੁੱਖਤਾ ਦੀ ਸੇਵਾ ਹਿੱਤ ਖ਼ੂਨਦਾਨ ਕੈਂਪ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਇਲਾਕੇ ਦੇ ਖ਼ੂਨਦਾਨੀਆਂ ਵੱਲੋ ਮਰਦੀਆਂ ਜ਼ਿੰਦਗੀਆਂ ਬਚਾਉਣ ਲਈ ਆਪਣੇ ਖ਼ੂਨ ਦਾ ਦਾਨ ਕਰਕੇ ਵਡਮੁੱਲਾ ਯੋਗਦਾਨ ਪਾਇਆ ਗਿਆ। ਸੰਸਥਾ ਦੇ ਪ੍ਰਧਾਨ ਕ੍ਰਿਸ਼ਨ ਲਾਲਾ ਚਾਨਣਾ ਅਤੇ ਸਕੱਤਰ ਕਮਲਪ੍ਰੀਤ ਪਾਸੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਖ਼ੂਨਦਾਨ ਕੈਂਪ ਵਿੱਚ ਭਾਰੀ ਗਰਮੀ ਦੇ ਬਾਵਜੂਦ 20 ਖ਼ੂਨਦਾਨੀ ਆਪਣੇ ਖ਼ੂਨ ਦਾ ਦਾਨ ਕਰਨ ਲਈ ਪੁੱਜੇ ਅਤੇ ਕਰਨ ਹਸਪਤਾਲ ਦੀ ਬਲੱਡ ਸੈਂਟਰ ਟੀਮ ਨੇ ਉਹਨਾਂ ਪਾਸੋਂ ਇਹ ਖ਼ੂਨ ਪ੍ਰਾਪਤ ਕੀਤਾ। ਉਹਨਾਂ ਅੱਗੇ ਦੱਸਿਆ ਕਿ ਸੰਸਥਾ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਵਿਸ਼ਾਲ ਸਾਵਣ ਮੇਲੇ ਮੌਕੇ ਮਾਤਾ ਨੈਣਾ ਦੇਵੀ ਦੇ ਦਰਬਾਰ ਵਿਖੇ ਮਿਤੀ 12 ਅਗਸਤ ਤੋਂ 22 ਅਗਸਤ 2026 ਤੱਕ ਮੁਫ਼ਤ ਮੈਡੀਕਲ ਕੈਂਪ ਅਤੇ ਮੁਫ਼ਤ ਐਂਬੂਲੈਂਸ ਸੇਵਾ ਦਾ ਆਯੋਜਨ ਕੀਤਾ ਜਾ ਜਾਵੇਗਾ। ਇਸ ਸਾਵਣ ਮੇਲੇ ਦੌਰਾਨ ਆਉਣ ਵਾਲੀਆਂ ਸੰਗਤਾਂ ਦੀ ਸਿਹਤ ਸੰਭਾਲ ਲਈ ਮਾਹਿਰ ਡਾਕਟਰਾਂ ਦੀ ਟੀਮ ਵੱਲੋਂ ਮੁਫ਼ਤ ਜਨਰਲ ਚੈਕਅੱਪ ਕੀਤਾ ਜਾਵੇਗਾ ਅਤੇ ਲੋੜ ਅਨੁਸਾਰ ਮੁਫ਼ਤ ਦਵਾਈਆਂ ਪ੍ਰਦਾਨ ਕੀਤੀਆਂ ਜਾਣਗੀਆਂ। ਸਤੀਸ਼ ਕੁਮਾਰ ਡੀਸੀ ਦੀ ਅਗਵਾਈ ’ਚ ਸਮਰਾਲਾ ਐਂਬੂਲੈਂਸ ਸਰਵਿਸ ਵੱਲੋਂ ਲੋੜਵੰਦ ਮਰੀਜ਼ਾਂ ਨੂੰ ਨੇੜਲੇ ਹਸਪਤਾਲ ਤੱਕ ਪਹੁੰਚਾਉਣ ਲਈ ਮੁਫ਼ਤ ਐਂਬੂਲੈਂਸ ਸੇਵਾ ਉਪਲੱਬਧ ਰਹੇਗੀ। ਇਸ ਮੌਕੇ ਸਾਬਕਾ ਵਿਧਾਇਕ ਜਗਜੀਵਨ ਸਿੰਘ ਖੀਰਨੀਆਂ, ਡਾ. ਬਲਵਿੰਦਰ ਕੌਸ਼ਲ, ਡਾ. ਪਰਮਜੀਤ ਕੌਰ ਸਹੋਤਾ, ਲਾਲਾ ਮੰਗਤ ਰਾਏ, ਨੀਰਜ ਸਿਹਾਲਾ, ਸਮਾਜਸੇਵੀ ਸ਼ਿਵ ਕੁਮਾਰ ਸ਼ਿਵਲੀ, ਅੰਮ੍ਰਿਤਪਾਲ, ਸਤੀਸ਼ ਕੁਮਾਰ ਡੀ ਸੀ, ਐਡਵੋਕੇਟ ਆਸ਼ੂ ਲਟਾਵਾ ਬਾਬੂ, ਹਨੀਸ਼ ਕੌਸ਼ਲ, ਮਨੀ ਸ਼ਰਮਾ, ਹਰਸ਼ਦੀਪ ਸਿੰਘ, ਹਰਮਨਦੀਪ ਸਿੰਘ, ਮਨੀਸ਼ ਪੰਡਿਤ, ਹਰਿੰਦਰ ਸਿੰਘ, ਅਮਨ, ਰਿੰਪੀ, ਪਰਮਿੰਦਰ ਵਰਮਾ, ਗੁਰਪ੍ਰੀਤ ਸਿੰਘ ਹਾਜ਼ਰ ਸਨ।

# ਸਟਾਫ ਨਰਸਾਂ ਅਤੇ ਨਰਸਿੰਗ ਸਿਸਟਰਾਂ ਨੂੰ ਕੇਅਰ ਕੰਪੈਨਿਅਨ ਪ੍ਰੋਗਰਾਮ ਦੀ ਟਰੇਨਿੰਗ ਦਿੱਤੀ ਗਈ




**ਸ੍ਰੀ ਮੁਕਤਸਰ ਸਾਹਿਬ, 10 ਜੂਨ (ਮਾਲਵਾ ਬਾਣੀ)** ਮਰੀਜ਼ਾਂ ਨੂੰ ਉੱਚ ਪੱਧਰੀ ਸਿਹਤ ਸੇਵਾਵਾਂ ਪ੍ਰਦਾਨ ਕਰਨ ਅਤੇ ਹਸਪਤਾਲਾਂ ਵਿੱਚ ਮਰੀਜ਼ਾਂ ਦੇ ਪਰਿਵਾਰਕ ਮੈਂਬਰਾਂ ਦੀ ਭੂਮਿਕਾ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਦੇ ਉਦੇਸ਼ ਨਾਲ ਡਾ ਸੁਨੀਲ ਬਾਂਸਲ ਸਿਵਲ ਸਰਜਨ ਸ੍ਰੀ ਮੁਕਤਸਰ ਸਾਹਿਬ ਦੀ ਯੋਗ ਅਗਵਾਈ ਵਿਚ ਦਫ਼ਤਰ ਸਿਵਲ ਸਰਜਨ ਸ੍ਰੀ ਮੁਕਤਸਰ ਸਾਹਿਬ ਵਿਖੇ ਕੇਅਰ ਕੰਪੈਨਿਅਨ ਪ੍ਰੋਗਰਾਮ ਦੇ ਸਟੇਟ ਕੁਆਰਡੀਨੇਟਰ ਵਲੋਂ ਵਿਸ਼ੇਸ਼ ਟਰੇਨਿੰਗ ਦਾ ਆਯੋਜਨ ਕੀਤਾ ਗਿਆ ।ਇਸ ਟਰੇਨਿੰਗ ਵਿਚ ਜਿਲ੍ਹੇ ਦੀਆਂ ਸਟਾਫ ਨਰਸਾਂ ਅਤੇ ਨਰਸਿੰਗ ਸਿਸਟਰਾਂ ਨੇ ਭਾਗ ਲਿਆ। ਅਸ਼ਵਨੀ ਸ਼ਰਮਾ ਵਾਈ.ਓ.ਐਸ. ਏਡ ਇਨੋਵੇਸ਼ਨ ਫਾਊਂਡੇਸ਼ਨ ਵਲੋ ਟਰੇਨਿੰਗ ਦੌਰਾਨ ਕੇਅਰ ਕੰਪੈਨਿਅਨ ਪ੍ਰੋਗਰਾਮ ਦੇ ਉਦੇਸ਼ਾਂ, ਮਹੱਤਤਾ ਅਤੇ ਇਸ ਦੀ ਪ੍ਰਭਾਵਸ਼ਾਲੀ ਕਾਰਗੁਜ਼ਾਰੀ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਮਾਹਿਰਾਂ ਵੱਲੋਂ ਦੱਸਿਆ ਗਿਆ ਕਿ ਇਹ ਪ੍ਰੋਗਰਾਮ ਮਰੀਜ਼ਾਂ ਦੇ ਪਰਿਵਾਰਕ ਮੈਂਬਰਾਂ ਨੂੰ ਬੁਨਿਆਦੀ ਸਿਹਤ ਸੰਭਾਲ ਸਬੰਧੀ ਜਾਣਕਾਰੀ ਅਤੇ ਹੁਨਰ ਪ੍ਰਦਾਨ ਕਰਦਾ ਹੈ, ਤਾਂ ਜੋ ਉਹ ਹਸਪਤਾਲ ਅਤੇ ਘਰ ਦੋਹਾਂ ਥਾਵਾਂ ’ਤੇ ਮਰੀਜ਼ ਦੀ ਬਿਹਤਰ ਦੇਖਭਾਲ ਕਰ ਸਕਣ। ਡਾ. ਕੁਲਤਾਰ ਸਿੰਘ ਨੇ ਸੰਬੋਧਨ ਕਰਦਿਆਂ ਕਿਹਾ ਕਿ ਕੇਅਰ ਕੰਪੈਨਿਅਨ ਪ੍ਰੋਗਰਾਮ ਮਰੀਜ਼ਾਂ ਦੀ ਸਿਹਤ ਵਿੱਚ ਸੁਧਾਰ ਲਿਆਉਣ ਅਤੇ ਹਸਪਤਾਲਾਂ ਵਿੱਚ ਇਲਾਜ ਦੀ ਗੁਣਵੱਤਾ ਨੂੰ ਹੋਰ ਬਿਹਤਰ ਬਣਾਉਣ ਲਈ ਇੱਕ ਮਹੱਤਵਪੂਰਨ ਪਹਿਲ ਹੈ। ਉਨ੍ਹਾਂ ਕਿਹਾ ਕਿ ਸਟਾਫ ਨਰਸਾਂ ਅਤੇ ਨਰਸਿੰਗ ਸਿਸਟਰਾਂ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਮਰੀਜ਼ਾਂ ਦੇ ਪਰਿਵਾਰਕ ਮੈਂਬਰਾਂ ਨੂੰ ਸਹੀ ਜਾਣਕਾਰੀ ਅਤੇ ਮਾਰਗਦਰਸ਼ਨ ਪ੍ਰਦਾਨ ਕਰਨ, ਜਿਸ ਨਾਲ ਇਲਾਜ ਦੇ ਨਤੀਜੇ ਹੋਰ ਵਧੀਆ ਹੋ ਸਕਣ। ਉਨ੍ਹਾ ਟਰੇਨਿੰਗ ਦੌਰਾਨ ਨਵਜਨਮੇ ਬੱਚਿਆਂ ਦੀ ਦੇਖਭਾਲ, ਮਾਤਾ ਅਤੇ ਬੱਚੇ ਦੀ ਸਿਹਤ, ਸਫ਼ਾਈ, ਪੋਸ਼ਣ, ਛਾਤੀ ਦਾ ਦੁੱਧ ਪਿਲਾਉਣ ਦੇ ਫ਼ਾਇਦੇ, ਹੱਥਾਂ ਦੀ ਸਫ਼ਾਈ, ਸੰਕਰਮਣ ਤੋਂ ਬਚਾਅ ਅਤੇ ਮਰੀਜ਼ਾਂ ਦੀ ਘਰੇਲੂ ਸੰਭਾਲ ਸਬੰਧੀ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਇਸ ਤੋਂ ਇਲਾਵਾ ਐਮਰਜੈਂਸੀ ਸਥਿਤੀਆਂ ਵਿੱਚ ਕੀਤੇ ਜਾਣ ਵਾਲੇ ਮੁੱਢਲੇ ਉਪਚਾਰ ਬਾਰੇ ਜਾਣਕਾਰੀ ਦਿੱਤੀ ਅੰਤ ਵਿੱਚ ਉਨ੍ਹਾਂ ਸ਼ਾਮਲ ਸਟਾਫ ਨਰਸਾਂ ਅਤੇ ਨਰਸਿੰਗ ਸਿਸਟਰਾਂ ਨੇ ਇਸ ਪ੍ਰੋਗਰਾਮ ਨੂੰ ਬਹੁਤ ਹੀ ਲਾਭਦਾਇਕ ਕਰਾਰ ਦਿੰਦਿਆਂ ਕਿਹਾ ਕਿ ਇਸ ਨਾਲ ਉਨ੍ਹਾਂ ਨੂੰ ਮਰੀਜ਼ਾਂ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨੂੰ ਹੋਰ ਬਿਹਤਰ ਸੇਵਾਵਾਂ ਪ੍ਰਦਾਨ ਕਰਨ ਵਿੱਚ ਮਦਦ ਮਿਲੇਗੀ। ਇਸ ਮੌਕੇ ਸਰਬਜੀਤ ਸਿੰਘ ਸਹਾਇਕ ਸਿਵਲ ਸਰਜਨ, ਡਾ ਹਰਕੀਰਤਨ ਸਿੰਘ ਜਿਲ੍ਹਾ ਐਪੀਡੀਮੋਲੋਜਿਸਟ, ਡਾ ਰੋਬਿਨ, ਦੀਪਕ ਕੁਮਾਰ ਡੀ.ਪੀ.ਐਮ., ਪਵਿੱਤਰ ਸਿੰਘ ਐਮ.ਐਲ.ਟੀ., ਲਾਲ ਚੰਦ ਜਿਲ੍ਹਾ ਸਿਹਤ ਇੰਸਪੈਕਟਰ, ਗਗਨਦੀਪ ਕੌਰ ਬੀਸੀਸੀ ਅਤੇ ਸਟਾਫ ਹਾਜ਼ਰ ਸੀ।

# ਇਟਲੀ ਦੇ ਗੁਰਦੁਆਰਾ ਸਿੰਘ ਸਭਾ ਫਲੇਰੋ ਵਿਖੇ ਸੰਤ ਬਾਬਾ ਪ੍ਰੇਮ ਸਿੰਘ ਮੁਰਾਲੇ ਵਾਲਿਆਂ ਦੀ 76ਵੀਂ ਬਰਸੀ ਨੂੰ ਸਮਰਪਿਤ ਸਮਾਗਮ 12, 13 ਅਤੇ 14 ਜੂਨ ਨੂੰ

**ਮਿਲਾਨ (ਦਲਜੀਤ ਮੱਕੜ)** ਬ੍ਰਹਮ ਗਿਆਨੀ, ਵਿੱਦਿਆ ਦੇ ਦਾਨੀ ਅਤੇ ਮਹਾਨ ਤਪੱਸਵੀ ਸੰਤ ਬਾਬਾ ਪ੍ਰੇਮ ਸਿੰਘ ਮੁਰਾਲੇ ਵਾਲਿਆਂ ਦੀ 76 ਵੀਂ ਬਰਸੀ ਸੰਗਤਾਂ ਵੱਲੋਂ ਬਹੁਤ ਹੀ ਸ਼ਰਧਾ ਭਾਵਨਾ ਨਾਲ ਵਿਸ਼ਵ ਭਰ ਵਿੱਚ ਮਨਾਈ ਜਾ ਰਹੀ ਹੈ ਤੇ ਇਟਲੀ ਵਿੱਚ ਵੀ ਸੰਗਤਾਂ ਵੱਲੋਂ ਵੱਖ ਵੱਖ ਇਲਾਕਿਆਂ ਵਿੱਚ ਸੰਤਾਂ ਦੀ ਬਰਸੀ ਨੂੰ ਸਮਰਪਿਤ ਸਮਾਗਮ ਕਰਵਾਏ ਜਾ ਰਹੇ ਹਨ। ਜਿਸ ਤਹਿਤ ਜਿਲਾ ਬਰੇਸ਼ੀਆਂ ਦੇ ਸਭ ਤੋਂ ਪੁਰਾਣੇ ਗੁਰਦੁਆਰਾ ਸਾਹਿਬ ਗੁਰਦੁਆਰਾ ਸਿੰਘ ਸਭਾ ਫਲੇਰੋ ਵਿਖੇ ਵੀ ਬ੍ਰਹਮ ਗਿਆਨੀ ਸੰਤ ਬਾਬਾ ਪ੍ਰੇਮ ਸਿੰਘ ਮੁਰਾਲੇ ਵਾਲਿਆ ਦੀ 76ਵੀਂ ਬਰਸੀ ਨੂੰ ਸਮਰਪਿਤ ਸਮਾਗਮ 12, 13 ਅਤੇ 14 ਜੂਨ 2026 ਨੂੰ ਦਿਨ ਸ਼ੁੱਕਰਵਾਰ, ਸ਼ਨੀਵਾਰ ਤੇ ਐਤਵਾਰ ਨੂੰ ਕਰਵਾਇਆ ਜਾ ਰਿਹਾ ਹੈ। ਪੱਤਰਕਾਰ ਨਾਲ ਗੱਲਬਾਤ ਕਰਦਿਆਂ ਗੁਰਦੁਆਰਾ ਸਿੰਘ ਸਭਾ ਫਲੇਰੋ, ਸੰਤ ਬਾਬਾ ਪ੍ਰੇਮ ਸਿੰਘ ਯਾਦਗਾਰ ਕਮੇਟੀ ਫਲੇਰੋ, ਨੌਜਵਾਨ ਸਿੰਘ ਸਭਾ ਫਲੇਰੋ ਦੀ ਪ੍ਰਬੰਧਕ ਕਮੇਟੀ ਨੇ ਦੱਸਿਆ ਸੰਤ ਬਾਬਾ ਪ੍ਰੇਮ ਸਿੰਘ ਮੁਰਾਲੇ ਵਾਲਿਆਂ ਨੇ ਸਿੱਖੀ ਦੀ ਚੜ੍ਹਦੀ ਕਲਾ ਲਈ ਤੇ ਸੰਗਤਾਂ ਦੇ ਭਲੇ ਲਈ ਅਨੇਕਾਂ ਕਾਰਜਾਂ ਨੂੰ ਅੰਜਾਮ ਦਿੱਤਾ। ਸਕੂਲ, ਕਾਲਜ ਦੇ ਨਾਲ-ਨਾਲ ਗੁਰਦੁਆਰਾ ਸਾਹਿਬ ਦੀ ਸਥਾਪਨਾ ਵੀ ਕਰਵਾਈ। ਉਹਨਾਂ ਦਾ ਸਾਰਾ ਜੀਵਨ ਸੰਗਤਾਂ ਲਈ ਪ੍ਰੇਰਨਾ ਸ੍ਰੋਤ ਹੈ। ਉਹਨਾਂ ਦੀ 76ਵੀਂ ਬਰਸੀ ਨੂੰ ਸਮਰਪਿਤ ਕਰਵਾਏ ਜਾ ਰਹੇ 12, 13 ਅਤੇ 14 ਜੂਨ ਨੂੰ ਗੁਰਮਤਿ ਸਮਾਗਮ ਦੇ ਦੀਵਾਨਾਂ ਵਿੱਚ ਪੰਥ ਦੇ ਪ੍ਰਸਿੱਧ ਰਾਗੀ, ਢਾਡੀ, ਕੀਰਤਨੀਏ ਤੇ ਕਥਾ ਵਾਚਕ ਸੰਗਤਾਂ ਨੂੰ ਸੰਤ ਬਾਬਾ ਪ੍ਰੇਮ ਸਿੰਘ ਮੁਰਾਲੇ ਜੀ ਜੀਵਨ ਫਲਸਫ਼ੇ ਤੋਂ ਵਿਸਥਾਰ ਪੂਰਵਕ ਜਾਣੂ ਕਰਵਾਉਣਗੇ। ਉਹਨਾਂ ਦੱਸਿਆਂ ਕਿ ਹਰ ਸਾਲ ਦੀ ਤਰਾਂ ਬਰਸੀ ਖੁੱਲੇ ਪੰਡਾਲ ਵਿੱਚ ਕਰਵਾਏ ਜਾ ਰਹੇ ਹਨ ।ਪ੍ਰਬੰਧਕਾਂ ਵੱਲੋਂ ਜਾਣਕਾਰੀ ਦਿੱਤੀ ਕਿ ਸੰਤ ਬਾਬਾ ਪ੍ਰੇਮ ਸਿੰਘ ਜੀ ਦੀ ਬਰਸੀ ਨੂੰ ਮੁੱਖ ਰੱਖਦਿਆਂ ਗਰਦੁਆਰਾ ਸਾਹਿਬ ਵਿਖੇ ਅੰਮ੍ਰਿਤ ਸੰਚਾਰ 13 ਜੂਨ ਨੂੰ ਹੋਵੇਗਾ। ਕਕਾਰ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਵੱਲੋਂ ਫਰੀ ਦਿੱਤੇ ਜਾਣਗੇ। ਉਹਨਾਂ ਇਹ ਵੀ ਕਿਹਾ ਕਿ ਬੱਚਿਆਂ ਦੇ ਗੁਰਮਤਿ ਗਿਆਨ ਮੁਕਾਬਲੇ ਅਤੇ ਦਸਤਾਰ, ਦੁਮਾਲਾ ਮੁਕਾਬਲੇ ਵੀ ਹੋ ਰਹੇ ਹਨ। ਪ੍ਰਬੰਧਕਾਂ ਵੱਲੋਂ ਸੰਗਤਾਂ ਨੂੰ ਅਪੀਲ ਕੀਤੀ ਕਿ ਤਿੰਨੇ ਦਿਨ ਗੁਰੂ ਘਰ ਵਿਖੇ ਪੁੱਜ ਕੇ ਮਹਾਂਪੁਰਸ਼ਾਂ ਨੂੰ ਸ਼ਰਧਾ ਦੇ ਫੁੱਲ ਭੇਂਟ ਕਰੀਏ ਅਤੇ ਗੁਰਬਾਣੀ ਸੁਣ ਕੇ ਜੀਵਨ ਸਫਲਾ ਕਰੀਏ ।ਉਹਨਾਂ ਕਿਹਾ ਕਿ ਯੂਰਪ ਵਿੱਚ ਵੱਸਦੀਆਂ ਸੰਗਤਾਂ ਬਰਸੀ ਮੌਕੇ ਇਸ ਅਸਥਾਨ ਤੇ ਆਪਣੇ ਬੱਚਿਆਂ ਨੂੰ ਵੀ ਨਾਲ ਲੈ ਕੇ ਆਉਣ, ਤਾਂ ਜੋ ਨਵੀਂ ਪੀੜ੍ਹੀ ਨੂੰ ਵੀ ਸੰਤ ਬਾਬਾ ਪ੍ਰੇਮ ਸਿੰਘ ਜੀ ਦੇ ਇਤਿਹਾਸ ਬਾਰੇ ਪੂਰੀ ਜਾਣਕਾਰੀ ਮਿਲ ਸਕੇ ਅਤੇ ਗੁਰਮਤਿ ਗਿਆਨ ਮੁਕਾਬਲੇ ਅਤੇ ਦਸਤਾਰ, ਦੁਮਾਲਾ ਮੁਕਾਬਲੇ ਵਿੱਚ ਵੀ ਭਾਗ ਲੈਣ।

# ਇਟਲੀ ਦੀ ਰਾਜਧਾਨੀ ਰੋਮ ਦੇ ਗੁਰਦੁਆਰਾ ਸਾਹਿਬ ਵਿਖੇ ਸ਼ਰਧਾ ਨਾਲ ਮਨਾਈ ਗਈ ਸੰਤ ਬਾਬਾ ਪ੍ਰੇਮ ਸਿੰਘ ਮੁਰਾਲੇ ਵਾਲਿਆਂ ਦੀ 76ਵੀਂ ਬਰਸੀ







**ਮਿਲਾਨ, 10 ਜੂਨ (ਦਲਜੀਤ ਮੱਕੜ)** ਬ੍ਰਹਮ ਗਿਆਨੀ ਸੰਤ ਬਾਬਾ ਪ੍ਰੇਮ ਸਿੰਘ ਮੁਰਾਲੇ ਵਾਲਿਆ ਦੀ ਬਰਸੀ ਨੂੰ ਸਮਰਪਿਤ ਇਟਲੀ ਦੇ ਵੱਖ ਵੱਖ ਗੁਰਦੁਆਰਾ ਸਾਹਿਬ ਵਿਖੇ ਸਮਾਗਮ ਕਰਵਾਏ ਜਾ ਰਹੇ ਹਨ। ਇਸੇ ਤਹਿਤ ਇਟਲੀ ਦੀ ਰਾਜਧਾਨੀ ਰੋਮ ਦੇ ਗੁਰਦੁਆਰਾ ਸ਼੍ਰੀ ਗੁਰੂ ਨਾਨਕ ਦਰਬਾਰ ਵਿਖੇ ਸੰਤ ਬਾਬਾ ਪ੍ਰੇਮ ਸਿੰਘ ਮੁਰਾਲੇ ਵਾਲਿਆ ਦੀ 76 ਵੀਂ ਬਰਸੀ ਨੂੰ ਸਮਰਪਿਤ ਸਮਾਗਮ ਕਰਵਾਇਆ। ਐਤਵਾਰ ਨੂੰ ਸ਼੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਉਪਰੰਤ ਕਵੀਸ਼ਰੀ ਜੱਥਾ ਭਾਈ ਸਰਬਜੀਤ ਸਿੰਘ ਮਾਨਕਪੁਰੀ ਅਤੇ ਸਾਥੀਆਂ ਦੁਆਰਾ ਸੰਗਤਾਂ ਨੂੰ ਕਵੀਸ਼ਰੀ ਵਾਰਾਂ ਨਾਲ ਸੰਤ ਬਾਬਾ ਪ੍ਰੇਮ ਸਿੰਘ ਮੁਰਾਲੇ ਜੀ ਜੀਵਨ ਫਲਸਫ਼ੇ ਤੋਂ ਵਿਸਥਾਰ ਪੂਰਵਕ ਜਾਣੂ ਕਰਵਾਇਆ ਅਤੇ ਉਹਨਾ ਦੁਆਰਾ ਦਰਸਾਏ ਮਾਰਗ ਤੇ ਚੱਲਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸਮਾਗਮ ਦੀ ਸੇਵਾ ਲੈਣ ਵਾਲੇ ਪਰਿਵਾਰਾਂ ਦੁਆਰਾ ਗੁਰਦੁਆਰਾ ਸਾਹਿਬ ਵਿਖੇ ਕੀਰਤਨ ਦੀ ਸਿਖਲਾਈ ਪ੍ਰਾਪਤ ਕਰ ਰਹੇ ਬੱਚਿਆਂ ਨੂੰ ਯਾਦਗਾਰੀ ਚਿੰਨ ਭੇਂਟ ਕੀਤੇ। ਇਸ ਮੌਕੇ ਸੰਗਤਾਂ ਲਈ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ। ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਭਾਈ ਰਸ਼ਪਾਲ ਸਿੰਘ ਸਮਰਾ ਅਤੇ ਹੋਰਨਾਂ ਵੱਲੋਂ ਸਮਾਗਮ ਲਈ ਸੇਵਾਵਾਂ ਨਿਭਾਉਣ ਵਾਲੇ ਪਰਿਵਾਰਾਂ ਨੂੰ ਸਿਰੋਪਾਓ ਦੇ ਨਾਲ ਸਨਮਾਨਤ ਕੀਤਾ ਗਿਆ ਉਹਨਾਂ ਕਿਹਾ ਕਿ ਸੰਤ ਬਾਬਾ ਪ੍ਰੇਮ ਸਿੰਘ ਮੁਰਾਲੇ ਵਾਲਿਆ ਨੇ ਸਿੱਖੀ ਦੀ ਚੜ੍ਹਦੀ ਕਲਾ ਲਈ ਤੇ ਸੰਗਤਾਂ ਦੇ ਭਲੇ ਲਈ ਅਨੇਕਾਂ ਕਾਰਜ ਕੀਤੇ ਹਨ। ਸਕੂਲ, ਕਾਲਜ ਦੇ ਨਾਲ-ਨਾਲ ਗੁਰਦੁਆਰਾ ਸਾਹਿਬ ਸਥਾਪਿਤ ਕੀਤੇ। ਉਨ੍ਹਾਂ ਦਾ ਸਾਰਾ ਜੀਵਨ ਸੰਗਤਾਂ ਲਈ ਪ੍ਰੇਰਨਾ ਸ੍ਰੋਤ ਹੈ।

# ਖੱਤਰੀ ਸਭਾ ਦੀ ਹੋਈ ਮੀਟਿੰਗ, ਲਏ ਕਈ ਅਹਿਮ ਫੈਸਲੇ



**ਨਾਭਾ 10 ਜੂਨ (ਬਲਜਿੰਦਰ ਮਾਨ)** ਰਿਆਸਤੀ ਸ਼ਹਿਰ ਨਾਭਾ ਵਿਖੇ ਖੱਤਰੀ ਸਭਾ ਦੀ ਮਹੀਨਾਵਾਰ ਮੀਟਿੰਗ ਪ੍ਰਧਾਨ ਰਵੀ ਬੱਤਾ ਦੀ ਅਗਵਾਈ ਚ ਇੱਕ ਨਿੱਜੀ ਹੋਟਲ ਵਿੱਚ ਹੋਈ। ਇਸ ਮੌਕੇ ਵੱਡੀ ਗਿਣਤੀ ਵਿੱਚ ਖੱਤਰੀ ਪਰਿਵਾਰਾਂ ਅਤੇ ਸਭਾ ਦੇ ਮੈਂਬਰਾਂ ਨੇ ਸ਼ਮੂਲੀਅਤ ਕੀਤੀ। ਖੱਤਰੀ ਸਭਾ ਵੱਲੋਂ ਆਉਣ ਵਾਲੇ ਸਮੇਂ ਵਿੱਚ ਸਮਾਜ ਲਈ ਕੀਤੇ ਜਾਣ ਵਾਲੇ ਸਮਾਜਿਕ ਕੰਮਾਂ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ। ਖੱਤਰੀ ਸਭਾ ਦੇ ਸਾਰੇ ਅਹੁਦੇਦਾਰਾਂ ਨੇ ਇੱਕਜੁੱਟ ਹੋ ਕੇ ਆਉਣ ਵਾਲੇ ਪ੍ਰੋਜੈਕਟ ਨੂੰ ਪ੍ਰਵਾਨਗੀ ਦਿੱਤੀ। ਇਸ ਮੌਕੇ ਪ੍ਰਧਾਨ ਰਵੀ ਬੱਤਾ ਨੇ ਸਮੂਹ ਖੱਤਰੀ ਸਭਾ ਮੈਂਬਰਾਂ ਦਾ ਮੀਟਿੰਗ ਵਿੱਚ ਆਉਣ ਲਈ ਧੰਨਵਾਦ ਕੀਤਾ। ਅਤੇ ਵਿਸ਼ਵਾਸ ਦਵਾਇਆ ਕਿ ਖੱਤਰੀ ਪਰਿਵਾਰ ਹਰ ਇੱਕ ਦੇ ਦੁੱਖ-ਸੁੱਖ ਵਿੱਚ ਮੋਢੇ ਨਾਲ ਮੋਢਾ ਜੋੜ ਕੇ ਖੜੇ ਹਨ ਅਤੇ ਜੇਕਰ ਕਿਸੇ ਵੀ ਪਰਿਵਾਰ ਨੂੰ ਕਿਸੇ ਵੀ ਤਰ੍ਹਾਂ ਦੀ ਕੋਈ ਸਮੱਸਿਆ ਹੋਈ ਤਾਂ ਉਹ ਮੀਟਿੰਗ ਵਿੱਚ ਵਿਚਾਰ ਕਰ ਸਕਦੇ ਹਨ ਅਤੇ ਸਾਰੇ ਪਰਿਵਾਰ ਇੱਕਜੁੱਟ ਹੋ ਕੇ ਇਸ ਦੇ ਹੱਲ ਲਈ ਅੱਗੇ ਆਉਣਗੇ। ਇਸ ਮੌਕੇ ਉਨ੍ਹਾਂ ਸਭਾ ਵੱਲੋਂ ਕੀਤੇ ਜਾਣ ਵਾਲੇ ਸਮਾਜ ਸੇਵੀ ਕੰਮਾਂ ਬਾਰੇ ਵਿਸਥਾਰ ਵਿੱਚ ਚਰਚਾ ਕੀਤੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪ੍ਰਧਾਨ ਰਵੀ ਬੱਤਾ, ਦੀਪਕ ਜੰਡ, ਰਾਮ ਕੁਮਾਰ ਧੀਰ, ਸੁਰਿੰਦਰ ਸੋਫਤ, ਵਿਵੇਕ ਖੰਨਾ, ਮੋਨੂੰ ਡੱਲਾ, ਗੌਰਵ ਜਲੋਟਾ, ਵਿਨੋਦ ਮਹਿਤਾ, ਬਲਜਿੰਦਰ ਅਰੋੜਾ, ਵਾਲੀਆ ਜੀ, ਕਮਲ ਕਪੂਰ ਆਦਿ ਹਾਜ਼ਰ ਸਨ।

# ਮੋਬਾਈਲ ਸਕ੍ਰੀਨਾਂ ਦੇ ਦੌਰ ’ਚ ਦੇਸ਼-ਭਗਤੀ ਦਾ ਅਸਲ ਹੀਰੋ: ਫ਼ੌਜੀ ਟਰੇਨਿੰਗ ਪੂਰੀ ਕਰਕੇ ਪਰਤੇ ਹੁਸਨਪ੍ਰੀਤ ਦਾ ਪਿੰਡ ਘਾਬਦਾ ਨੇ ਕੀਤਾ ਸ਼ਾਨਦਾਰ ਸਵਾਗਤ





**ਭਵਾਨੀਗੜ੍ਹ, 10 ਜੂਨ (ਰਾਜ ਖੁਰਮੀ)** ਅੱਜ ਦੇ ਸਮੇਂ ਵਿੱਚ ਜਿੱਥੇ ਨੌਜਵਾਨ ਪੀੜ੍ਹੀ ਦਾ ਵੱਡਾ ਹਿੱਸਾ ਮੋਬਾਈਲ ਸਕ੍ਰੀਨਾਂ ਅਤੇ ਸੋਸ਼ਲ ਮੀਡੀਆ ਦੀ ਦੁਨੀਆ ਵਿੱਚ ਰੁੱਝਿਆ ਨਜ਼ਰ ਆਉਂਦਾ ਹੈ, ਉੱਥੇ ਸੰਗਰੂਰ ਜ਼ਿਲ੍ਹੇ ਦੇ ਪਿੰਡ ਘਾਬਦਾ ਦੇ ਇੱਕ ਨੌਜਵਾਨ ਨੇ ਦੇਸ਼-ਸੇਵਾ, ਅਨੁਸ਼ਾਸਨ ਅਤੇ ਮਿਹਨਤ ਦੀ ਅਜਿਹੀ ਮਿਸਾਲ ਪੇਸ਼ ਕੀਤੀ ਹੈ, ਜਿਸ ਨੇ ਪੂਰੇ ਇਲਾਕੇ ਦਾ ਮਾਣ ਵਧਾ ਦਿੱਤਾ ਹੈ। ਪਿੰਡ ਦੇ ਹੋਣਹਾਰ ਨੌਜਵਾਨ ਹੁਸਨਪ੍ਰੀਤ ਸਿੰਘ ਵੱਲੋਂ ਭਾਰਤੀ ਫ਼ੌਜ ਦੀ ਮੁੱਢਲੀ ਅਤੇ ਸਖ਼ਤ ਟਰੇਨਿੰਗ ਸਫ਼ਲਤਾਪੂਰਵਕ ਪੂਰੀ ਕਰਨ ਉਪਰੰਤ ਜਦੋਂ ਉਹ ਪਹਿਲੀ ਵਾਰ ਆਪਣੇ ਜੱਦੀ ਪਿੰਡ ਪਰਤਿਆ ਤਾਂ ਪੂਰੇ ਪਿੰਡ ਨੇ ਉਸ ਦਾ ਨਿੱਘਾ ਅਤੇ ਯਾਦਗਾਰੀ ਸਵਾਗਤ ਕੀਤਾ। ਇਹ ਮੌਕਾ ਸਿਰਫ਼ ਇੱਕ ਨੌਜਵਾਨ ਦੀ ਕਾਮਯਾਬੀ ਦਾ ਜਸ਼ਨ ਨਹੀਂ ਸੀ, ਸਗੋਂ ਨੌਜਵਾਨਾਂ ਨੂੰ ਨਸ਼ਿਆਂ ਅਤੇ ਭਟਕਾਵੇ ਤੋਂ ਦੂਰ ਰਹਿ ਕੇ ਦੇਸ਼-ਸੇਵਾ ਅਤੇ ਖੇਡਾਂ ਵੱਲ ਪ੍ਰੇਰਿਤ ਕਰਨ ਵਾਲਾ ਸੁਨੇਹਾ ਵੀ ਸੀ।

**ਗੁਰੂ ਚਰਨਾਂ ਵਿੱਚ ਕੀਤਾ ਸ਼ੁਕਰਾਨਾ-** ਜਵਾਨ ਦੀ ਇਸ ਉਪਲਬਧੀ ਨੂੰ ਪਰਿਵਾਰ ਅਤੇ ਪਿੰਡ ਵਾਸੀਆਂ ਨੇ ਵਾਹਿਗੁਰੂ ਦੀ ਬਖ਼ਸ਼ਿਸ਼ ਮੰਨਦਿਆਂ ਉਸ ਦੇ ਗ੍ਰਹਿ ਵਿਖੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਕਰਵਾਏ। ਸਮਾਗਮ ਦੌਰਾਨ ਗੁਰੂ ਘਰ ਵਿੱਚ ਅਰਦਾਸ ਕਰਕੇ ਹੁਸਨਪ੍ਰੀਤ ਸਿੰਘ ਦੀ ਚੜ੍ਹਦੀ ਕਲਾ, ਲੰਮੀ ਉਮਰ ਅਤੇ ਦੇਸ਼ ਦੀ ਸੇਵਾ ਲਈ ਸੁਨਹਿਰੇ ਭਵਿੱਖ ਦੀ ਕਾਮਨਾ ਕੀਤੀ ਗਈ। ਇਸ ਮੌਕੇ ਪੰਜਾਬ ਇਨਫੋਟੈਕ ਦੇ ਚੇਅਰਮੈਨ ਡਾ. ਗੁਨਿੰਦਰਜੀਤ ਸਿੰਘ ਮਿੰਕੂ ਜਵੰਧਾ ਵਿਸ਼ੇਸ਼ ਤੌਰ ’ਤੇ ਪਹੁੰਚੇ। ਉਨ੍ਹਾਂ ਨੇ ਗੁਰੂ ਚਰਨਾਂ ਵਿੱਚ ਨਤਮਸਤਕ ਹੋ ਕੇ ਜਵਾਨ ਨੂੰ ਸ਼ੁਭਕਾਮਨਾਵਾਂ ਦਿੱਤੀਆਂ। ਭੋਗ ਉਪਰੰਤ ਗ੍ਰਾਮ ਪੰਚਾਇਤ ਅਤੇ ਪਿੰਡ ਦੇ ਪਤਵੰਤਿਆਂ ਵੱਲੋਂ ਹੁਸਨਪ੍ਰੀਤ ਸਿੰਘ ਨੂੰ ਸਿਰੋਪਾਓ ਅਤੇ ਸਨਮਾਨ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ ਗਿਆ।

**ਕੋਚ ਲਖਵਿੰਦਰ ਲੱਖੀ ਨੂੰ ਵੀ ਮਿਲਿਆ ਮਾਣ-** ਸਮਾਗਮ ਦੀ ਖਾਸ ਗੱਲ ਇਹ ਰਹੀ ਕਿ ਇੱਥੇ ਸਿਰਫ਼ ਜਵਾਨ ਦੀ ਪ੍ਰਾਪਤੀ ਦਾ ਹੀ ਜਸ਼ਨ ਨਹੀਂ ਮਨਾਇਆ ਗਿਆ, ਸਗੋਂ ਉਸ ਦੇ ਪਿੱਛੇ ਖੜ੍ਹੇ ਮਾਰਗਦਰਸ਼ਕ ਨੂੰ ਵੀ ਬਣਦਾ ਸਨਮਾਨ ਦਿੱਤਾ ਗਿਆ। ਪਿੰਡ ਅਤੇ ਇਲਾਕੇ ਦੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖ ਕੇ ਫ਼ੌਜ ਅਤੇ ਖੇਡਾਂ ਲਈ ਤਿਆਰ ਕਰਨ ਵਾਲੇ ਪ੍ਰਸਿੱਧ ਕੋਚ ਲਖਵਿੰਦਰ ਲੱਖੀ ਨੂੰ ਵੀ ਉਨ੍ਹਾਂ ਦੀਆਂ ਨਿਸ਼ਕਾਮ ਸੇਵਾਵਾਂ ਲਈ ਵਿਸ਼ੇਸ਼ ਤੌਰ ’ਤੇ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਆਪਣੇ ਸੰਬੋਧਨ ਦੌਰਾਨ ਡਾ. ਮਿੰਕੂ ਜਵੰਧਾ ਨੇ ਕਿਹਾ ਕਿ ਭਾਰਤੀ ਫ਼ੌਜ ਦਾ ਹਿੱਸਾ ਬਣਨਾ ਹਰ ਪਰਿਵਾਰ ਲਈ ਮਾਣ ਅਤੇ ਸੁਭਾਗ ਦੀ ਗੱਲ ਹੈ। ਉਨ੍ਹਾਂ ਕਿਹਾ ਕਿ ਹੁਸਨਪ੍ਰੀਤ ਸਿੰਘ ਦੀ ਇਹ ਪ੍ਰਾਪਤੀ ਨਾ ਸਿਰਫ਼ ਪਿੰਡ ਘਾਬਦਾ, ਸਗੋਂ ਪੂਰੇ ਸੰਗਰੂਰ ਜ਼ਿਲ੍ਹੇ ਲਈ ਮਾਣ ਵਾਲੀ ਗੱਲ ਹੈ। ਉਨ੍ਹਾਂ ਆਖਿਆ ਕਿ ਹੁਸਨਪ੍ਰੀਤ ਵਰਗੇ ਜਵਾਨ ਅਤੇ ਉਨ੍ਹਾਂ ਨੂੰ ਤਿਆਰ ਕਰਨ ਵਾਲੇ ਕੋਚ ਲਖਵਿੰਦਰ ਲੱਖੀ ਅੱਜ ਦੀ ਨੌਜਵਾਨ ਪੀੜ੍ਹੀ ਲਈ ਪ੍ਰੇਰਣਾ ਸਰੋਤ ਹਨ।

**ਨੌਜਵਾਨਾਂ ਲਈ ਬਣਿਆ ਪ੍ਰੇਰਣਾ ਦਾ ਕੇਂਦਰ-** ਸਮਾਗਮ ਦੌਰਾਨ ਪੂਰਾ ਪਿੰਡ ਇੱਕ ਮੰਚ ’ਤੇ ਇਕੱਠਾ ਨਜ਼ਰ ਆਇਆ। ਮੌਜੂਦਾ ਸਰਪੰਚ ਸਤਨਾਮ ਸਿੰਘ, ਸਾਬਕਾ ਸਰਪੰਚ ਅਮਰਜੀਤ ਸਿੰਘ, ਗੁਰੂ ਘਰ ਦੇ ਪ੍ਰਧਾਨ ਸੁੱਖਦੇਵ ਸਿੰਘ ਨੰਬਰਦਾਰ, ਸਮੁੱਚੀ ਗ੍ਰਾਮ ਪੰਚਾਇਤ, ਵੱਖ-ਵੱਖ ਜਥੇਬੰਦੀਆਂ ਦੇ ਆਗੂਆਂ ਅਤੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀਆਂ ਨੇ ਹਾਜ਼ਰੀ ਭਰੀ।

ਸਮਾਗਮ ਦੇ ਅੰਤ ਵਿੱਚ ਜਵਾਨ ਦੇ ਪਰਿਵਾਰ ਵੱਲੋਂ ਡਾ. ਮਿੰਕੂ ਜਵੰਧਾ ਅਤੇ ਸਮੂਹ ਹਾਜ਼ਰ ਸੰਗਤ ਦਾ ਧੰਨਵਾਦ ਕੀਤਾ ਗਿਆ। ਪਿੰਡ ਵਾਸੀਆਂ ਦਾ ਕਹਿਣਾ ਸੀ ਕਿ ਹੁਸਨਪ੍ਰੀਤ ਸਿੰਘ ਦੀ ਇਹ ਉਪਲਬਧੀ ਆਉਣ ਵਾਲੇ ਸਮੇਂ ਵਿੱਚ ਹੋਰ ਨੌਜਵਾਨਾਂ ਨੂੰ ਵੀ ਫ਼ੌਜ ਅਤੇ ਖੇਡਾਂ ਦੇ ਖੇਤਰ ਵਿੱਚ ਅੱਗੇ ਵਧਣ ਲਈ ਪ੍ਰੇਰਿਤ ਕਰੇਗੀ।

**ਖਾਸ ਗੱਲ:** ਜਦੋਂ ਪੰਜਾਬ ਨਸ਼ਿਆਂ ਖ਼ਿਲਾਫ਼ ਜੰਗ ਲੜ ਰਿਹਾ ਹੈ, ਉਸ ਵੇਲੇ ਘਾਬਦਾ ਪਿੰਡ ਦਾ ਇਹ ਸਮਾਗਮ ਇੱਕ ਅਜਿਹਾ ਸੁਨੇਹਾ ਦੇ ਗਿਆ ਕਿ ਜੇਕਰ ਨੌਜਵਾਨਾਂ ਨੂੰ ਸਹੀ ਦਿਸ਼ਾ, ਮਿਹਨਤ ਅਤੇ ਯੋਗ ਮਾਰਗਦਰਸ਼ਨ ਮਿਲੇ ਤਾਂ ਉਹ ਦੇਸ਼ ਦੀ ਸ਼ਾਨ ਬਣ ਸਕਦੇ ਹਨ।

# ਮਨੀਰ ਅਹਿਮਦ ਆਲ ਇੰਡੀਆ ਮੁਸਲਿਮ ਬੋਰਡ ਜਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਚੈਅਰਮੈਨ ਨਿਯੁਕਤ



**ਗਿੱਦੜਬਾਹਾ, 10 ਜੂਨ (ਕੁਲਭੂਸ਼ਨ ਗਰਗ)** ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਮਨੀਰ ਅਹਿਮਦ ਨੂੰ ਆਲ ਇੰਡੀਆ ਮੁਸਲਿਮ ਬੋਰਡ ਜਿਲ੍ਹਾ ਸ੍ਰੀ ਮੁਕਤਸਰ ਸਾਹਿਬ ਦਾ ਚੈਅਰਮੈਨ ਨਿਯੁਕਤ ਕੀਤਾ ਹੈ। ਮਨੀਰ ਅਹਿਮਦ ਦੀ ਇਸ ਨਿਯੁਕਤੀ ਦਾ ਸਵਾਗਤ ਕਰਦਿਆਂ ਡਾਕਟਰ ਤਨਵੀਰ, ਮੁਹੰਮਦ ਸਲੀਮ, ਮੌਲਾਨਾ ਮੁਹੰਮਦ ਸ਼ਮਸ਼ੂਦੀਨ, ਮੁਹੰਮਦ ਸ਼ਹਿਜ਼ਾਦ, ਕੇਵਲ ਖਾਨ, ਅਮਨ ਖਾਨ, ਬਲਵੀਰ ਖਾਨ, ਡਾਕਟਰ ਸਰਾਜ ਅਤੇ ਅਬਦੁਲ ਬਸ਼ੀਰ ਵੱਲੋਂ ਮਨੀਰ ਅਹਿਮਦ ਨੂੰ ਆਲ ਇੰਡੀਆ ਮੁਸਲਿਮ ਬੋਰਡ ਜਿਲ੍ਹਾ ਸ੍ਰੀ ਮੁਕਤਸਰ ਸਾਹਿਬ ਦਾ ਚੈਅਰਮੈਨ ਬਣਨ ਤੇ ਵਧਾਈ ਦਿੰਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕੀਤਾ ਗਿਆ। ਉੱਧਰ ਨਵ ਨਿਯੁਕਤ ਚੇਅਰਮੈਨ ਮਨੀਰ ਅਹਿਮਦ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਮੁਸਲਿਮ ਭਾਈਚਾਰੇ ਦੀਆਂ ਮੁਸ਼ਕਿਲਾਂ ਦੇ ਹੱਲ ਲਈ ਹਮੇਸ਼ਾਂ ਤਤਪਰ ਰਹਿਣਗੇ ਅਤੇ ਆਪਣਾ ਕੰਮ ਪੂਰੀ ਇਮਾਨਦਾਰੀ ਨਾਲ ਕਰਨਗੇ।

# ਸੀ.ਐਚ.ਸੀ. ਲੰਬੀ ਨੂੰ ਮਿਲੇ ਨਵੇਂ ਬਾਲ ਰੋਗ ਮਾਹਿਰ, ਲੋਕਾਂ ਨੂੰ ਮਿਲਣਗੀਆਂ ਬਿਹਤਰ ਸਿਹਤ ਸੇਵਾਵਾਂ



**ਸ੍ਰੀ ਮੁਕਤਸਰ ਸਾਹਿਬ, 10 ਜੂਨ (ਮਾਲਵਾ ਬਾਣੀ)** ਪੰਜਾਬ ਸਰਕਾਰ ਵੱਲੋਂ ਸਿਹਤ ਸੇਵਾਵਾਂ ਨੂੰ ਹੋਰ ਮਜ਼ਬੂਤ ਬਣਾਉਣ ਦੇ ਉਦੇਸ਼ ਨਾਲ ਅੱਜ ਸੀ.ਐਚ.ਸੀ. ਲੰਬੀ ਲਈ ਮਾਨਯੋਗ ਸਿਵਲ ਸਰਜਨ ਡਾ. ਸੁਨੀਲ ਕੁਮਾਰ ਬਾਂਸਲ ਵੱਲੋਂ ਡਾ. ਰਜਤ ਸਿੰਗਲਾ, ਸਪੈਸ਼ਲਿਸਟ ਪੀਡੀਆਟਰੀਸ਼ਨ (ਬਾਲ ਰੋਗ ਮਾਹਿਰ), ਨੂੰ ਨਿਯੁਕਤੀ ਪੱਤਰ ਸੌਂਪਿਆ ਗਿਆ। ਇਸ ਮੌਕੇ ਡਾ. ਸੁਨੀਲ ਕੁਮਾਰ ਬਾਂਸਲ ਨੇ ਕਿਹਾ ਕਿ ਡਾ. ਰਜਤ ਸਿੰਗਲਾ ਦੀ ਨਿਯੁਕਤੀ ਨਾਲ ਖੇਤਰ ਦੇ ਬੱਚਿਆਂ ਨੂੰ ਮਾਹਿਰ ਡਾਕਟਰੀ ਸੇਵਾਵਾਂ ਸਥਾਨਕ ਪੱਧਰ ’ਤੇ ਉਪਲਬਧ ਹੋਣਗੀਆਂ। ਇਸ ਨਾਲ ਮਰੀਜ਼ਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਦੂਰ-ਦੁਰਾਡੇ ਹਸਪਤਾਲਾਂ ਵਿੱਚ ਜਾਣ ਦੀ ਲੋੜ ਘੱਟ ਪਵੇਗੀ ਅਤੇ ਸਮੇਂ ਸਿਰ ਇਲਾਜ ਮਿਲ ਸਕੇਗਾ। ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਦਾ ਮੁੱਖ ਉਦੇਸ਼ ਲੋਕਾਂ ਤੱਕ ਗੁਣਵੱਤਾ ਭਰੀਆਂ ਸਿਹਤ ਸੇਵਾਵਾਂ ਪਹੁੰਚਾਉਣਾ ਹੈ ਅਤੇ ਇਸ ਦਿਸ਼ਾ ਵਿੱਚ ਮਾਹਿਰ ਡਾਕਟਰਾਂ ਦੀ ਤਾਇਨਾਤੀ ਇੱਕ ਮਹੱਤਵਪੂਰਨ ਕਦਮ ਹੈ। ਡਾ. ਰਜਤ ਸਿੰਗਲਾ ਨੇ ਆਪਣੀ ਨਿਯੁਕਤੀ ਲਈ ਸਿਹਤ ਵਿਭਾਗ ਦਾ ਧੰਨਵਾਦ ਕਰਦਿਆਂ ਭਰੋਸਾ ਦਿੱਤਾ ਕਿ ਉਹ ਆਪਣੀਆਂ ਸੇਵਾਵਾਂ ਪੂਰੀ ਨਿਸ਼ਠਾ ਅਤੇ ਸਮਰਪਣ ਨਾਲ ਨਿਭਾਉਣਗੇ ਅਤੇ ਖੇਤਰ ਦੇ ਬੱਚਿਆਂ ਦੀ ਸਿਹਤ ਸੰਭਾਲ ਲਈ ਹਰ ਸੰਭਵ ਯਤਨ ਕਰਨਗੇ। ਇਸ ਮੌਕੇ ਡਾਕਟਰ ਕੁਲਤਾਰ ਸਿੰਘ, ਡਾ ਸਰਬਜੀਤ ਸਿੰਘ, ਡਾਕਟਰ ਰੋਬਿਨ, ਪਵਿੱਤਰ ਸਿੰਘ ਐਮ ਐਲ ਟੀ, ਲੱਕੀ ਕਲਰਕ, ਗੁਰਚਰਨ ਸਿੰਘ ਫਾਰਮਾਸਿਸਟ ਹਾਜਰ ਸਨ।